ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 130
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 12 May, 2026) ਮੰਗਲਵਾਰ, 12 ਮਈ, 2026, 29 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਅਦਾਰਾ
ਚੜ੍ਹਦੀਕਲਾ
ਵੱਲੋਂ
ਸਰਹਿੰਦ ਫ਼ਤਹਿ ਦਿਵਸ ਦੀਆਂ
ਲੱਖ-ਲੱਖ ਵਧਾਈਆਂ

ਸੋਮਨਾਥ ਮੰਦਰ ਦੇ ਪੁਨਰ ਨਿਰਮਾਣ ਦੀ 75ਵੀਂ ਵਰ੍ਹੇਗੰਢ 'ਤੇ ਸਮਾਗਮ 'ਚ ਪ੍ਰਧਾਨ ਮੰਤਰੀ ਵੱਲੋਂ ਸ਼ਿਰਕਤ

ਦੇਸ਼ ਦੇ ਅਕਸ ਨੂੰ ਢਾਹ ਲਾ ਰਹੀਆਂ ਨੇ ਤੁਸ਼ਟੀਕਰਨ ਵਾਲੀਆਂ ਸ਼ਕਤੀਆਂ: ਮੋਦੀ

ਯਾਦਗਾਰੀ ਡਾਕ ਟਿਕਟ ਅਤੇ ਸਿੱਕਾ ਕੀਤਾ ਜਾਰੀ

ਚੜ੍ਹਦੀਕਲਾ ਬਿਊਰੋ

ਸੋਮਨਾਥ, 11 ਮਈ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਸੋਮਨਾਥ ਮੰਦਰ ਵਿੱਚ 'ਮਹਾ ਪੂਜਾ' ਅਤੇ ਹੋਰ ਰਸਮਾਂ ਨਿਭਾਈਆਂ। ਇਹ ਰਸਮ ਸੋਮਨਾਥ ਅੰਮ੍ਰਿਤ ਮਹੋਤਸਵ ਦੇ ਹਿੱਸੇ ਵਜੋਂ ਕੀਤੀ ਗਈ ਸੀ, ਜੋ ਕਿ ਮੁਰੰਮਤ ਕੀਤੇ ਗਏ ਮੰਦਰ ਦੇ ਉਦਘਾਟਨ ਦੀ 75ਵੀਂ ਵਰ੍ਹੇਗੰਢ ਦੀ ਯਾਦ ਵਿੱਚ ਆਯੋਜਿਤ ਕੀਤੀ ਗਈ ਸੀ। ਪ੍ਰਧਾਨ ਮੰਤਰੀ ਰੋਡ ਸ਼ੋਅ ਤੋਂ ਬਾਅਦ ਭਗਵਾਨ ਸ਼ਿਵ ਨੂੰ ਸਮਰਪਿਤ ਇਸ ਮੰਦਰ ਵਿੱਚ ਦਾਖਲ ਹੋਏ ਅਤੇ ਵੈਦਿਕ ਮੰਤਰਾਂ ਦੇ ਜਾਪ ਵਿਚਕਾਰ 'ਮਹਾ ਪੂਜਾ' ਕੀਤੀ ਅਤੇ ਸ਼ਿਵਲਿੰਗ 'ਤੇ ਜਲ ਚੜ੍ਹਾਇਆ। ਇਸ ਮੌਕੇ ਪੀਐੱਮ ਮੋਦੀ ਨੇ ਕੁੰਭਿਸ਼ੇਕਮ ਵੀ ਦੇਖਿਆ, ਜਿਸ ਵਿੱਚ ਦੇਸ਼ ਭਰ ਦੇ ਪ੍ਰਮੁੱਖ ਤੀਰਥ ਸਥਾਨਾਂ ਤੋਂ ਇਕੱਠੇ ਕੀਤੇ ਗਏ ਪਵਿੱਤਰ ਜਲ ਨੂੰ ਕ੍ਰੇਨ ਦੀ ਵਰਤੋਂ ਕਰਕੇ ਮੰਦਰ ਦੇ ਸਿਖਰ 'ਤੇ ਛਿੜਕਿਆ ਗਿਆ।

ਪ੍ਰਧਾਨ ਮੰਤਰੀ ਨੇ ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰ ਪਟੇਲ ਅਤੇ ਉਪ ਮੁੱਖ ਮੰਤਰੀ ਹਰਸ਼ ਸੰਘਵੀ ਨਾਲ ਮੰਦਰ ਦੇ ਉੱਪਰ ਭਾਰਤੀ ਹਵਾਈ ਸੈਨਾ ਦੀ ਸੂਰਿਆਕਿਰਨ ਐਰੋਬੈਟਿਕ ਟੀਮ (SKAT) ਦੁਆਰਾ ਕੀਤੇ ਗਏ ਹਵਾਈ ਪ੍ਰਦਰਸ਼ਨ ਨੂੰ ਦੇਖਿਆ। ਸਵਦੇਸ਼ੀ 'ਧੁੰਏਂ ਦੇ ਪੈਂਡ' ਦੀ ਵਰਤੋਂ ਕਰਦੇ ਸੂਰਿਆਕਿਰਨ ਟੀਮ ਦੇ ਜਹਾਜ਼ ਨੇ ਭਗਵਾ, ਚਿੱਟਾ ਅਤੇ ਹਰਾ ਧੂੰਆਂ ਛੱਡਿਆ, ਜਿਸ ਨਾਲ ਅਸਮਾਨ ਵਿੱਚ ਤਿਰੰਗੇ ਦਾ ਪੈਟਰਨ ਬਣਿਆ। ਪ੍ਰਧਾਨ ਮੰਤਰੀ ਨੇ ਸਦਭਾਵਨਾ ਮੈਦਾਨ ਵਿੱਚ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦੇ ਕਿਹਾ ਕਿ ਦੇਸ਼ ਦੀਆਂ ਕੁਝ ਤਾਕਤਾਂ ਰਾਸ਼ਟਰੀ ਸਵੈਮਾਣ ਨਾਲੋਂ ਤੁਸ਼ਟੀਕਰਨ ਦੀ ਰਾਜਨੀਤੀ ਨੂੰ ਤਰਜੀਹ ਦਿੰਦੀਆਂ ਰਹਿੰਦੀਆਂ ਹਨ। ਅਯੁੱਧਿਆ ਵਿੱਚ ਰਾਮ ਮੰਦਰ ਦੇ ਨਿਰਮਾਣ ਵਿਰੁੱਧ ਹੋਏ ਵਿਰੋਧ ਪ੍ਰਦਰਸ਼ਨਾਂ ਦੌਰਾਨ ਵੀ ਇਸੇ ਤਰ੍ਹਾਂ ਦੀ ਮਾਨਸਿਕਤਾ ਸਪੱਸ਼ਟ ਸੀ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਦਾਰ ਵੱਲਭਭਾਈ ਪਟੇਲ ਅਤੇ ਭਾਰਤ ਦੇ ਪਹਿਲੇ ਰਾਸ਼ਟਰਪਤੀ ਡਾ. ਰਾਜੇਂਦਰ ਪ੍ਰਸਾਦ ਨੇ ਸੋਮਨਾਥ ਮੰਦਰ ਦੇ ਮੁੜ ਨਿਰਮਾਣ ਲਈ ਕਈ ਕੋਸ਼ਿਸ਼ਾਂ ਕੀਤੀਆਂ ਸਨ ਪਰ ਉਨ੍ਹਾਂ ਨੂੰ ਤਤਕਾਲੀ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦੇ ਵਿਰੋਧ ਦਾ ਸਾਹਮਣਾ ਕਰਨਾ ਪਿਆ। (ਬਾਕੀ ਸਫਾ 2 'ਤੇ)

ਪੰਜਾਬ 'ਚ ਨਿਗਮ ਚੋਣਾਂ ਦਾ ਐਲਾਨ

8 ਨਗਰ ਨਿਗਮਾਂ, 76 ਨਗਰ ਕੌਂਸਲਾਂ ਅਤੇ 21 ਨਗਰ ਪੰਚਾਇਤਾਂ ਲਈ ਪੈਣਗੀਆਂ ਵੋਟਾਂ

26 ਮਈ ਨੂੰ ਪੈਣਗੀਆਂ ਵੋਟਾਂ ਅਤੇ 29 ਨੂੰ ਐਲਾਨੇ ਜਾਣਗੇ ਨਤੀਜੇ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 11 ਮਈ :ਪੰਜਾਬ 'ਚ ਨਿਗਮ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਪੰਜਾਬ ਚੋਣ ਕਮਿਸ਼ਨਰ ਰਾਜਕਮਲ ਚੌਧਰੀ ਨੇ ਇਸ ਸਬੰਧੀ ਜਾਣਕਾਰੀ ਦਿੱਤੀ। ਵੋਟਾਂ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ, ਜਿਨ੍ਹਾਂ ਦੇ ਨਤੀਜੇ 29 ਮਈ ਨੂੰ ਐਲਾਨੇ ਜਾਣਗੇ।

ਨਾਮਜ਼ਦਗੀ ਪ੍ਰਕਿਰਿਆ 13 ਮਈ ਨੂੰ ਸ਼ੁਰੂ ਹੋਵੇਗੀ ਅਤੇ 16 ਮਈ ਤੱਕ ਜਾਰੀ ਰਹੇਗੀ। ਨਾਮਜ਼ਦਗੀਆਂ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਦਾਖਲ ਕੀਤੀਆਂ ਜਾਣਗੀਆਂ। ਚੋਣ ਕਮਿਸ਼ਨਰ ਨੇ ਦੱਸਿਆ ਕਿ ਜਾਂਚ 18 ਮਈ ਨੂੰ ਹੋਵੇਗੀ। ਸਾਰੇ ਉਮੀਦਵਾਰਾਂ ਨੂੰ ਉਸ ਦਿਨ ਚੋਣ ਦਫ਼ਤਰ ਜਾਣ ਦੀ ਇਜਾਜ਼ਤ ਹੋਵੇਗੀ। ਇਸ ਸਮੇਂ ਦੌਰਾਨ

ਉਹ ਰਿਟਰਨਿੰਗ ਅਫਸਰ ਕੋਲ ਆਪਣੇ ਇਤਰਾਜ਼ ਰੱਖ ਸਕਣਗੇ। ਜੇ ਕਿਸੇ ਉਮੀਦਵਾਰ ਦਾ ਫਾਰਮ ਰੱਦ ਹੁੰਦਾ ਹੈ, ਤਾਂ ਉਨ੍ਹਾਂ ਨੂੰ ਸੂਚਿਤ ਕੀਤਾ ਜਾਵੇਗਾ।

19 ਮਈ ਨੂੰ ਨਾਮਜ਼ਦਗੀਆਂ ਵਾਪਸ ਲੈਣ ਦਾ ਆਖਰੀ ਮੌਕਾ ਹੋਵੇਗਾ। ਸਾਰੇ ਨਾਮਜ਼ਦਗੀ ਫਾਰਮਾਂ ਦੇ ਨਾਲ ਹਲਫੀਆ ਬਿਆਨ ਸ਼ਾਮਲ ਹੋਣੇ ਚਾਹੀਦੇ ਹਨ ਅਤੇ ਜੇਕਰ ਕਿਸੇ ਉਮੀਦਵਾਰ ਨੂੰ ਕਿਸੇ ਸਿਆਸੀ ਪਾਰਟੀ ਵੱਲੋਂ ਸਪਾਂਸਰ ਕੀਤਾ ਗਿਆ ਹੈ ਤਾਂ ਉਸ ਸਬੰਧਤ ਰਾਜਨੀਤਿਕ ਪਾਰਟੀ ਦਾ ਅਧਿਕਾਰ ਪੱਤਰ ਵੀ ਸ਼ਾਮਲ ਹੋਣਾ ਚਾਹੀਦਾ ਹੈ।ਉਮੀਦਵਾਰਾਂ ਦੇ ਕੇਵਾਈਸੀ ਵੇਰਵੇ ਜ਼ਿਲ੍ਹੇ ਦੀਆਂ ਵੈੱਬਸਾਈਟਾਂ 'ਤੇ ਅਪਲੋਡ ਕੀਤੇ ਜਾਣਗੇ।

ਚੋਣਾਂ 26.05.2026 (ਮੰਗਲਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ 05:00 ਵਜੇ ਤੱਕ ਕਰਵਾਈਆਂ ਜਾਣਗੀਆਂ। ਚੋਣਾਂ ਤੋਂ ਬਾਅਦ ਵੋਟਾਂ ਦੀ ਗਿਣਤੀ 29.05.2026 (ਸ਼ੁੱਕਰਵਾਰ) ਨੂੰ ਸਥਾਪਿਤ ਗਿਣਤੀ ਕੇਂਦਰਾਂ ਵਿੱਚ ਕੀਤੀ ਜਾਵੇਗੀ। ਰਜਿਸਟਰਡ ਵੋਟਰਾਂ ਦੀ ਕੁੱਲ ਗਿਣਤੀ 36,72,932 ਹੈ ਜਿਹਨਾਂ ਵਿੱਚ (ਬਾਕੀ ਸਫਾ 2 'ਤੇ)

ਗਜਪੁਰਾ, ਨਾਭਾ, ਸਮਾਣਾ ਤੇ ਪਾਤੜਾਂ ਨਗਰ ਕੌਂਸਲ ਚੋਣਾਂ ਲਈ ਤਿਆਰੀਆਂ ਮੁਕੰਮਲ: ਏ.ਡੀ.ਸੀ.

ਪਟਿਆਲਾ, 11 ਮਈ (ਚ.ਨ.ਸ.):ਜ਼ਿਲ੍ਹਾ ਪਟਿਆਲਾ 'ਚ ਰਾਜਪੁਰਾ, ਨਾਭਾ, ਸਮਾਣਾ ਤੇ ਪਾਤੜਾਂ ਨਗਰ ਕੌਂਸਲ ਦੀਆਂ 92 ਵਾਰਡਾਂ 'ਚ 26 ਮਈ ਨੂੰ ਹੋਣ ਵਾਲੀਆਂ ਆਮ ਚੋਣਾਂ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਹ ਪ੍ਰਗਟਾਵਾ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਅਤੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਦਮਨਜੀਤ ਸਿੰਘ ਮਾਨ ਨੇ ਕੀਤਾ।

ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਪਟਿਆਲਾ ਅਧੀਨ ਮਿਉਂਸਪਲ ਕੌਂਸਲ ਨਾਭਾ ਅਧੀਨ 23 ਵਾਰਡਾਂ ਵਿੱਚ, ਮਿਉਂਸਪਲ ਕੌਂਸਲ ਪਾਤੜਾਂ ਅਧੀਨ (ਬਾਕੀ ਸਫਾ 2 'ਤੇ)

ਤਿੰਨ ਮੰਤਰੀਆਂ ਨੂੰ ਮਿਲੇ ਸੰਜੀਵ ਅਰੋੜਾ ਦੇ ਵਿਭਾਗ

ਸੌਂਦ ਨੂੰ ਬਿਜਲੀ, ਬੈਂਸ ਨੂੰ ਸਥਾਨਕ ਸਰਕਾਰਾਂ ਤੇ ਅਰੋੜਾ ਨੂੰ ਸਨਅਤੀ ਵਿਭਾਗ ਮਿਲਿਆ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 11 ਮਈ : ਪੰਜਾਬ ਸਰਕਾਰ ਨੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਤੋਂ ਬਾਅਦ ਅੱਜ ਦੇਰ ਸ਼ਾਮ ਸੰਜੀਵ ਅਰੋੜਾ ਦੇ ਤਿੰਨਾਂ ਮਹਿਕਮਿਆਂ ਨੂੰ ਤਿੰਨ ਹੋਰਨਾਂ ਮੰਤਰੀਆਂ ਦੇ ਹਵਾਲੇ ਕਰ ਦਿੱਤਾ ਹੈ। ਇਸ ਦੌਰਾਨ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੂੰ ਬਿਜਲੀ, ਹਰਜੋਤ ਸਿੰਘ ਬੈਂਸ ਨੂੰ ਸਥਾਨਕ ਸਰਕਾਰਾਂ ਵਿਭਾਗ ਅਤੇ ਅਮਨ ਅਰੋੜਾ ਨੂੰ ਸਨਅਤੀ ਵਿਭਾਗ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਇਹ ਐਲਾਨ ਅੱਜ ਦੇਰ ਸ਼ਾਮ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਸ਼ਨਿੱਚਰਵਾਰ ਨੂੰ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਵੱਖ-ਵੱਖ ਟਿਕਾਣਿਆਂ 'ਤੇ ਛਾਪੇ

ਮਾਰੇ ਗਏ ਸਨ। ਇਸ ਦੌਰਾਨ ਈ.ਡੀ. ਨੇ 12 ਘੰਟਿਆਂ ਦੀ ਕਾਰਵਾਈ ਤੋਂ ਬਾਅਦ ਸੰਜੀਵ ਅਰੋੜਾ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਦੇ ਨਾਲ ਹੀ ਉਨ੍ਹਾਂ ਕੋਲ ਮੌਜੂਦ ਸਥਾਨਕ ਸਰਕਾਰਾਂ ਵਿਭਾਗ, ਬਿਜਲੀ ਵਿਭਾਗ ਤੇ ਇੰਡਸਟਰੀ ਵਿਭਾਗ ਦਾ ਕੋਈ ਵੀ ਮੰਤਰੀ ਵਾਲੀ ਵਾਰਸ ਨਹੀਂ ਰਿਹਾ ਸੀ ਪਰ ਸੂਬਾ ਸਰਕਾਰ ਵਿੱਚ ਇਹ ਤਿੰਨੋਂ ਵਿਭਾਗ ਅਹਿਮ ਮੰਨੇ ਜਾਂਦੇ ਹਨ। ਇਸ ਲਈ ਤਿੰਨਾਂ ਨੂੰ ਖਾਲੀ ਨਹੀਂ ਛੱਡਿਆ ਜਾ ਸਕਦਾ ਕਿਉਂਕਿ ਪੰਜਾਬ ਵਿੱਚ ਗਰਮੀ ਦਾ ਸੀਜ਼ਨ ਆ ਗਿਆ ਹੈ ਤੇ ਬਿਜਲੀ ਦੀ ਵੰਡ ਸਬੰਧੀ ਅਹਿਮ ਫੈਸਲੇ ਲੈਣ ਦੇ ਮੱਦੇਨਜ਼ਰ ਇਹ ਵਿਭਾਗ ਤਰੁਨਪ੍ਰੀਤ ਸੌਂਦ ਨੂੰ ਸੌਂਪਿਆ ਗਿਆ ਹੈ।

ਬੰਗਾਲ ਚੋਣ ਨਤੀਜਿਆਂ ਨੂੰ ਲੈ ਕੇ ਸੁਪਰੀਮ ਕੋਰਟ ਪੁੱਜੀ ਟੀ.ਐਮ.ਸੀ.

ਚੜ੍ਹਦੀਕਲਾ ਬਿਊਰੋ

ਕੋਲਕਾਤਾ, 11 ਮਈ : ਪੱਛਮੀ ਬੰਗਾਲ ਦੀਆਂ ਚੋਣਾਂ ਤੋਂ ਬਾਅਦ ਹੁਣ ਵੋਟਰ ਲਿਸਟਾਂ ਵਿੱਚੋਂ ਨਾਂ ਹਟਾਉਣ ਦਾ ਮੁੱਦਾ ਦੇਸ਼ ਦੀ ਸਰਵਉੱਚ ਅਦਾਲਤ ਵਿੱਚ ਗਰਮਾ ਗਿਆ ਹੈ। ਤ੍ਰਿਣਮੂਲ ਕਾਂਗਰਸ (ਟੀ.ਐਮ.ਸੀ.) ਨੇ ਸੁਪਰੀਮ ਕੋਰਟ ਵਿੱਚ ਦਾਅਵਾ ਕੀਤਾ ਹੈ ਕਿ ਵੋਟਰ ਲਿਸਟਾਂ ਦੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਦੌਰਾਨ ਵੱਡੀ ਗਿਣਤੀ ਵਿੱਚ ਨਾਂ ਹਟਾਏ ਜਾਣ ਕਾਰਨ ਕਈ ਵਿਧਾਨ ਸਭਾ ਹਲਕਿਆਂ ਦੇ ਚੋਣ ਨਤੀਜਿਆਂ 'ਤੇ ਵੱਡਾ ਅਸਰ ਪਿਆ ਹੈ। 31 ਸੀਟਾਂ 'ਤੇ ਹਾਰ-ਜਿੱਤ ਦਾ ਗਣਿਤ ਐਸ.ਆਈ.ਆਰ. ਦੇ ਸੀਨੀਅਰ ਵਕੀਲ ਕਲਿਆਣ ਬੈਦੋਪਾਧਿਆਏ ਨੇ ਚੀਫ਼ ਜਸਟਿਸ ਸੂਰਿਆ ਕਾਂਤ ਤੇ ਜਸਟਿਸ ਜੌਏਮਾਲਿਆ ਬਾਗਚੀ ਦੀ ਬੈਂਚ ਸਾਹਮਣੇ ਦਲੀਲ ਦਿੱਤੀ ਕਿ 31 ਵਿਧਾਨ

ਸਭਾ ਖੇਤਰਾਂ ਵਿੱਚ ਭਾਰਤੀ ਜਨਤਾ ਪਾਰਟੀ ਦੀ ਜਿੱਤ ਦਾ ਅੰਤਰ ਐਸ ਆਈ ਆਰ ਪ੍ਰਕਿਰਿਆ ਰਾਹੀਂ ਹਟਾਏ ਗਏ ਵੋਟਰਾਂ ਦੀ ਗਿਣਤੀ ਤੋਂ ਘੱਟ ਸੀ। ਉਨ੍ਹਾਂ ਇਕ ਉਦਾਹਰਣ ਦਿੰਦਿਆਂ ਦੱਸਿਆ ਕਿ ਇਕ ਉਮੀਦਵਾਰ ਮਹਿਜ਼ 862 ਵੋਟਾਂ ਨਾਲ ਹਾਰ ਗਿਆ, ਜਦਕਿ ਉਸ ਇਲਾਕੇ ਵਿੱਚ 5432 ਲੋਕਾਂ ਦੇ ਨਾਂ ਵੋਟਰ ਸੂਚੀ ਵਿੱਚੋਂ ਹਟਾ ਦਿੱਤੇ ਗਏ ਸਨ। (ਬਾਕੀ ਸਫਾ 2 'ਤੇ)

ਮਾਨ ਨੇ ਗੁ. ਜੋਤੀਸਰ ਸਾਹਿਬ ਵਿਖੇ ਮੱਥਾ ਟੇਕ ਕੇ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦਾ ਬਲ ਬਖਸ਼ਣ ਲਈ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ

ਪੰਜਾਬ ਦੇ ਲੋਕ ਭਾਜਪਾ ਦੀਆਂ ਚਾਲਾਂ ਅੱਗੇ ਕਦੇ ਨਹੀਂ ਝੁਕਣਗੇ: ਮੁੱਖ ਮੰਤਰੀ

ਰਾਜੇਸ਼ਵਰ ਪਿੰਟੂ, ਅਮਨ ਗਰਗ, ਹਰਕੰਵਲ ਸਿੰਘ ਹੈਪੀ

ਸੰਗਰੂਰ, 11 ਮਈ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਿੰਡ ਖੁਰਾਣਾ ਵਿਖੇ ਸਥਿਤ ਗੁਰਦੁਆਰਾ ਜੋਤੀਸਰ ਸਾਹਿਬ ਵਿਖੇ ਸੰਗਤ ਨਾਲ ਅਰਦਾਸ ਵਿੱਚ ਸ਼ਾਮਲ ਹੋ ਕੇ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ-2026 ਨੂੰ ਲਾਗੂ ਕਰਨ ਦਾ ਬਲ ਬਖਸ਼ਣ ਲਈ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਉਨ੍ਹਾਂ ਕਿਹਾ ਕਿ ਇਹ ਸਖ਼ਤ ਕਾਨੂੰਨ ਬਣਨ ਨਾਲ ਪੰਥ ਕਾਫ਼ੀ ਰਾਹਤ ਅਤੇ ਸੰਤੁਸ਼ਟੀ ਮਹਿਸੂਸ ਕਰ ਰਿਹਾ ਹੈ, ਜੋ ਇਹ ਯਕੀਨੀ ਬਣਾਏਗਾ ਕਿ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦੀ ਹਿੰਮਤ ਨਾ ਕਰੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਜਪਾ ਦੀ ਅਗਵਾਈ ਵਾਲੇ ਕੇਂਦਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਦੇਸ਼ ਵਾਸੀ ਸਭ ਦੇਖ ਰਹੇ ਹਨ ਕਿ ਕਿਵੇਂ ਭਾਰਤ ਦੇ ਫੈਸਲੇ ਵ੍ਹਾਈਟ ਹਾਊਸ ਤੋਂ ਲਏ ਜਾ ਰਹੇ ਹਨ ਅਤੇ ਕਿਵੇਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਸਿਆਸੀ ਵਿਰੋਧੀਆਂ ਨੂੰ ਡਰਾਉਣ ਲਈ ਕੀਤੀ ਜਾ ਰਹੀ ਹੈ। (ਬਾਕੀ ਸਫਾ 2 'ਤੇ)

ਲੁਧਿਆਣਾ 'ਚ ਪਿਓ ਵੱਲੋਂ ਪੁੱਤ ਦਾ ਗੋਲ਼ੀ ਮਾਰ ਕੇ ਕਤਲ ਕਰਨ ਤੋਂ ਬਾਅਦ ਖ਼ੁਦਕੁਸ਼ੀ

ਲੁਧਿਆਣਾ, 11 ਮਈ (ਚ.ਨ.ਸ.): ਸ਼ਹਿਰ 'ਚ ਇੱਕ ਰਿਟਾਇਰਡ ਫੌਜੀ ਨੇ ਆਪਣੇ ਪੁੱਤ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਉਸ ਨੇ ਸੜਕ 'ਤੇ ਭਜਾ-ਭਜਾ ਕੇ ਆਪਣੇ ਪੁੱਤ ਨੂੰ ਮੌਤ ਦੇ ਘਾਟ ਉਤਾਰਿਆ। ਇੰਨਾ ਹੀ ਨਹੀਂ ਵਾਰਦਾਤ ਨੂੰ ਅੰਜਾਮ ਦੇਣ ਮਗਰੋਂ ਮੁਲਜ਼ਮ ਪਿਤਾ ਨੇ ਵੀ ਜ਼ਹਿਰੀਲੀ ਚੀਜ਼ ਨਿਗਲ਼ ਲਈ ਜਿਸ ਮਗਰੋਂ ਉਸ ਦੀ ਵੀ ਮੌਤ ਹੋ ਗਈ। ਮਿਲੀ ਜਾਣਕਾਰੀ ਮੁਤਾਬਕ ਪਿਤਾ ਦੂਜਾ ਵਿਆਹ ਕਰਵਾਉਣਾ ਚਾਹੁੰਦਾ ਸੀ ਤੇ ਇਸ ਵਿਚ ਪਿਤਾ ਆਪਣੇ ਪੁੱਤ ਨੂੰ ਰੁਕਾਵਟ ਸਮਝ ਰਿਹਾ ਸੀ। ਪਤਨੀ ਦੀ ਮੌਤ ਮਗਰੋਂ ਪਿਤਾ ਦੂਜਾ ਵਿਆਹ ਕਰਵਾਉਣਾ ਚਾਹੁੰਦਾ ਸੀ ਜਦੋਂ ਕਿ ਪੁੱਤ ਇਸ ਦਾ ਵਿਰੋਧ ਕਰਦਾ ਸੀ। ਦੋਵਾਂ ਵਿਚਾਲੇ ਕਈ (ਬਾਕੀ ਸਫਾ 2 'ਤੇ)

ਹੁਣ ਭਾਰਤ 'ਤੇ ਵੀ ਪਵੇਗਾ ਮੱਧ ਪੂਰਬ ਤਣਾਅ ਦਾ ਅਸਰ: ਰਾਜਨਾਥ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 11 ਮਈ :ਪੱਛਮੀ ਏਸ਼ੀਆ ਵਿੱਚ ਈਰਾਨ, ਅਮਰੀਕਾ ਅਤੇ ਇਜ਼ਰਾਈਲ ਦਰਮਿਆਨ ਜਾਰੀ ਸੰਘਰਸ਼ ਦੇ ਪ੍ਰਭਾਵਾਂ ਨੂੰ ਦੇਖਦੇ ਹੋਏ ਭਾਰਤ ਸਰਕਾਰ ਹੁਣ ਪੂਰੀ ਤਰ੍ਹਾਂ ਅਲਰਟ ਮੋਡ 'ਤੇ ਹੈ। ਸੋਮਵਾਰ ਨੂੰ ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਪ੍ਰਧਾਨਗੀ ਹੇਠ ਮੰਤਰੀਆਂ ਦੇ ਸਮੂਹ (ਆਈ.ਜੀ.ਓ.ਐਮ.) ਦੀ ਪੰਜਵੀਂ ਅਹਿਮ ਬੈਠਕ ਹੋਈ, ਜਿਸ ਵਿੱਚ ਦੇਸ਼ ਦੀ ਸੁਰੱਖਿਆ ਅਤੇ ਆਰਥਿਕਤਾ ਨਾਲ ਜੁੜੇ ਕਈ ਅਹਿਮ ਫੈਸਲੇ ਲਏ ਗਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ ਤਾਂ ਜੋ ਦੇਸ਼ ਵਿੱਚ ਜ਼ਰੂਰੀ ਵਸਤਾਂ ਦੀ ਸਪਲਾਈ ਬਰਕਰਾਰ ਰਹੇ ਅਤੇ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਾ ਹੋਵੇ।

ਸਪਲਾਈ ਚੇਨ ਦੀ ਸਮੀਖਿਆ: ਬੈਠਕ ਦੌ

ਸਰਬ ਭਾਰਤੀ ਮਹਿਲਾ ਕਾਂਗਰਸ ਵੱਲੋਂ ਸੂਬਾ ਕਾਰਜਕਾਰਨੀ ਤੇ ਐਡਵਾਇਜ਼ਰੀ ਕਮੇਟੀ ਦਾ ਗਠਨ

ਨਵੀਂ ਦਿੱਲੀ, 11 ਮਈ (ਚ.ਨ.ਸ.) : ਆਲ ਇੰਡੀਆ ਮਹਿਲਾ ਕਾਂਗਰਸ ਦੀ ਕੌਮੀ ਪ੍ਰਧਾਨ ਅਲਕਾ ਲਾਂਬਾ ਵੱਲੋਂ ਪੰਜਾਬ ਮਹਿਲਾ ਕਾਂਗਰਸ ਦੇ ਨਵੇਂ ਜਥੇਬੰਦਕ ਢਾਂਚੇ ਨੂੰ ਹਰੀ ਝੰਡੀ ਦੇ ਦਿੱਤੀ ਗਈ ਹੈ। ਇਸ ਨਵੀਂ ਸੂਚੀ 'ਚ ਤਜਰਬੇਕਾਰ ਆਗੂਆਂ ਦੇ ਨਾਲ-ਨਾਲ ਨੌਜਵਾਨ ਚਿਹਰਿਆਂ ਨੂੰ ਵੀ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।

ਮੁੱਖ ਨਿਯੁਕਤੀਆਂ ਅਤੇ ਕਮੇਟੀ ਦਾ ਵੇਰਵਾ:

ਐਕਟਿੰਗ ਪ੍ਰਧਾਨ: ਬਲਜੀਤ ਕੌਰ (ਮੋਹਾਲੀ)

ਐਡਵਾਇਜ਼ਰੀ ਕਮੇਟੀ: ਇਸ ਕਮੇਟੀ 'ਚ ਸੂਬੇ ਦੇ ਸੀਨੀਅਰ ਮਹਿਲਾ ਆਗੂਆਂ ਨੂੰ ਸ਼ਾਮਲ ਕੀਤਾ ਗਿਆ ਹੈ ਜੋ ਪਾਰਟੀ ਦੀਆਂ ਨੀਤੀਆਂ ਅਤੇ ਆਗਾਮੀ ਚੋਣ ਰਣਨੀਤੀਆਂ ਬਾਰੇ ਸਲਾਹ-ਮਸ਼ਵਰਾ ਦੇਣਗੇ।

ਸੂਬਾ ਕਾਰਜਕਾਰਨੀ: ਇਸ ਵਿੱਚ ਉਪ-ਪ੍ਰਧਾਨ, ਜਨਰਲ ਸਕੱਤਰ ਅਤੇ ਸਕੱਤਰਾਂ ਦੀ ਨਿਯੁਕਤੀ ਕੀਤੀ ਗਈ ਹੈ ਤਾਂ ਜੋ ਜ਼ਿਲ੍ਹਾ ਪੱਧਰ 'ਤੇ ਮਹਿਲਾ ਕਾਂਗਰਸ ਦੀਆਂ ਗਤੀਵਿਧੀਆਂ ਨੂੰ ਤੇਜ਼ ਕੀਤਾ ਜਾ ਸਕੇ।

10ਵੀਂ ਦੇ ਨਤੀਜਿਆਂ 'ਚ ਪੇਂਡੂ ਵਿਦਿਆਰਥੀਆਂ ਨੇ ਸ਼ਹਿਰੀਆਂ ਨੂੰ ਪਛਾੜਿਆ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ, 11 ਮਈ (ਹਰਦੀਪ ਕੌਰ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਸਿੱਖਿਆ ਸੁਧਾਰਾਂ ਸਦਕਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਪੇਂਡੂ ਖੇਤਰਾਂ ਦੇ ਵਿਦਿਆਰਥੀਆਂ ਨੇ ਆਪਣੇ ਸ਼ਹਿਰੀ ਸਕੂਲਾਂ ਦੇ ਜਮਾਤੀਆਂ ਨੂੰ ਪਛਾੜ ਦਿੱਤਾ ਹੈ। ਪੇਂਡੂ ਖੇਤਰਾਂ ਵਿੱਚ ਪਾਸ ਦਰ 95.35% ਦਰਜ ਕੀਤੀ ਗਈ ਹੈ, ਜਦੋਂਕਿ ਸ਼ਹਿਰੀ ਖੇਤਰਾਂ ਵਿੱਚ ਇਹ 92.98% ਰਹੀ ਹੈ। ਵੇਰਵੇ ਸਾਂਝੇ ਕਰਦਿਆਂ, ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਸ ਨਤੀਜੇ ਦੀ ਸ਼ਲਾਘਾ ਕਰਦਿਆਂ ਇਸਨੂੰ ਜ਼ਮੀਨੀ ਪੱਧਰ 'ਤੇ 'ਸਿੱਖਿਆ ਕ੍ਰਾਂਤੀ' ਦੇ ਅਮਲ ਵਿੱਚ ਆਉਣ ਦਾ ਸਬੂਤ ਦੱਸਿਆ।

ਸਰਸਵਤੀ ਸੀਨੀਅਰ ਸੈਕੰਡਰੀ ਸਕੂਲ, ਜੈਤੋ (ਫ਼ਰੀਦਕੋਟ) ਦੀ ਵਿਦਿਆਰਥਣ ਹਰਲੀਨ ਸ਼ਰਮਾ ਨੇ 650 ਵਿੱਚੋਂ 646 ਅੰਕ (99.38%) ਪ੍ਰਾਪਤ ਕਰਕੇ ਪੰਜਾਬ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਬੇਹੱਦ ਸਖ਼ਤ ਮੁਕਾਬਲੇ ਵਿੱਚ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਚਨੌਲੀ ਬਸੀ (ਰੂਪਨਗਰ) ਦੇ ਮਨੀਮਹੇਸ਼ ਸ਼ਰਮਾ ਨੇ 650 ਵਿੱਚੋਂ 645 ਅੰਕ (99.23%) ਹਾਸਲ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ। ਸ਼੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਚੀਫ਼ ਖ਼ਾਲਸਾ ਦੀਵਾਨ, ਮਾਡਲ ਟਾਊਨ, ਹੁਸ਼ਿਆਰਪੁਰ ਦੀ ਗੀਆ ਰਾਨੀ ਨੇ 650 ਵਿੱਚੋਂ 645 ਅੰਕ (99.23%) ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।

ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ 10ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ 2,69,505 ਵਿਦਿਆਰਥੀ ਬੈਠੇ ਸਨ, ਜਿਨ੍ਹਾਂ ਵਿੱਚੋਂ 2,54,744 ਵਿਦਿਆਰਥੀ ਪਾਸ ਹੋਏ ਹਨ, ਜਿਸ ਨਾਲ ਕੁੱਲ ਪਾਸ ਪ੍ਰਤੀਸ਼ਤਤਾ 94.52% ਰਹੀ ਹੈ। ਪੇਂਡੂ ਵਿਦਿਆਰਥੀਆਂ ਨੇ ਸ਼ਹਿਰੀ ਵਿਦਿਆਰਥੀਆਂ ਨੂੰ ਪਿੱਛੇ ਛੱਡ ਦਿੱਤਾ ਹੈ, ਜਿਸ ਵਿੱਚ ਪੇਂਡੂ ਖੇਤਰ ਦੇ 1,74,958 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਅਤੇ 1,66,830 ਪਾਸ ਹੋਏ, ਜਿਨ੍ਹਾਂ ਦੀ ਪਾਸ ਦਰ 95.35% ਰਹੀ। ਸ਼ਹਿਰੀ ਖੇਤਰਾਂ ਵਿੱਚ 94,547 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਨ੍ਹਾਂ ਵਿੱਚੋਂ 87,914 ਵਿਦਿਆਰਥੀ ਪਾਸ ਹੋਏ, ਜਿਸ ਨਾਲ ਉਨ੍ਹਾਂ ਦੀ ਪਾਸ ਦਰ 92.98% ਦਰਜ ਕੀਤੀ ਗਈ।

ਸਾਰੇ ਸਫ਼ਲ ਵਿਦਿਆਰਥੀਆਂ ਨੂੰ ਤਹਿ ਦਿਲੋਂ ਵਧਾਈਆਂ ਦਿੰਦਿਆਂ, ਬੈਂਸ ਨੇ ਕਿਹਾ ਕਿ ਪੇਂਡੂ ਅਤੇ ਸ਼ਹਿਰੀ ਖੇਤਰਾਂ ਦੀ ਪਾਸ ਦਰ ਵਿੱਚ 2.3 ਪ੍ਰਤੀਸ਼ਤ ਅੰਕਾਂ ਦਾ ਅੰਤਰ ਪਿਛਲੇ ਰੁਝਾਨਾਂ ਦੇ ਮੁਕਾਬਲੇ ਇੱਕ ਇਤਿਹਾਸਕ ਬਦਲਾਅ ਹੈ, ਕਿਉਂਕਿ ਪਹਿਲਾਂ ਅਕਸਰ ਸ਼ਹਿਰੀ ਸਕੂਲ ਹੀ ਅੱਗੇ ਰਹਿੰਦੇ ਸਨ। ਉਨ੍ਹਾਂ ਨੇ ਇਸ ਬਦਲਾਅ ਦਾ ਸਿਹਰਾ ਸਿੱਖਿਆ ਦੇ ਬੁਨਿਆਦੀ ਢਾਂਚੇ ਵਿੱਚ ਕੀਤੇ ਗਏ ਨਿਵੇਸ਼ ਅਤੇ ਅਧਿਆਪਕਾਂ ਦੀ ਨਿਯਮਤ ਸਿਖਲਾਈ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਰਿਪੋਰਟ ਕਾਰਡ ਨਹੀਂ ਹੈ, ਇਹ ਉਸ ਸਰਕਾਰ ਦਾ ਰਿਪੋਰਟ ਕਾਰਡ ਹੈ ਜੋ ਵਿਸ਼ੇਸ਼ ਅਧਿਕਾਰ ਦੀ ਬਜਾਏ ਬਰਾਬਰ ਮੌਕੇ ਪ੍ਰਦਾਨ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।

ਦੇਸ਼ ਦੀ ਜਨਤਾ ਨੂੰ ਪ੍ਰਧਾਨ ਮੰਤਰੀ ਦੀ ਅਪੀਲ 'ਤੇ ਰਾਹੁਲ ਗਾਂਧੀ ਦਾ ਤੰਜ਼ 'ਇਹ ਨਾਕਾਮੀ ਦੇ ਸਬੂਤ'

ਨਵੀਂ ਦਿੱਲੀ, 11 ਮਈ (ਚ.ਨ.ਸ.) : ਪੱਛਮੀ ਏਸ਼ੀਆ ਵਿੱਚ ਜੰਗ ਕਾਰਨ ਪੈਦਾ ਹੋਏ ਗਲੋਬਲ ਤੇਲ ਸੰਕਟ ਦੇ ਵਿਚਕਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਵਰਕ-ਫਰਾਮ-ਹੋਮ' (ਘਰ ਤੋਂ ਕੰਮ ਕਰਨ) ਦੀ ਪ੍ਰਥਾ ਨੂੰ ਫਿਰ ਤੋਂ ਅਪਣਾਉਣ, ਬਾਲਣ ਦੀ ਖਪਤ ਘਟਾਉਣ ਅਤੇ ਦੇਸ਼ ਦੀ ਵਿਦੇਸ਼ੀ ਮੁਦਰਾ ਬਚਾਉਣ ਵਿੱਚ ਮੱਦਦ ਕਰਨ ਲਈ ਇੱਕ ਸਾਲ ਤੱਕ ਵਿਆਹਾਂ ਲਈ ਸੋਨਾ ਖਰੀਦਣ ਤੋਂ ਵੀ ਬਚਣ।ਇਸ 'ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਸਾਂਸਦ ਰਾਹੁਲ ਗਾਂਧੀ ਨੇ ਤੰਜ਼ ਕੱਸਦਿਆਂ ਕਿਹਾ ਕਿ ਇਹ ਉਪਦੇਸ਼ ਨਹੀਂ ਬਲਕਿ ਨਾਕਾਮੀ ਦੇ ਸਬੂਤ ਹਨ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਲਿਖਦੇ ਹੋਏ ਉਨ੍ਹਾਂ ਨੇ ਕਿਹਾ, 'ਮੋਦੀ ਜੀ ਨੇ ਕੱਲ੍ਹ ਜਨਤਾ ਤੋਂ ਤਿਆਗ ਮੰਗੇ - ਸੋਨਾ ਨਾ ਖਰੀਦੋ, ਵਿਦੇਸ਼ ਨਾ ਜਾਓ, ਪੈਟਰੋਲ ਘੱਟ ਬਾਲੋ, ਖਾਦ ਅਤੇ ਖਾਣ ਵਾਲਾ ਤੇਲ ਘੱਟ ਕਰੋ, ਮੈਟਰੋ ਵਿੱਚ ਚੱਲੋ, ਘਰ ਤੋਂ ਕੰਮ ਕਰੋ। ਇਹ ਉਪਦੇਸ਼ ਨਹੀਂ - ਇਹ ਨਾਕਾਮੀ ਦੇ ਸਬੂਤ ਹਨ।'ਰਾਹੁਲ ਗਾਂਧੀ ਨੇ ਅੱਗੇ ਲਿਖਿਆ, '12 ਸਾਲਾਂ ਵਿੱਚ ਦੇਸ਼ ਨੂੰ ਇਸ ਮੁਕਾਮ 'ਤੇ ਲਿਆ ਦਿੱਤਾ ਹੈ ਕਿ ਜਨਤਾ ਨੂੰ ਦੱਸਣਾ ਪੈ ਰਿਹਾ ਹੈ - ਕੀ ਖਰੀਦੀਏ, ਕੀ ਨਾ ਖਰੀਦੀਏ, ਕਿੱਥੇ ਜਾਈਏ, ਕਿੱਥੇ ਨਾ ਜਾਈਏ। ਹਰ ਵਾਰ ਜ਼ਿੰਮੇਵਾਰੀ ਜਨਤਾ 'ਤੇ ਪਾ ਦਿੰਦੇ ਹਨ ਤਾਂ ਜੋ ਖੁਦ ਜਵਾਬਦੇਹੀ ਤੋਂ ਬਚ ਨਿਕਲਣ। ਦੇਸ਼ ਚਲਾਉਣਾ ਹੁਣ ਸਮਝੌਤਾ ਕੀਤਾ ਪ੍ਰਧਾਨ ਮੰਤਰੀ ਦੇ ਵੱਸ ਦੀ ਗੱਲ ਨਹੀਂ।

ਪੰਜਾਬ 'ਚ ਨਿਗਮ ਚੋਣਾਂ ਦਾ ਐਲਾਨ

18,98,990 ਪੁਰਸ਼, 17,73,716 ਮਹਿਲਾ ਅਤੇ 226 ਹੋਰ ਵੋਟਰ ਸ਼ਾਮਲ ਹਨ। ਇਨ੍ਹਾਂ ਚੋਣਾਂ ਲਈ ਜ਼ਿਲ੍ਹਿਆਂ ਵਿੱਚ 3977 ਪੋਲਿੰਗ ਸਟੇਸ਼ਨ ਸਥਾਪਿਤ ਕੀਤੇ ਗਏ ਹਨ।

ਨਗਰ ਨਿਗਮ ਦੇ ਅਹੁਦੇ ਲਈ ਚੋਣ ਲੜ ਰਹੇ ਉਮੀਦਵਾਰ ਲਈ ਕਮਿਸ਼ਨ ਵੱਲੋਂ ਨਿਰਧਾਰਤ ਖਰਚ ਸੀਮਾ 4,00,000 ਰੁਪਏ ਹੈ, ਜਦਕਿ ਨਗਰ ਕੌਂਸਲਾਂ ਦੇ ਵਰਗ 9 ਲਈ 3,60,000 ਰੁਪਏ, ਵਰਗ 99 ਲਈ 2,30,000 ਰੁਪਏ, ਵਰਗ 999 ਲਈ 2,00,000 ਰੁਪਏ ਅਤੇ ਨਗਰ ਪੰਚਾਇਤ ਲਈ 1,40,000 ਰੁਪਏ ਨਿਰਧਾਰਤ ਕੀਤੀ ਗਈ ਹੈ। ਚੋਣ ਡਿਊਟੀ 'ਤੇ ਲੱਗਭੱਗ 36,000 ਚੋਣ ਕਰਮਚਾਰੀ ਅਤੇ 35,500 ਪੁਲਿਸ ਕਰਮਚਾਰੀ ਤਾਇਨਾਤ ਕੀਤੇ ਜਾਣਗੇ। ਹਰੇਕ ਜ਼ਿਲ੍ਹੇ ਵਿੱਚ ਆਈਏਐਸ/ਪੀਸੀਐਸ ਅਧਿਕਾਰੀਆਂ ਨੂੰ ਅਬਜ਼ਰਬਰ ਵਜੋਂ ਨਿਯੁਕਤ ਕੀਤਾ ਜਾਵੇਗਾ, ਤਾਂ ਜੋ ਸੁਚੱਜੇ ਢੰਗ ਨਾਲ ਨਿਗਰਾਨੀ ਨੂੰ ਯਕੀਨੀ ਬਣਾਇਆ ਜਾ ਸਕੇ। ਜ਼ਿਲ੍ਹਾ ਮੈਜਿਸਟਰੇਟ ਦੀ ਸਮੁੱਚੀ ਨਿਗਰਾਨੀ ਹੇਠ ਜ਼ਿਲ੍ਹਾ ਸੁਰੱਖਿਆ ਯੋਜਨਾ ਤਿਆਰ ਕੀਤੀ ਗਈ ਹੈ।

ਕਮਿਸ਼ਨ ਵੱਲੋਂ ਚੋਣਾਂ ਨੂੰ ਨਿਰਪੱਖ, ਸੁਤੰਤਰ ਅਤੇ ਸ਼ਾਂਤੀਪੂਰਨ ਢੰਗ ਨਾਲ ਯਕੀਨੀ ਬਣਾਉਣ ਲਈ ਸਾਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਚੋਣ ਸ਼ਡਿਊਲ ਦੇ ਐਲਾਨ ਦੇ ਨਾਲ, ਸਾਰੀਆਂ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਜਿੱਥੇ ਚੋਣਾਂ ਹੋਣ ਜਾ ਰਹੀਆਂ ਹਨ, ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ। ਇਹ ਜ਼ਾਬਤਾ ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਤੱਕ ਲਾਗੂ ਰਹੇਗਾ।

ਰਾਜਪੁਰਾ, ਨਾਭਾ, ਸਮਾਣਾ ਤੇ ਪਾਤੜਾਂ

17 ਵਾਰਡਾਂ ਵਿੱਚ, ਮਿਉਂਸਪਲ ਕੌਂਸਲ ਰਾਜਪੁਰਾ ਅਧੀਨ 31 ਵਾਰਡਾਂ ਵਿੱਚ ਅਤੇ ਮਿਉਂਸਪਲ ਕਾਉਂਸਲ ਸਮਾਣਾ ਅਧੀਨ 21 ਵਾਰਡਾਂ ਵਿੱਚ ਚੋਣ ਕਰਵਾਈ ਜਾਣੀ ਹੈ। ਇਹਨਾਂ ਚੋਣਾਂ ਲਈ ਕੁੱਲ 228 ਬੂਥ ਸਥਾਪਿਤ ਕੀਤੇ ਗਏ ਹਨ ਅਤੇ ਇਸ ਵਿੱਚ ਤਕਰੀਬਨ 2 ਲੱਖ 15 ਹਜਾਰ ਵੋਟਰ ਭਾਗ ਲੈਣਗੇ। ਸਕੱਤਰ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਹੁਕਮਾਂ ਅਨੁਸਾਰ ਅਰਵਿੰਦਪਾਲ ਸਿੰਘ ਸੋਮਲ ਐਸ.ਡੀ.ਐਮ ਨਾਭਾ ਨੂੰ ਬਤੌਰ ਰਿਟਰਨਿੰਗ ਅਫਸਰ ਨਗਰ ਕੌਂਸਲ ਨਾਭਾ, ਕਾਲਾ ਰਾਮ ਕਾਂਸਲ ਐਸ.ਡੀ.ਐਮ ਪਾਤੜਾਂ ਨੂੰ ਬਤੌਰ ਰਿਟਰਨਿੰਗ ਅਫਸਰ ਨਗਰ ਕੌਂਸਲ ਪਾਤੜਾਂ, ਸੁਖਵਿੰਦਰ ਸਿੰਘ ਟਿਵਾਣਾ ਐਸ.ਡੀ.ਐਮ ਰਾਜਪੁਰਾ ਨੂੰ ਬਤੌਰ ਰਿਟਰਨਿੰਗ ਅਫਸਰ ਨਗਰ ਕੌਂਸਲ ਰਾਜਪੁਰਾ ਅਤੇ ਰਸ਼ਪਿੰਦਰ ਸਿੰਘ ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੂੰ ਬਤੌਰ ਰਿਟਰਨਿੰਗ ਅਫਸਰ ਨਗਰ ਕੌਂਸਲ ਸਮਾਣਾ ਨਿਯੁਕਤ ਕੀਤਾ ਗਿਆ ਹੈ।

ਦੇਸ਼ ਦੇ ਅਕਸ ਨੂੰ ਢਾਹ ਲਾ ਰਹੀਆਂ ਨੇ

ਦੁਨੀਆਂ ਦੀ ਕੋਈ ਵੀ ਤਾਕਤ ਭਾਰਤ ਨੂੰ ਆਪਣੇ ਅਧੀਨ ਨਹੀਂ ਕਰ ਸਕਦੀ ਜਾਂ ਦਬਾਅ ਅੱਗੇ ਝੁਕਣ ਲਈ ਮਜਬੂਰ ਨਹੀਂ ਕਰ ਸਕਦੀ। ਉਨ੍ਹਾਂ ਕਿਹਾ ਕਿ 11 ਮਈ ਇਸ ਲਈ ਵੀ ਮਹੱਤਵਪੂਰਨ ਹੈ, ਕਿਉਂਕਿ ਇਸ ਦਿਨ (1998 ਵਿੱਚ) ਭਾਰਤ ਨੇ ਪ੍ਰਮਾਣੂ ਪ੍ਰੀਖਣ ਕੀਤੇ ਸਨ। ਪ੍ਰਧਾਨ ਮੰਤਰੀ ਨੇ ਕਿਹਾ, 'ਦੁਨੀਆਂ ਭਰ ਵਿੱਚ ਅਣਗਿਣਤ ਉਦਾਹਰਣਾਂ ਹਨ ਜਿੱਥੇ ਵਿਦੇਸ਼ੀ ਹਮਲਾਵਰਾਂ ਨੇ ਰਾਸ਼ਟਰੀ ਪਛਾਣ ਨਾਲ ਜੁੜੇ ਸਥਾਨਾਂ ਨੂੰ ਤਬਾਹ ਕੀਤਾ। ਜਦੋਂ ਵੀ ਲੋਕਾਂ ਨੂੰ ਮੌਕਾ ਮਿਲਿਆ, ਉਨ੍ਹਾਂ ਨੇ ਆਪਣੀ ਵਿਰਾਸਤ ਨੂੰ ਬਹਾਲ ਕੀਤਾ ਅਤੇ ਇਸਦੀ ਸ਼ਾਨ ਨੂੰ ਬਰਕਰਾਰ ਰੱਖਿਆ।'

ਉਨ੍ਹਾਂ ਕਿਹਾ, 'ਸਾਡੇ ਦੇਸ਼ ਵਿੱਚ ਰਾਸ਼ਟਰੀ ਸਵੈ-ਮਾਣ ਨਾਲ ਜੁੜੇ ਮੁੱਦਿਆਂ ਦਾ ਰਾਜਨੀਤੀਕਰਨ ਕੀਤਾ ਗਿਆ ਹੈ ਅਤੇ ਸੋਮਨਾਥ ਮੰਦਰ ਇਸਦੀ ਇੱਕ ਪ੍ਰਮੁੱਖ ਉਦਾਹਰਣ ਹੈ।' ਪ੍ਰਧਾਨ ਮੰਤਰੀ ਨੇ ਕਿਹਾ ਕਿ ਤੁਸ਼ਟੀਕਰਨ ਦੀ ਰਾਜਨੀਤੀ ਨੂੰ ਉਤਸ਼ਾਹਿਤ ਕਰਨ ਵਾਲੀਆਂ ਤਾਕਤਾਂ ਅਜੇ ਵੀ ਦੇਸ਼ ਵਿੱਚ ਸਰਗਰਮ ਹਨ। ਉਨ੍ਹਾਂ ਕਿਹਾ, 'ਅਸੀਂ ਰਾਮ ਮੰਦਰ ਦੀ ਉਸਾਰੀ ਦੌਰਾਨ ਵੀ ਇਹੀ ਦੇਖਿਆ, ਕਿਵੇਂ ਇਸਦਾ ਵਿਰੋਧ ਕੀਤਾ ਗਿਆ। ਸਾਨੂੰ ਅਜਿਹੀ ਮਾਨਸਿਕਤਾ ਤੋਂ ਸੁਚੇਤ ਰਹਿਣਾ ਚਾਹੀਦਾ ਹੈ ਅਤੇ ਅਜਿਹੀ ਸੌੜੀ ਰਾਜਨੀਤੀ ਨੂੰ ਪਿੱਛੇ ਛੱਡਣਾ ਚਾਹੀਦਾ ਹੈ।' ਪ੍ਰਧਾਨ ਮੰਤਰੀ ਨੇ ਕਿਹਾ, 'ਸਾਨੂੰ ਵਿਰਾਸਤ ਅਤੇ ਵਿਰਾਸਤ ਦੋਵਾਂ ਨੂੰ ਲੈ ਕੇ ਅੱਗੇ ਵਧਣਾ ਚਾਹੀਦਾ ਹੈ। ਸਾਡੇ ਸੱਭਿਆਚਾਰਕ ਕੇਂਦਰਾਂ ਦੀ ਅਣਗਹਿਲੀ ਨੇ ਅਸਲ ਵਿੱਚ ਸਾਡੀ ਤਰੱਕੀ ਵਿੱਚ ਰੁਕਾਵਟ ਪਾਈ ਹੈ।' ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਸੋਮਨਾਥ ਅੰਮ੍ਰਿਤ ਮਹੋਤਸਵ ਦੇ ਹਿੱਸੇ ਵਜੋਂ ਸੋਮਨਾਥ ਮੰਦਰ ਵਿੱਚ ਮਹਾਪੂਜਾ ਅਤੇ ਹੋਰ ਰਸਮਾਂ ਵਿੱਚ ਹਿੱਸਾ ਲਿਆ।

ਉਨ੍ਹਾਂ ਇਸ ਮੌਕੇ ਇੱਕ ਵਿਸ਼ੇਸ਼ ਡਾਕ ਟਿਕਟ ਵੀ ਜਾਰੀ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ, 'ਜੇਕਰ ਭਾਰਤ 1947 ਵਿੱਚ ਆਜ਼ਾਦ ਹੋਇਆ... ਤਾਂ 1951 ਵਿੱਚ ਸੋਮਨਾਥ ਦੇ ਪਵਿੱਤਰ ਪ੍ਰਕਾਸ਼ ਨੇ ਭਾਰਤ ਦੀ ਸੁਤੰਤਰ ਚੇਤਨਾ ਦਾ ਐਲਾਨ ਕੀਤਾ।' ਉਨ੍ਹਾਂ ਕਿਹਾ ਕਿ ਸੋਮਨਾਥ ਅੰਮ੍ਰਿਤ ਮਹੋਤਸਵ ਸਿਰਫ਼ ਬੀਤੇ ਸਮੇਂ ਦਾ ਜਸ਼ਨ ਨਹੀਂ ਹੈ, ਇਹ ਅਗਲੇ ਹਜ਼ਾਰ ਸਾਲਾਂ ਲਈ ਭਾਰਤ ਲਈ ਇੱਕ ਪ੍ਰੇਰਨਾ ਹੈ। ਮੋਦੀ ਨੇ ਕਿਹਾ, 'ਲੁਟੇਰਿਆਂ ਨੇ ਸੋਮਨਾਥ ਮੰਦਰ ਦੀ ਸ਼ਾਨ ਨੂੰ ਤਬਾਹ ਕਰਨ ਦੀ ਕੋਸ਼ਿਸ਼ ਕੀਤੀ, ਉਹ ਇਸ 'ਤੇ ਹਮਲਾ ਕਰਦੇ ਰਹੇ, ਇਸਨੂੰ ਇੱਕ ਭੌਤਿਕ ਢਾਂਚਾ ਸਮਝਦੇ ਰਹੇ! ਇਹ ਮੰਦਰ ਵਾਰ-ਵਾਰ ਤਬਾਹ ਹੁੰਦਾ ਰਿਹਾ, ਇਹ ਦੁਬਾਰਾ ਬਣਾਇਆ ਜਾਂਦਾ ਰਿਹਾ... ਹਰ ਵਾਰ ਜਦੋਂ ਇਹ ਉੱਚਾ ਹੁੰਦਾ ਰਿਹਾ।'

ਬੰਗਾਲ ਚੋਣ ਨਤੀਜਿਆਂ ਨੂੰ ਲੈ ਕੇ

ਅਦਾਲਤ ਦੀ ਕਾਰਵਾਈ ਅਤੇ ਪੈਂਡਿੰਗ ਅਪੀਲਾਂ ਅਦਾਲਤ ਵਿੱਚ ਦੱਸਿਆ ਗਿਆ ਕਿ ਟੀ.ਐਮ.ਸੀ.ਤੇ ਭਾਜਪਾ ਵਿਚਾਲੇ ਵੋਟਾਂ ਦਾ ਕੁੱਲ ਅੰਤਰ ਲੱਗਭੱਗ 32 ਲੱਖ ਸੀ, ਜਦਕਿ ਅਪੀਲ ਟ੍ਰਿਬਿਊਨਲ ਕੋਲ ਵੋਟਰ ਸੂਚੀ ਨਾਲ ਸਬੰਧਤ ਲੱਗਭੱਗ 35 ਲੱਖ ਅਪੀਲਾਂ ਅਜੇ ਵੀ ਪੈਂਡਿੰਗ ਹਨ।ਟੀ.ਐਮ.ਸੀ. ਨੇ ਮੰਗ ਕੀਤੀ ਕਿ ਜੇਕਰ ਜਿੱਤ ਦਾ ਅੰਤਰ ਹਟਾਏ ਗਏ ਵੋਟਰਾਂ ਤੋਂ ਘੱਟ ਹੈ, ਤਾਂ ਇਸ ਦੀ ਨਿਆਂਇਕ ਜਾਂਚ ਹੋਣੀ ਚਾਹੀਦੀ ਹੈ। ਸੁਪਰੀਮ ਕੋਰਟ ਅਤੇ ਚੋਣ ਕਮਿਸ਼ਨ ਦਾ ਪੱਖ

ਸੁਪਰੀਮ ਕੋਰਟ: ਬੈਂਚ ਨੇ ਟੀ.ਐਮ.ਸੀ.ਨੂੰ ਇਸ ਮਾਮਲੇ ਵਿੱਚ ਜ਼ਰੂਰੀ ਵੇਰਵਿਆਂ ਦੇ ਨਾਲ ਇੱਕ ਵੱਖਰੀ ਅਰਜ਼ੀ ਦਾਇਰ ਕਰਨ ਦਾ ਸੁਝਾਅ ਦਿੱਤਾ ਹੈ। ਅਦਾਲਤ ਨੇ ਕਿਹਾ ਕਿ ਉਨ੍ਹਾਂ ਦੀ ਤਰਜੀਹ ਇਹ ਯਕੀਨੀ ਬਣਾਉਣਾ ਹੋਵੇਗੀ ਕਿ ਪੈਂਡਿੰਗ ਅਪੀਲਾਂ ਦਾ ਫੈਸਲਾ ਤੇਜ਼ੀ ਨਾਲ ਹੋਵੇ। ਚੋਣ ਕਮਿਸ਼ਨ: ਭਾਰਤੀ ਚੋਣ ਕਮਿਸ਼ਨ ਦੇ ਵਕੀਲ ਨੇ ਟੀ.ਐਮ.ਸੀ.ਦੀਆਂ ਦਲੀਲਾਂ ਦਾ ਵਿਰੋਧ ਕਰਦਿਆਂ ਕਿਹਾ ਕਿ ਅਜਿਹੇ ਮਾਮਲਿਆਂ ਦਾ ਸਹੀ ਹੱਲ 'ਚੋਣ ਪਟੀਸ਼ਨ ਦਾਇਰ ਕਰਨਾ ਹੈ, ਨਾ ਕਿ ਸਿੱਧਾ ਸੁਪਰੀਮ ਕੋਰਟ ਵਿੱਚ ਅਪੀਲ।

ਮਾਨ ਨੇ ਗੁ. ਜੋਤੀਸਰ ਸਾਹਿਬ ਵਿਖੇ ਮੱਥਾ ਟੇਕ

ਇਹ ਆਖਦਿਆਂ ਕਿ ਕਿ ਪੰਜਾਬੀ ਕਦੇ ਵੀ ਦਬਾਅ ਦੀਆਂ

ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਪਿੰਡ ਮੋਰਾਂਵਾਲੀ 'ਚ ਸੜਕ ਦਾ ਉਦਘਾਟਨ, ਵਿਕਾਸ ਕਾਰਜਾਂ ਨੂੰ ਮਿਲੀ ਨਵੀਂ ਰਫ਼ਤਾਰ

ਚੰਡੀਗੜ੍ਹ/ਗੜ੍ਹਸ਼ੰਕਰ, 11 ਮਈ (ਚ.ਨ.ਸ.): ਹਲਕਾ ਗੜ੍ਹਸ਼ੰਕਰ ਦੇ ਪਿੰਡ ਮੋਰਾਂਵਾਲੀ ਵਿਖੇ ਅੱਜ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਅਗਵਾਈ ਹੇਠ ਵਿਕਾਸ ਕਾਰਜਾਂ ਨੂੰ ਹੋਰ ਮਜ਼ਬੂਤੀ ਮਿਲੀ, ਜਦੋਂ ਉਨ੍ਹਾਂ ਵੱਲੋਂ ਪਿੰਡ ਵਿੱਚ ਬਣਨ ਵਾਲੀ ਨਵੀਂ ਸੜਕ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਡਿਪਟੀ ਸਪੀਕਰ ਰੌੜੀ ਦਾ ਸਵਾਗਤ ਕੀਤਾ ਗਿਆ ਅਤੇ ਪਿੰਡ ਦੇ ਵਿਕਾਸ ਲਈ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸਰਾਹਨਾ ਕੀਤੀ ਗਈ। ਉਦਘਾਟਨ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਗਲੀਆਂ, ਪੀਣ ਵਾਲੇ ਪਾਣੀ, ਸੀਵਰੇਜ, ਖੇਡ ਮੈਦਾਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸੁਵਿਧਾਵਾਂ ਪਿੰਡਾਂ ਵਿੱਚ ਹੀ ਪ੍ਰਾਪਤ ਹੋ ਸਕਣ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪਿੰਡ ਮੋਰਾਂਵਾਲੀ ਵਿੱਚ ਬਣਨ ਵਾਲੀ ਇਹ ਸੜਕ ਲੋਕਾਂ ਲਈ ਕਾਫ਼ੀ ਲਾਹੇਵੰਦ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਬਣਨ ਨਾਲ ਆਵਾਜਾਈ ਸੁਖਾਲੀ ਹੋਵੇਗੀ ਅਤੇ ਲੋਕਾਂ ਨੂੰ ਕਈ ਸਮੱਸਿਆਵਾਂ ਤੋਂ ਰਾਹਤ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਮੀਂਹ ਦੇ ਦਿਨਾਂ ਵਿੱਚ ਪਿੰਡ ਵਾਸੀਆਂ ਨੂੰ ਆਉਣ-ਜਾਣ ਵਿੱਚ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਗਿਆ ਹੈ।

ਰੌੜੀ ਨੇ ਕਿਹਾ ਕਿ ਉਹ ਹਲਕਾ ਗੜ੍ਹਸ਼ੰਕਰ ਦੇ ਹਰ ਪਿੰਡ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰ ਰਹੇ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਹਰ ਪਿੰਡ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਿਆ ਜਾਵੇਗਾ।

ਡਿਪਟੀ ਸਪੀਕਰ ਰੌੜੀ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਵਾਲੀਆਂ ਨੀਤੀਆਂ ਨੂੰ ਤਰਜੀਹ ਦੇ ਰਹੀ ਹੈ ਤੇ ਸਿੱਖਿਆ, ਸਿਹਤ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀ ਸਰਕਾਰ ਹੋਣ ਦੇ ਨਾਤੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਵੀ ਡਿਪਟੀ ਸਪੀਕਰ ਰੌੜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਵਿੱਚ ਹੋ ਰਹੇ ਵਿਕਾਸ ਕਾਰਜਾਂ ਨਾਲ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ ਅਤੇ ਇਲਾਕੇ ਦੀ ਨੁਹਾਰ ਬਦਲ ਰਹੀ ਹੈ। ਇਸ ਮੌਕੇ ਪਿੰਡ ਦੇ ਪੰਚ, ਸਰਪੰਚ, ਨੰਬਰਦਾਰ, ਇਲਾਕੇ ਦੇ ਮੋਹਤਬਰ ਵਿਅਕਤੀ, ਸਥਾਨਕ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

'ਆਪ' ਨੂੰ ਝਟਕਾ, ਮੁੱਖ ਮੰਤਰੀ ਦਾ ਚਚੇਰਾ ਭਰਾ ਗਿਆਨ ਸਿੰਘ ਮਾਨ ਭਾਜਪਾ 'ਚ ਸ਼ਾਮਲ

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਕਰਵਾਇਆ ਸ਼ਾਮਲ

ਚੰਡੀਗੜ੍ਹ, 11 ਮਈ (ਹਰਦੀਪ ਕੌਰ): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਹਾਜਰੀ ਵਿਚ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੇ ਚਚੇਰੇ ਭਰਾ ਗਿਆਨ ਸਿੰਘ ਮਾਨ ਤੋਂ ਇਲਾਵਾ ਬਰਨਾਲਾ ਦੇ ਕਾਰੋਬਾਰੀ ਤੇ ਐਨਆਰਆਈ ਬਲਜਿੰਦਰ ਸਿੰਘ ਬਰਨਾਲਾ ਤੇ ਜਲਾਲਾਬਾਦ ਦੇ ਵਿਧਾਇਕ ਗੋਲਡੀ ਕੰਬੋਜ ਦੇ ਪੀਏ ਰਹੇ ਅਤੇ ਆਪ ਦੇ ਅਰਨੀਵਾਲਾ ਜੋਨ ਇੰਚਾਰਜ ਮਨਜਿੰਦਰ ਸਿੰਘ ਸਾਜਣ ਖੇੜਾ ਨੂੰ ਭਾਜਪਾ ਵਿਚ ਸ਼ਾਮਿਲ ਕਰਵਾਇਆ। ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਸਾਂਝੇ ਤੌਰ ਤੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੁਨੀਲ ਜਾਖੜ ਨੇ ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਆਗੂਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਲੋਕ ਜਿਸ ਬਦਲਾਅ ਦੀ ਉਮੀਦ ਨਾਲ ਆਪ ਨਾਲ ਜੁੜੇ ਸਨ, ਉਸ ਸੁਪਨੇ ਟੁੱਟਣ ਤੇ ਅੱਜ ਭਾਜਪਾ ਦੇ ਪਰਿਵਾਰ ਵਿਚ ਸ਼ਾਮਿਲ ਹੋ ਰਹੇ ਹਨ। ਇਸ ਮੌਕੇ ਅੱਜ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਜਿਵੇਂ ਅੰਮ੍ਰਿਤਸਰ, ਬਟਾਲਾ, ਤਰਨਤਾਰਨ ਤੇ ਲੁਧਿਆਣਾ ਵਿਚ ਭਾਜਪਾ ਦੇ ਦਫ਼ਤਰਾਂ ਤੇ ਵਰਕਰਾਂ ਤੇ ਹੋਏ ਹਮਲਿਆਂ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਭਾਜਪਾ ਸੂਬਾ ਪ੍ਰਧਾਨ ਨੇ ਚਿਤਾਵਨੀ ਦਿੱਤੀ ਕਿ ਸਭ ਦਾ ਹਿਸਾਬ ਹੋਵੇਗਾ। ਉਨ੍ਹਾਂ ਨੇ ਇਸ ਮੌਕੇ ਵਿਸੇਸ਼ ਤੌਰ ਤੇ ਪੁਲਿਸ ਤੇ ਸਿਵਲ ਅਫਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਹ ਯਾਦ ਰੱਖਣ ਕਿ ਉਹ ਸਰਕਾਰ ਵਰਗੇ ਹਾਲਾਤ ਨਹੀਂ ਬਣਾਉਣ ਦੇਣ ਦਿੱਤੇ

ਦੇ ਖਜਾਨੇ ਵਿਚੋਂ ਤਨਖਾਹ ਲੈਂਦੇ ਹਨ ਤੇ ਪੰਜਾਬ ਦੇ ਲੋਕਾਂ ਪ੍ਰਤੀ ਜਵਾਬਦੇਹ ਹਨ ਨਾ ਕਿ ਕਿਸੇ ਪਾਰਟੀ ਦੇ ਕਰਿੰਦੇ। ਇਸ ਲਈ ਕਾਨੂੰਨ ਅਨੁਸਾਰ ਕੰਮ ਕਰਨ ਅਤੇ ਜੋ ਕੋਈ ਵੀ ਆਪਣੇ ਅਹੁਦੇ ਦਾ ਦੁਰਪਯੋਗ ਕਰੇਗਾ ਉਸ ਖਿਲਾਫ ਸਮਾਂ ਆਉਣ ਤੇ ਕਾਰਵਾਈ ਹੋਵੇਗੀ।

ਉਨ੍ਹਾਂ ਨੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਭਗਵੰਤ ਮਾਨ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਭਾਜਪਾ ਦੇ ਦਫਤਰਾਂ ਤੇ ਹਮਲੇ ਕਰਨ ਨਾਲ ਈਡੀ ਤੇ ਸੀਬੀਆਈ ਦੀ ਰੇਡ ਖਤਮ ਨਹੀਂ ਹੋਣਗੀਆਂ। ਜਿੱਥੇ ਕਿਤੇ ਵੀ ਭ੍ਰਿਸ਼ਟਾਚਾਰ ਹੋਇਆ ਹੈ ਉਸਦੀ ਜਾਂਚ ਤਾਂ ਦੇਣਾ ਪਵੇਗਾ ਅਤੇ ਵਾਰੀ ਹਰੇਕ ਭ੍ਰਿਸ਼ਟਾਚਾਰੀ ਦੀ ਆਵੇਗੀ। ਸੁਨੀਲ ਜਾਖੜ ਨੇ ਕਿਹਾ ਕਿ ਆਪ ਨੂੰ ਪੰਜਾਬ ਵਿਚ ਮਮਤਾ ਦੇ ਬੰਗਾਲ ਜਾਣਗੇ। ਉਨ੍ਹਾਂ ਨੇ ਕਿਹਾ ਕਿ ਭਾਜਪਾ ਇਸ ਤਰਾਂ ਦੇ ਆਪ ਪਾਰਟੀ ਦੇ ਪੁਲਿਸ ਬਲ ਦੇ ਸਹਿਯੋਗ ਨਾਲ ਹੋ ਰਹੇ ਤਸੱਤਦ ਦਾ ਪੂਰੇ ਜੋਸ਼ ਨਾਲ ਟਾਕਰਾ ਕੀਤਾ ਜਾਵੇਗਾ ਅਤੇ ਆਪ ਦੀ ਗੁੰਡਾਗਰਦੀ ਪਾਰਟੀ ਨੂੰ ਲੋਕਾਂ ਦੀ ਗੱਲ ਕਰਨ ਤੋਂ ਰੋਕ ਨਹੀਂ ਸਕਦੀ ਹੈ।

ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਵਿਚ ਭਾਜਪਾ ਪ੍ਰਧਾਨ ਨੇ ਕਿਹਾ ਕਿ ਪਾਰਟੀ ਸਥਾਨਕ ਸਰਕਾਰਾਂ ਦੀਆਂ ਚੋਣਾਂ ਲਈ ਪੂਰੀ ਤਰਾਂ ਨਾਲ ਤਿਆਰ ਹੈ ਅਤੇ ਪੰਜਾਬ ਦੇ ਲੋਕ ਵੀ ਤਿਆਰ ਹਨ ਭ੍ਰਿਸ਼ਟ ਆਪ ਦੇ ਸ਼ਾਸਣ ਦਾ ਅੰਤ ਕਰਨ ਲਈ। ਉਨ੍ਹਾਂ ਨੇ ਕਿਹਾ ਕਿ ਚੋਣਾਂ ਵਿਚ ਸਰਕਾਰੀ ਮਸ਼ਨੀਰੀ ਆਪਣੀ ਨਿਰਪੱਖਤਾ ਬਣਾਈ ਰੱਖੇ ਨਹੀਂ ਤਾਂ ਲੀਡਰਾਂ ਦੇ ਨਾਲ ਨਾਲ ਪੱਖਪਾਤੀ ਅਫ਼ਸਰਾਂ ਨੂੰ ਵੀ ਸਮਾਂ ਆਉਣ ਤੇ ਜਵਾਬਦੇਹ ਬਣਾਇਆ ਜਾਵੇਗਾ।

ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਨੇ 83 ਫ਼ੀਸਦੀ ਸਫ਼ਲਤਾ ਦਰ ਕੀਤੀ ਹਾਸਲ

"ਸੰਸਥਾ ਦੀਆਂ ਹੁਣ ਤੱਕ ਦੀਆਂ ਸਭ ਤੋਂ ਵੱਡੀਆਂ ਪ੍ਰਾਪਤੀਆਂ ਵਿੱਚੋਂ ਇੱਕ" : ਅਮਨ ਅਰੋੜਾ

ਮੋਹਾਲੀ, 11 ਮਈ (ਹਰਦੀਪ ਕੌਰ): ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐਮਆਰਐਸਏਐਫਪੀਆਈ), ਮੋਹਾਲੀ ਦੇ 30 ਵਿੱਚੋਂ 25 ਕੈਡਿਟਾਂ ਨੇ ਵੱਕਾਰੀ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ) ਵਿਖੇ 157ਵੇਂ ਕੋਰਸ ਲਈ ਐਨਡੀਏ (1) ਲਿਖਤੀ ਪ੍ਰੀਖਿਆ ਪਾਸ ਕਰ ਲਈ ਹੈ। ਯੂਪੀਐਸਸੀ ਵੱਲੋਂ ਐਲਾਨੇ ਨਤੀਜਿਆਂ ਵਿੱਚ ਪ੍ਰਾਪਤ ਕੀਤੀ ਸ਼ਾਨਦਾਰ 83 ਫ਼ੀਸਦ ਦੀ ਸਫਲਤਾ ਦਰ ਇਹ ਦਰਸਾਉਂਦੀ ਹੈ ਕਿ ਸੰਸਥਾ ਨੇ ਆਪਣੇ ਇਤਿਹਾਸ 'ਚ ਹੁਣ ਤੱਕ ਦੀ ਸਭ ਤੋਂ ਵੱਡੀ ਸਫਲਤਾ ਦਰ ਹਾਸਲ ਕੀਤੀ ਹੈ। ਜ਼ਿਕਰਯੋਗ ਹੈ ਕਿ ਹੁਣ ਇਹ 25 ਕੈਡੇਟ ਸਰਵਿਸਿਜ਼ ਸਿਲੈਕਸ਼ਨ ਬੋਰਡ (ਐਸਐਸਬੀ) ਇੰਟਰਵਿਊ ਦੇਣਗੇ ਜੋ ਕਿ ਨੈਸ਼ਨਲ ਡਿਫੈਂਸ ਅਕੈਡਮੀ ਵਿੱਚ ਦਾਖਲੇ ਦਾ ਆਖਰੀ ਸਕ੍ਰੀਨਿੰਗ ਪੜਾਅ ਹੈ। ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕੈਡਿਟਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਐਸਐਸਬੀ ਇੰਟਰਵਿਊ ਤੇ ਅਗਲੇਰੀ ਸਿਖਲਾਈ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਕੈਡਿਟ ਪੰਜਾਬ ਦਾ ਮਾਣ ਹਨ। ਉਨ੍ਹਾਂ ਦੀ ਸਖਤ ਮਿਹਨਤ ਤੇ ਦ੍ਰਿੜ ਵਚਨਬੱਧਤਾ ਨੇ ਸੂਬੇ ਦਾ ਨਾਮ ਰੌਸ਼ਨ ਕੀਤਾ ਹੈ।

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਡਾਇਰੈਕਟਰ ਮੇਜਰ ਜਨਰਲ

(ਸੇਵਾਮੁਕਤ) ਅਜੈ ਐਚ ਚੌਹਾਨ, ਵੀਐਸਐਮ ਨੇ ਕੈਡਿਟਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਯੂਪੀਐਸਸੀ ਪਾਸ ਕਰਨਾ ਇੱਕ ਮੀਲ ਪੱਥਰ ਹੈ ਪਰ ਐਸਐਸਬੀ ਅਸਲ ਪ੍ਰੀਖਿਆ ਹੈ। ਉਨ੍ਹਾਂ ਕੈਡਿਟਾਂ ਨੂੰ ਇਮਾਨਦਾਰੀ ਅਤੇ ਸਵੈ -ਪੜਚੋਲ ਨਾਲ ਆਪਣੇ ਮਨ ਨੂੰ ਇਕਾਗਰ ਅਤੇ ਸਿੱਖਿਅਤ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਫੈਕਲਟੀ ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਨੇ ਇਹਨਾਂ ਨਤੀਜਿਆਂ ਲਈ ਸਖਤ ਮਿਹਨਤ ਕੀਤੀ। ਉਨ੍ਹਾਂ ਦੱਸਿਆ ਕਿ ਸੰਸਥਾ ਦੇ 25 ਕੈਡਿਟ ਇਸ ਸਾਲ ਜੂਨ ਵਿੱਚ ਸ਼ੁਰੂ ਹੋਣ ਵਾਲੇ ਐਨਡੀਏ, ਟੀਈਐਸ (ਤਕਨੀਕੀ ਐਂਟਰੀ ਸਕੀਮ) ਤੇ ਸੀਡੀਐਸ ਕੋਰਸਾਂ ਵਿੱਚ ਸ਼ਾਮਲ ਹੋਣ ਲਈ ਕਾਲ ਲੈਟਰਾਂ ਦੀ ਉਡੀਕ ਕਰ ਰਹੇ ਹਨ।

ਰਾਜਪਾਲ ਵੱਲੋਂ ਚੰਡੀਗੜ੍ਹ 'ਚ ਮੁਫ਼ਤ 'ਏਕੀਕ੍ਰਿਤ ਫਿਟਮੈਂਟ' ਕੈਂਪ ਦਾ ਉਦਘਾਟਨ

ਚੰਡੀਗੜ੍ਹ, 11 ਮਈ (ਹਰਦੀਪ ਕੌਰ): ਪੰਜਾਬ ਦੇ ਰਾਜਪਾਲ ਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਸਮਾਜ ਭਲਾਈ, ਮਹਿਲਾ ਤੇ ਬਾਲ ਵਿਕਾਸ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਭਗਵਾਨ ਮਹਾਵੀਰ ਵਿਕਲਾਂਗ ਸਹਾਇਤਾ ਸਮਿਤੀ (ਜੈਪੁਰ ਫੁੱਟ) ਦੇ ਸਹਿਯੋਗ ਨਾਲ ਆਯੋਜਿਤ ਦਿੱਵਯਾਂਗਜਨਾਂ ਲਈ ਤਿੰਨ ਦਿਨਾਂ ਦੇ ਮੁਫ਼ਤ ਏਕੀਕ੍ਰਿਤ ਮੁੱਲਾਂਕਣ-ਅਤੇ-ਫਿਟਮੈਂਟ ਕੈਂਪ ਦਾ ਉਦਘਾਟਨ ਕੀਤਾ। ਪ੍ਰੋਗਰਾਮ ਵਿੱਚ ਭਾਰਤ ਦੇ ਐਡੀਸ਼ਨਲ ਸਾਲਿਸਟਰ ਜਨਰਲ ਤੇ ਪ੍ਰਸ਼ਾਸਕ ਦੀ ਸਲਾਹਕਾਰ ਕਮੇਟੀ ਦੇ ਚੇਅਰਮੈਨ, ਸੱਤਿਆ ਪਾਲ ਜੈਨ ਵਿਸ਼ਿਸ਼ਟ ਮਹਿਮਾਨ ਦੇ ਰੂਪ ਉਪਸਥਿਤ ਰਹੇ। ਗਿਆਰਾਂ (11) ਤੋਂ 13 ਮਈ ਤੱਕ ਕਮਿਊਨਿਟੀ ਸੈਂਟਰ, ਸੈਕਟਰ 19-ਬੀ, ਚੰਡੀਗੜ੍ਹ ਵਿਖੇ ਆਯੋਜਿਤ ਇਸ ਕੈਂਪ ਵਿੱਚ ਪਾਤਰ ਲਾਭਾਰਥੀਆਂ ਨੂੰ ਇੱਕ ਹੀ ਸਥਾਨ 'ਤੇ ਏਕੀਕ੍ਰਿਤ ਮੁਲਾਂਕਣ ਤੇ ਫਿਟਮੈਂਟ ਸੇਵਾਵਾਂ ਦੇ ਜ਼ਰੀਏ ਮੁਫ਼ਤ ਨਕਲੀ ਅੰਗ ਤੇ ਸਹਾਇਕ ਉਪਕਰਣ ਪ੍ਰਦਾਨ ਕੀਤੇ ਜਾ ਰਹੇ ਹਨ। ਪੀਜੀਆਈਐੱਮਈਆਰ (PGIMER), ਜੀਐੱਮਸੀਐੱਚ (GMCH)-32 ਅਤੇ ਜੀਐੱਮਐੱਸਐੱਚ (GMSH)-16 ਦੇ ਡਾਕਟਰਾਂ ਨੇ ਵੀ ਕੈਂਪ ਦਾ ਨਿਰੀਖਣ ਕੀਤਾ। ਕੈਂਪ ਦੇ ਪਹਿਲੇ ਦਿਨ ਵਿਭਿੰਨ ਰਾਜਾਂ ਤੋਂ 40 ਤੋਂ ਅਧਿਕ ਦਿੱਵਯਾਂਗਜਨਾਂ ਨੇ ਰਜਿਸਟ੍ਰੇਸ਼ਨ ਕਰਵਾਈ।

ਸਭਾ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਦਿੱਵਯਾਂਗਜਨ ਸਮਾਜ ਦਾ ਅਭਿੰਨ ਤੇ ਸਮਰੱਥ ਹਿੱਸਾ ਹਨ ਤੇ ਉਨ੍ਹਾਂ ਨੂੰ ਕੇਵਲ ਹਮਦਰਦੀ ਨਹੀਂ, ਬਲਕਿ ਸਨਮਾਨ,

ਸਮਾਨ ਅਵਸਰ ਤੇ ਸੁਗਮ ਵਾਤਾਵਰਣ ਪ੍ਰਦਾਨ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ 1975 ਵਿੱਚ ਡੀ.ਆਰ. ਮਹਿਤਾ ਦੁਆਰਾ ਸਥਾਪਿਤ ਵਿਸ਼ਵ ਪ੍ਰਸਿੱਧ 'ਜੈਪੁਰ ਫੁੱਟ' ਪਹਿਲ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸੰਸਥਾ 25 ਲੱਖ ਤੋਂ ਅਧਿਕ ਦਿੱਵਯਾਂਗਜਨਾਂ ਦਾ ਪੁਨਰਵਾਸ ਕਰ ਚੁੱਕੀ ਹੈ ਤੇ ਆਪਣੀਆਂ ਮਾਨਵੀ ਸੇਵਾਵਾਂ ਲਈ ਸੰਯੁਕਤ ਰਾਸ਼ਟਰ ਆਰਥਿਕ ਅਤੇ ਸਮਾਜਿਕ ਪਰਿਸ਼ਦ ਤੋਂ 'ਸਪੈਸ਼ਲ ਕੰਸਲਟੇਟਿਵ ਸਟੇਟਸ' ਪ੍ਰਾਪਤ ਕਰ ਚੁੱਕੀ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਸੰਚਾਲਿਤ 'ਸੁਗਮਯ ਭਾਰਤ ਅਭਿਯਾਨ', ਏਡਿਪ (ਏਡੀਆਈਪੀ/ADIP) ਯੋਜਨਾ, ਯੂਨੀਕ ਡਿਸਏਬਿਲਿਟੀ ਆਈਡੀ ਪ੍ਰੋਜੈਕਟ ਅਤੇ ਦਿੱਵਯਾਂਗਜਨਾਂ ਦੇ ਅਧਿਕਾਰ ਐਕਟ, 2016 ਜਿਹੀਆਂ ਪਹਿਲਾਂ ਦਾ ਉਲੇਖ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਸੰਨ 2014 ਤੋਂ ਹੁਣ ਤੱਕ 32 ਲੱਖ ਤੋਂ ਅਧਿਕ ਦਿੱਵਯਾਂਗਜਨਾਂ ਨੂੰ ਸਹਾਇਕ ਉਪਕਰਣ ਉਪਲਬਧ ਕਰਵਾਏ ਜਾ ਚੁੱਕੇ ਹਨ। ਭਗਵਾਨ ਮਹਾਵੀਰ ਵਿਕਲਾਂਗ ਸਹਾਇਤਾ ਸਮਿਤੀ (ਜੈਪੁਰ ਫੁੱਟ) ਦੇ ਸਕੱਤਰ ਤੇ ਐੱਮ ਡੀ ਡਾ. ਦੀਪੇਂਦਰ ਮਹਿਤਾ ਨੇ ਕਿਹਾ ਕਿ ਦਿੱਵਯਾਂਗਜਨਾਂ ਦੇ ਸਰੀਰਕ ਪੁਨਰਵਾਸ ਦੇ ਨਾਲ-ਨਾਲ ਆਰਥਿਕ ਪੁਨਰਵਾਸ ਵੀ ਅਤਿਅੰਤ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖਿਆ,ਕੌਸ਼ਲ ਵਿਕਾਸ ਤੇ ਰੋਜ਼ਗਾਰ ਦੇ ਅਵਸਰ ਹੀ ਦਿੱਵਯਾਂਗਜਨਾਂ ਨੂੰ ਆਤਮਨਿਰਭਰ ਤੇ ਸਨਮਾਨਪੂਰਨ ਜੀਵਨ ਪ੍ਰਦਾਨ ਕਰਦੇ ਹਨ। ਇਸ ਅਵਸਰ 'ਤੇ ਸਮਾਜ ਭਲਾਈ, ਮਹਿਲਾ ਤੇ ਬਾਲ ਵਿਕਾਸ ਵਿਭਾਗ ਦੇ ਸਕੱਤਰ, ਅਨੁਰਾਧਾ ਐੱਸ. ਚਗ

ਸੰਪਾਦਕੀ

ਚੀਨ-ਪਾਕਿ ਦਾ ਨਾਪਾਕ ਗਠਜੋੜ

ਚੀਨ ਨੇ ਆਖਰਕਾਰ ਦੁਨੀਆ ਸਾਹਮਣੇ ਇਹ ਸਵੀਕਾਰ ਕਰ ਲਿਆ ਹੈ ਕਿ ਉਸਨੇ ਪਿਛਲੇ ਸਾਲ ਭਾਰਤ ਦੇ ਆਪ੍ਰੇਸ਼ਨ ਸਿੰਦੂਰ ਦੌਰਾਨ ਪਾਕਿਸਤਾਨ ਦੀ ਮਦਦ ਕੀਤੀ ਸੀ। ਇਹ ਪਹਿਲੀ ਵਾਰ ਹੈ ਜਦੋਂ ਚੀਨ ਨੇ ਇਸ ਟਕਰਾਅ ਵਿੱਚ ਆਪਣੀ ਸਿੱਧੀ ਭੂਮਿਕਾ ਨੂੰ ਸਵੀਕਾਰ ਕੀਤਾ ਹੈ। ਹਾਲਾਂਕਿ ਭਾਰਤ ਨੇ ਜੰਗਬੰਦੀ ਤੋਂ ਬਾਅਦ ਵਿਸ਼ਵਾਸ ਨਾਲ ਇਹ ਦਾਅਵਾ ਕੀਤਾ ਸੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਇਸ ਤਰ੍ਹਾਂ ਦੇ ਖੁਲਾਸੇ ਕੀਤੇ ਗਏ ਸਨ, ਚੀਨ ਨੇ ਪਹਿਲਾਂ ਉਨ੍ਹਾਂ ਨੂੰ ਨਕਾਰ ਦਿੱਤਾ ਸੀ। ਦਰਅਸਲ, ਚੀਨ ਭਾਰਤ-ਪਾਕਿਸਤਾਨ ਟਕਰਾਅ ਦੌਰਾਨ ਆਪਣੇ ਆਪ ਨੂੰ ਇੱਕ ਨਿਰਪੱਖ ਦੇਸ਼ ਵਜੋਂ ਦਰਸਾਉਣ ਦੀ ਕੋਸ਼ਿਸ਼ ਕਰ ਰਿਹਾ ਸੀ। ਹਾਲਾਂਕਿ, ਚੀਨ ਅਤੇ ਪਾਕਿਸਤਾਨ ਵਿਚਕਾਰ ਨੇੜਲੇ ਸਬੰਧ ਕੋਈ ਗੁਪਤ ਨਹੀਂ ਹਨ। ਚੀਨ ਦੁਆਰਾ ਇਹ ਸਵੀਕਾਰ ਇਹ ਸਪੱਸ਼ਟ ਕਰਦਾ ਹੈ ਕਿ ਭਾਰਤ ਨੂੰ ਭਵਿੱਖ ਵਿੱਚ ਕਈ ਸੁਰੱਖਿਆ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਅਤੇ ਉਸਨੂੰ ਆਪਣੀਆਂ ਰੱਖਿਆ ਨੀਤੀਆਂ, ਕੂਟਨੀਤੀ ਅਤੇ ਰਣਨੀਤੀ ਨੂੰ ਉਸ ਅਨੁਸਾਰ ਢਾਲਣਾ ਪਵੇਗਾ। ਹਾਲਾਂਕਿ ਹਾਲ ਹੀ ਦੇ ਸਮੇਂ ਵਿੱਚ ਚੀਨ ਦਾ ਰੁਖ਼ ਭਾਰਤ ਪ੍ਰਤੀ ਸਪੱਸ਼ਟ ਤੌਰ 'ਤੇ ਹਮਲਾਵਰ ਨਹੀਂ ਰਿਹਾ, ਪਰ ਉਸ ਦਾ ਵਿਸ਼ਵਵਿਆਪੀ ਅਕਸ ਇੱਕ ਅਜਿਹੇ ਦੇਸ਼ ਦੀ ਤਰ੍ਹਾਂ ਹੈ ਜਿਸ 'ਤੇ ਪੂਰੀ ਤਰ੍ਹਾਂ ਭਰੋਸਾ ਨਹੀਂ ਕੀਤਾ ਜਾ ਸਕਦਾ। ਇਹ ਧਿਆਨ ਦੇਣ ਯੋਗ ਹੈ ਕਿ ਪਿਛਲੇ ਸਾਲ 22 ਅਪ੍ਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਵਧ ਗਿਆ ਸੀ। ਜਵਾਬ ਵਿੱਚ ਭਾਰਤ ਨੇ ਆਪ੍ਰੇਸ਼ਨ ਸਿੰਦੂਰ ਸ਼ੁਰੂ ਕੀਤਾ, ਜਿਸ ਵਿੱਚ ਸਰਹੱਦ ਪਾਰ ਕਈ ਅੱਤਵਾਦੀ ਟਿਕਾਣਿਆਂ 'ਤੇ ਹਮਲਾ ਕੀਤਾ ਗਿਆ। ਇਸ ਕਾਰਵਾਈ ਵਿੱਚ ਸੌ ਤੋਂ ਵੱਧ ਅੱਤਵਾਦੀ ਮਾਰੇ ਗਏ ਸਨ। ਪਿਛਲੇ ਸਾਲ ਜੁਲਾਈ ਵਿੱਚ ਭਾਰਤ ਦੇ ਡਿਪਟੀ ਆਰਮੀ ਚੀਫ਼, ਲੈਫਟੀਨੈਂਟ ਜਨਰਲ ਰਾਹੁਲ ਆਰ. ਸਿੰਘ ਨੇ ਦਾਅਵਾ ਕੀਤਾ ਸੀ ਕਿ ਚੀਨ ਨੇ ਟਕਰਾਅ ਦੌਰਾਨ ਪਾਕਿਸਤਾਨ ਨੂੰ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ ਸੀ ਅਤੇ ਉਸਨੇ ਭਾਰਤੀ ਫੌਜੀ ਤਾਇਨਾਤੀਆਂ ਦੀ ਨਿਗਰਾਨੀ ਲਈ ਆਪਣੇ ਸੈਟੇਲਾਈਟਾਂ ਦੀ ਵਰਤੋਂ ਵੀ ਕੀਤੀ ਸੀ। ਚੀਨ ਨੇ ਪਹਿਲਾਂ ਇਸ ਦਾਅਵੇ ਤੋਂ ਇਨਕਾਰ ਕੀਤਾ ਸੀ। ਹਾਲਾਂਕਿ, ਪਿਛਲੇ ਵੀਰਵਾਰ ਨੂੰ, ਚਾਈਨਾ ਏਰੋਸਪੇਸ ਇੰਡਸਟਰੀ ਕਾਰਪੋਰੇਸ਼ਨ ਦੇ ਚੇਂਗਦੂ ਏਅਰਕ੍ਰਾਫਟ ਡਿਜ਼ਾਈਨ ਐਂਡ ਰਿਸਰਚ ਇੰਸਟੀਚਿਊਟ ਦੇ ਇੱਕ ਸੀਨੀਅਰ ਇੰਜੀਨੀਅਰ ਨੇ ਇੱਕ ਮੀਡੀਆ ਇੰਟਰਵਿਊ ਵਿੱਚ ਮੰਨਿਆ ਕਿ ਪਾਕਿਸਤਾਨ ਨੂੰ ਆਪ੍ਰੇਸ਼ਨ ਸਿੰਦੂਰ ਦੌਰਾਨ ਤਕਨੀਕੀ ਸਹਾਇਤਾ ਮਿਲੀ ਸੀ। ਦਰਅਸਲ, ਪਾਕਿਸਤਾਨੀ ਹਵਾਈ ਸੈਨਾ ਕੋਲ ਚੀਨੀ-ਨਿਰਮਿਤ ਜੇ 10 ਸੀ ਈ ਲੜਾਕੂ ਜਹਾਜ਼ਾਂ ਦਾ ਬੇੜਾ ਹੈ, ਜੋ ਕਿ ਚਾਈਨਾ ਏਰੋਸਪੇਸ ਇੰਡਸਟਰੀ ਕਾਰਪੋਰੇਸ਼ਨ ਦੀ ਇੱਕ ਸਹਾਇਕ ਕੰਪਨੀ ਦੁਆਰਾ ਨਿਰਮਿਤ ਹਨ। ਰਿਪੋਰਟਾਂ ਦੇ ਅਨੁਸਾਰ ਚੀਨ ਨੇ ਆਪਣੇ ਲੜਾਕੂ ਜਹਾਜ਼ਾਂ ਦੀਆਂ ਸਮਰੱਥਾਵਾਂ ਦੀ ਜਾਂਚ ਕਰਨ ਲਈ ਭਾਰਤ-ਪਾਕਿ ਟਕਰਾਅ ਨੂੰ ਇੱਕ ਪ੍ਰਯੋਗਸ਼ਾਲਾ ਵਜੋਂ ਵਰਤਿਆ ਅਤੇ ਪਾਕਿਸਤਾਨ ਨੂੰ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ। ਸਪੱਸ਼ਟ ਤੌਰ 'ਤੇ ਚੀਨ-ਪਾਕਿਸਤਾਨ ਰੱਖਿਆ ਸਹਿਯੋਗ ਹੁਣ ਹਥਿਆਰਾਂ ਦੀ ਸਪਲਾਈ ਤੱਕ ਸੀਮਿਤ ਨਹੀਂ ਹੈ। ਪਾਕਿਸਤਾਨ ਰਾਹੀਂ, ਚੀਨ ਅਸਲ ਲੜਾਈ ਦੀਆਂ ਸਥਿਤੀਆਂ ਵਿੱਚ ਆਪਣੇ ਉੱਨਤ ਹਥਿਆਰਾਂ ਅਤੇ ਨਿਗਰਾਨੀ ਪ੍ਰਣਾਲੀਆਂ ਦੀ ਜਾਂਚ ਕਰ ਰਿਹਾ ਹੈ। ਇਹ ਸਵੀਕਾਰ ਅਜਿਹੇ ਸਮੇਂ ਆਇਆ ਹੈ ਜਦੋਂ ਚੀਨ ਆਪਣੇ ਜੇ-35 ਬੰਬਾਰ ਪਾਕਿਸਤਾਨ ਨੂੰ ਵੇਚਣ ਦੀ ਯੋਜਨਾ ਬਣਾ ਰਿਹਾ ਹੈ। ਚੀਨ ਦੇ ਇਸ ਸਵੀਕਾਰ ਨੂੰ ਆਪਣੇ ਲੜਾਕੂ ਜਹਾਜ਼ਾਂ ਦੀ ਪੂਰੀ ਸਮਰੱਥਾ ਦਾ ਪ੍ਰਦਰਸ਼ਨ ਕਰਨ ਅਤੇ ਹਥਿਆਰਾਂ ਦੇ ਬਾਜ਼ਾਰ ਵਿੱਚ ਉਨ੍ਹਾਂ ਨੂੰ ਵਧੇਰੇ ਪ੍ਰਤੀਯੋਗੀ ਬਣਾਉਣ ਦੀ ਰਣਨੀਤੀ ਵਜੋਂ ਵੀ ਦੇਖਿਆ ਜਾ ਰਿਹਾ ਹੈ। ਹਾਲਾਂਕਿ, ਚੀਨ ਦੀ ਚਾਲਬਾਜ਼ੀ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਭਵਿੱਖ ਵਿੱਚ ਹੋਣ ਵਾਲੇ ਟਕਰਾਅ ਦੀ ਸਥਿਤੀ ਵਿੱਚ ਭਾਰਤ ਨੂੰ ਹੋਰ ਵੀ ਚੌਕਸ ਰਹਿਣਾ ਪਵੇਗਾ। ਇਸ ਤੋਂ ਇਲਾਵਾ, ਭਾਰਤ ਨੂੰ ਕੂਟਨੀਤੀ ਰਾਹੀਂ ਅੰਤਰਰਾਸ਼ਟਰੀ ਪੱਧਰ 'ਤੇ ਚੀਨ ਦੇ ਨਾਪਾਕ ਇਰਾਦਿਆਂ ਨੂੰ ਉਜਾਗਰ ਕਰਨਾ ਚਾਹੀਦਾ ਹੈ।

-ਜਗਜੀਤ ਸਿੰਘ ਦਰਦੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਧਾਮੀ ਜੇਕਰ ਪੜ੍ਹਦੇ, ਸੁਣਦੇ ਹੋਣ

ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ: ਸ਼ਰਧਾ ਦਾ ਕੇਂਦਰ ਜਾਂ ਸੈਲੀਬ੍ਰਿਟੀ ਦੀ ਪਬਲੀਸਿਟੀ ਦਾ ਮੰਚ ?

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

- ਕੀ ਇਹ ਬੇਅਦਬੀ ਦੀ ਸ਼੍ਰੇਣੀ ਵਿੱਚ ਆਉਂਦਾ ਹੈ? ਕੀ ਗੁਰੂ ਘਰ ਵਿੱਚ ਫਿਲਮ ਜਾਂ ਰਾਜਨੀਤਿਕ ਪ੍ਰਮੋਸ਼ਨ ਦੀ ਮਨਜ਼ੂਰੀ ਹੈ?
- ਕੀ ਸ਼੍ਰੋਮਣੀ ਕਮੇਟੀ ਸੁਣੇਗੀ?
- ਕੀ ਸ੍ਰੀ ਅਕਾਲ ਤਖ਼ਤ ਸਾਹਿਬ ਇਸ 'ਤੇ ਕੋਈ ਮਰਿਆਦਾਤਮਕ ਫ਼ੈਸਲਾ ਲਵੇਗਾ?
- ਕੀ ਗੁਰੂ ਘਰ ਨੂੰ ਵੀ.ਆਈ.ਪੀ. ਪਬਲੀਸਿਟੀ ਸਪੇਸ ਬਣਨ ਤੋਂ ਬਚਾਇਆ ਜਾਵੇਗਾ?

ਅੱਜ ਪੰਜਾਬ ਇਸ ਵੇਲੇ ਬੇਅਦਬੀ ਦੇ ਮਸਲਿਆਂ 'ਤੇ ਇਕ ਡੂੰਘੇ ਆਤਮਿਕ, ਧਾਰਮਿਕ ਅਤੇ ਸਮਾਜਿਕ ਸੰਕਟ ਵਿਚੋਂ ਲੰਘ ਰਿਹਾ ਹੈ। ਇੱਕ ਪਾਸੇ ਬੇਅਦਬੀ ਦੇ ਕਾਨੂੰਨ ਨੂੰ ਲੈ ਕੇ ਸਰਕਾਰਾਂ, ਸਿੱਖ ਸੰਸਥਾਵਾਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਚਕਾਰ ਵਿਚਾਰਧਾਰਕ ਟਕਰਾਅ ਹੈ; ਦੂਜੇ ਪਾਸੇ ਇੱਕ ਹੋਰ ਨਵਾਂ ਅਤੇ ਬਹੁਤ ਹੀ ਖ਼ਤਰਨਾਕ ਰੁਝਾਨ ਜਨਮ ਲੈ ਚੁੱਕਾ ਹੈ—ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰ ਪਰਿਕਰਮਾ ਅਤੇ ਲੰਗਰ ਪ੍ਰਥਾ ਨੂੰ ਵੀ.ਆਈ.ਪੀ. ਪਬਲਿਸਿਟੀ ਜ਼ੋਨ ਵਿੱਚ ਬਦਲ ਦੇਣ ਦਾ ਰੁਝਾਨ ਸਾਹਮਣੇ ਆਇਆ ਹੈ। ਕੱਲ੍ਹ ਦੀ ਘਟਨਾ ਵਿੱਚ ਫਿਲਮੀ ਹੀਰੋਇਨ ਪ੍ਰੀਟੀ ਜ਼ਿੰਟਾ ਦਾ ਲੰਗਰ ਸੇਵਾ ਦੌਰਾਨ ਮਾਸਕ ਪਹਿਨ ਕੇ ਰੋਟੀ ਵਰਤਾਉਂਦੇ ਹੋਏ ਫੋਟੋਆਂ ਅਤੇ ਵੀਡੀਓਜ਼ ਦਾ ਸੋਸ਼ਲ ਮੀਡੀਆ 'ਤੇ ਵਾਇਰਲ ਹੋਣਾ ਇੱਕ ਵੱਡੀ ਚਰਚਾ ਦਾ ਕਾਰਨ ਬਣਿਆ ਹੈ। ਅੱਜ ਸਵਾਲ ਇਹ ਨਹੀਂ ਕਿ ਉਹ ਗੁਰੂ ਘਰ ਕਿਉਂ ਆਈ। ਹਰ ਮਨੁੱਖ ਨੂੰ ਗੁਰੂ ਦੇ ਦਰ 'ਤੇ ਆਉਣ ਦਾ ਅਧਿਕਾਰ ਹੈ। ਸਵਾਲ ਇਹ ਹੈ ਕਿ ਜਦੋਂ ਲੰਗਰ ਦੀ ਸੇਵਾ ਕੈਮਰਿਆਂ ਨਾਲ ਘਿਰੀ ਹੋਵੇ, ਜਦੋਂ ਹਰ ਪਲ ਦੀ ਵੀਡੀਓ ਬਣਾਈ ਜਾ ਰਹੀ ਹੋਵੇ, ਜਦੋਂ ਪੁਲਿਸ ਦੇ ਅਧਿਕਾਰੀ, ਪ੍ਰਬੰਧਕ ਅਤੇ ਮੀਡੀਆ ਟੀਮਾਂ ਨਾਲ ਖੜ੍ਹੀਆਂ ਹੋਣ—ਤਾਂ ਕੀ ਉਹ ਸੇਵਾ ਰਹਿ ਜਾਂਦੀ ਹੈ ਜਾਂ ਪਬਲਿਕ ਰਿਲੇਸ਼ਨ ਐਕਟੀਵਿਟੀ ਬਣ ਜਾਂਦੀ ਹੈ?

ਸਿੱਖੀ ਵਿੱਚ ਸੇਵਾ ਦਾ ਮੂਲ ਸਿਧਾਂਤ ਹੈ—ਗੁਪਤ ਨਿਮਰਤਾ।

ਗੁਰੂ ਸਾਹਿਬ ਨੇ ਕਦੇ ਇਹ ਨਹੀਂ ਕਿਹਾ ਕਿ ਸੇਵਾ ਕਰਕੇ ਉਸ ਦੀ ਪ੍ਰਚਾਰ ਫਿਲਮ ਬਣਾਓ। ਲੰਗਰ ਵਿੱਚ ਰੋਟੀ ਵਰਤਾਉਣ ਵਾਲੇ ਹੱਥਾਂ ਦੀ ਖੁਸ਼ਬੂ ਨਿਮਰਤਾ ਨਾਲ ਆਉਂਦੀ ਹੈ, ਨਾ ਕਿ ਕੈਮਰੇ ਦੀ ਫਲੈਸ਼ ਨਾਲ। ਅੱਜ ਇਹ ਸਵਾਲ ਹੁਣ ਕੇਵਲ ਨੈਤਿਕ ਨਹੀਂ ਰਿਹਾ। ਇਹ ਸਿੱਖ ਰਹਿਤ ਮਰਿਆਦਾ, ਗੁਰਮਤਿ ਦੇ ਆਦਰਸ਼ਾਂ ਅਤੇ ਗੁਰੂ ਘਰ ਦੀ ਪਵਿੱਤਰਤਾ ਨਾਲ ਜੁੜਿਆ ਹੋਇਆ ਸਵਾਲ ਬਣ ਚੁੱਕਾ ਹੈ। ਕੀ ਗੁਰੂ ਦੇ ਘਰ ਆਉਣਾ, ਮੱਥਾ ਟੇਕਣਾ, ਸੇਵਾ ਕਰਨੀ ਅਤੇ ਲੰਗਰ ਵਰਤਾਉਣਾ ਇਕ ਆਤਮਿਕ ਨਿਮ੍ਰਤਾ ਹੈ ਜਾਂ ਫਿਰ ਇਹ ਮੀਡੀਆ ਇਵੈਂਟ ਬਣ ਗਿਆ ਹੈ? ਕੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਹੁਣ ਫਿਲਮਾਂ ਦੀ ਪ੍ਰਮੋਸ਼ਨ, ਰਾਜਨੀਤਿਕ ਚਿਹਰਿਆਂ ਦੀ ਇਮੇਜ਼ ਬਿਲਡਿੰਗ ਅਤੇ ਸੋਸ਼ਲ ਮੀਡੀਆ ਗੀਲਾਂ ਲਈ ਵਰਤਿਆ ਜਾਣ ਲੱਗ ਪਿਆ ਹੈ? ਇਹ ਪ੍ਰਸ਼ਨ ਅੱਜ ਹਰ ਸੰਜੀਦੇ ਸਿੱਖ ਦੇ ਮਨ ਵਿੱਚ ਉੱਠ ਰਿਹਾ ਹੈ। ਸ੍ਰੀ ਗੁਰੂ ਰਾਮਦਾਸ ਦੀ ਨਗਰੀ ਦੇ ਅਸਲ ਅਰਥ ਕੀ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਕੋਈ ਸੈਰ-ਸਪਾਟੇ ਦੀ ਜਗ੍ਹਾ ਨਹੀਂ। ਇਹ ਉਹ ਧਰਤੀ ਹੈ ਜਿੱਥੇ ਮਨੁੱਖ ਆਪਣਾ ਅਹੰਕਾਰ ਦਰਵਾਜ਼ੇ 'ਤੇ ਛੱਡ ਕੇ ਅੰਦਰ ਦਾਖਲ ਹੁੰਦਾ ਹੈ। ਇਹ ਉਹ ਥਾਂ ਹੈ ਜਿੱਥੇ ਰਾਜੇ-ਮਹਾਰਾਜੇ ਵੀ ਨੰਗੇ ਪੈਰ ਆਏ, ਸਿਰ ਝੁਕਾਇਆ ਅਤੇ ਸੰਗਤ ਵਿਚ ਬੈਠ ਕੇ ਲੰਗਰ ਛਕਿਆ।

ਸਿੱਖੀ ਦੀ ਸਭ ਤੋਂ ਵੱਡੀ ਤਾਕਤ ਹੀ ਇਹ ਸੀ ਕਿ ਇੱਥੇ ਕੋਈ ਵੀ.ਆਈ.ਪੀ. ਨਹੀਂ ਸੀ। ਨਾ ਕੋਈ ਰਾਜਾ, ਨਾ ਕੋਈ ਫ਼ਿਲਮ ਸਟਾਰ, ਨਾ ਕੋਈ ਅਮੀਰ-ਗਰੀਬ। ਸਭ ਇਕੋ ਪੰਗਤ ਵਿੱਚ ਬੈਠਦੇ ਸਨ ਪਰ ਅੱਜ ਹਾਲਤ ਉਲਟੀ ਹੋ ਰਹੀ ਹੈ। ਪੰਗਤ ਖ਼ਤਮ ਨਹੀਂ ਹੋਈ, ਪਰ ਪੰਗਤ ਦੇ ਨਾਲ ਕੈਮਰੇ ਖੜ੍ਹ ਗਏ ਹਨ। ਸੇਵਾ ਜਾਰੀ ਹੈ, ਪਰ ਸੇਵਾ ਦੇ ਨਾਲ ਫੋਟੋਸ਼ੂਟ ਜੁੜ ਗਿਆ ਹੈ। ਨਿਮਰਤਾ ਰਹੀ ਨਹੀਂ; ਉਸ ਦੀ ਥਾਂ ਇਮੇਜ਼ ਮੈਨੇਜਮੈਂਟ ਨੇ ਲੈ ਲਈ ਹੈ।

ਕੀ ਲੰਗਰ ਹੁਣ ਇੰਸਟਾਗ੍ਰਾਮ ਰੀਲ ਦਾ ਬੈਕਗ੍ਰਾਊਂਡ ਬਣ ਗਿਆ ਹੈ?

ਅੱਜ ਹਾਲਤ ਇਹ ਹੈ ਕਿ ਕੋਈ ਸੈਲੀਬ੍ਰਿਟੀ ਦੋ ਮਿੰਟ ਲਈ ਲੰਗਰ ਵਿੱਚ ਖੜ੍ਹਦਾ ਹੈ, ਦੋ ਪਲੇਟਾਂ ਫੜਦਾ ਹੈ, ਤਿੰਨ ਕੈਮਰੇ ਆ ਜਾਂਦੇ ਹਨ, ਦਸ ਫੋਟੋਆਂ ਖਿੱਚੀਆਂ ਜਾਂਦੀਆਂ ਹਨ ਅਤੇ ਅਗਲੇ ਦਿਨ ਇਹ ਖ਼ਬਰ ਬਣ ਜਾਂਦੀ ਹੈ ਕਿ ਫਲਾਣੇ ਹੀਰੋ/ਹੀਰੋਇਨ ਨੇ ਦਰਬਾਰ ਸਾਹਿਬ ਵਿੱਚ ਸੇਵਾ ਕੀਤੀ। ਕੀ ਇਹ ਸੇਵਾ ਹੈ? ਜਾਂ ਫਿਰ ਇਹ ਸਿੱਖ ਭਾਵਨਾਵਾਂ ਦੀ ਬ੍ਰਾਂਡਿੰਗ ਹੈ?

ਕੀ ਇਹ ਰਹਿਤ ਮਰਿਆਦਾ ਦਾ ਅਦ੍ਰਿਸ਼ਟ ਉਲੰਘਣ ਨਹੀਂ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਹੁਣ ਇਸ ਸਵਾਲ ਨੂੰ ਗੰਭੀਰਤਾ ਨਾਲ ਲੈਣਾ ਹੋਵੇਗਾ। ਸਿੱਖ ਰਹਿਤ ਮਰਿਆਦਾ ਸਿਰਫ਼ ਇਹ ਨਹੀਂ ਕਿ ਜੁੱਤੇ ਉਤਾਰੋ, ਸਿਰ ਢੱਕੋ ਜਾਂ ਤੰਬਾਕੂ ਨਾ ਲਿਆਓ। ਰਹਿਤ ਮਰਿਆਦਾ ਦਾ ਅਸਲ ਮਤਲਬ ਗੁਰੂ ਘਰ ਦੀ ਆਤਮਿਕ ਗੰਭੀਰਤਾ ਅਤੇ ਨਿਮਰਤਾ ਨੂੰ ਕਾਇਮ ਰੱਖਣਾ ਹੈ। ਜੇਕਰ ਕੋਈ ਵਿਅਕਤੀ ਗੁਰੂ ਘਰ ਨੂੰ ਆਪਣੀ ਸੈਲੀਬ੍ਰਿਟੀ ਇਮੇਜ਼ ਵਧਾਉਣ ਲਈ ਵਰਤਦਾ ਹੈ, ਤਾਂ ਇਹ ਰੂਹਾਨੀ ਮਰਿਆਦਾ ਦਾ ਉਲੰਘਣ ਹੈ। ਅੱਜ ਗੀਲਾਂ ਦਾ ਯੁੱਗ ਹੈ। ਲੋਕ ਮੱਥਾ ਟੇਕਣ ਤੋਂ ਪਹਿਲਾਂ ਕੈਮਰਾ ਔਨ ਕਰਦੇ ਹਨ। ਸੇਵਾ ਕਰਨ ਤੋਂ ਪਹਿਲਾਂ ਫੋਟੋਗ੍ਰਾਫਰ ਲੱਭਦੇ ਹਨ। ਅਰਦਾਸ ਤੋਂ ਪਹਿਲਾਂ ਪੋਸਟ ਤਿਆਰ ਹੁੰਦੀ ਹੈ। ਅੱਜ ਇਹ ਰੁਝਾਨ ਖ਼ਤਰਨਾਕ ਹੈ, ਕਿਉਂਕਿ ਇਹ ਹੌਲੀ-ਹੌਲੀ ਗੁਰੂ ਘਰ ਨੂੰ ਇੱਕ ਵਿਜ਼ੂਅਲ ਸਪੇਸ ਵਿੱਚ ਬਦਲ ਰਿਹਾ ਹੈ। ਜਿੱਥੇ ਭਗਤੀ ਘੱਟ ਅਤੇ ਵਿਜ਼ੀਬਿਲਟੀ ਵੱਧ ਰਹੀ ਹੈ।

ਕੀ ਇਹ ਹੁਣ ਬੇਅਦਬੀ ਦੀ ਸ਼੍ਰੇਣੀ ਵਿੱਚ ਆਉਂਦਾ ਹੈ?

ਇਹ ਇੱਕ ਸੰਵੇਦਨਸ਼ੀਲ ਸਵਾਲ ਹੈ। ਹਰ ਗਲਤ ਕੰਮ ਨੂੰ ਕਾਨੂੰਨੀ ਬੇਅਦਬੀ ਨਹੀਂ ਕਿਹਾ ਜਾ ਸਕਦਾ। ਪਰ ਇਹ ਜ਼ਰੂਰ ਕਿਹਾ ਜਾ ਸਕਦਾ ਹੈ ਕਿ ਇਹ ਆਤਮਿਕ ਬੇਅਦਬੀ ਹੈ। ਇਹ ਉਸ ਮੂਲ ਭਾਵਨਾ ਦੀ ਬੇਅਦਬੀ ਹੈ ਜਿਸ 'ਤੇ ਸਿੱਖੀ ਤੇ ਸਿੱਖ ਸਮਾਜ ਖੜ੍ਹਾ ਹੈ। ਜਦੋਂ ਕੋਈ ਵਿਅਕਤੀ ਗੁਰੂ ਘਰ ਨੂੰ ਆਪਣੇ ਵਪਾਰਕ ਲਾਭ, ਫਿਲਮ ਪ੍ਰਮੋਸ਼ਨ ਜਾਂ ਰਾਜਨੀਤਿਕ ਅਕਸ ਲਈ ਵਰਤਦਾ ਹੈ, ਤਾਂ ਉਹ ਗੁਰੂ ਘਰ ਦੀ ਸਰਵਜਨਿਕ ਪਵਿੱਤਰਤਾ ਨੂੰ ਨਿੱਜੀ ਮਕਸਦ ਲਈ ਵਰਤ ਰਿਹਾ ਹੁੰਦਾ ਹੈ। ਇਹ ਗੁਰੂ ਦੀ ਨਗਰੀ ਨੂੰ ਬ੍ਰਾਂਡ ਐਸੈਟ ਵਿੱਚ ਬਦਲਣ ਵਰਗਾ ਹੈ। ਅੱਜ ਇਹ ਹੋਰ ਵੀ ਦੁਖਦਾਈ ਬਣ ਜਾਂਦਾ ਹੈ ਜਦੋਂ ਇਸ ਵਿੱਚ ਪ੍ਰਬੰਧਕ ਖੁਦ ਸਾਥ ਦੇਣ। ਜਦੋਂ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਅਤੇ ਪੰਜਾਬ ਪੁਲਿਸ ਦੇ ਵਰਦੀਧਾਰੀ ਅਧਿਕਾਰੀ ਸੈਲੀਬ੍ਰਿਟੀਆਂ ਨਾਲ ਖੜ੍ਹ ਕੇ ਫੋਟੋ ਖਿਚਾਉਂਦੇ ਹਨ, ਤਾਂ ਇੱਕ ਸੰਦੇਸ਼ ਜਾਂਦਾ ਹੈ ਕਿ ਗੁਰੂ ਘਰ ਵਿੱਚ ਵੀ ਵੀ. ਆਈ. ਪੀ. ਸਭਿਆਚਾਰ ਨੂੰ ਮਨਜ਼ੂਰੀ ਮਿਲ ਰਹੀ ਹੈ।

ਗੁਰੂ ਘਰ ਅਤੇ ਵਪਾਰਕ ਪ੍ਰਮੋਸ਼ਨ ਦਾ ਟਕਰਾਅ ਵਿੱਚ ਪਿਛਲੇ ਕੁਝ ਸਾਲਾਂ ਵਿੱਚ ਇੱਕ ਨਵਾਂ ਰੁਝਾਨ ਤੇਜ਼ੀ ਨਾਲ ਵਧਿਆ ਹੈ—ਫਿਲਮ ਰਿਲੀਜ਼ ਤੋਂ ਪਹਿਲਾਂ ਸੈਲੀਬ੍ਰਿਟੀਆਂ ਦਾ ਦਰਬਾਰ ਸਾਹਿਬ ਆਉਣਾ। ਕਈ ਵਾਰੀ ਪੂਰੀ ਮੀਡੀਆ ਟੀਮ ਨਾਲ ਕੈਮਰੇ ਪਹਿਲਾਂ ਤਿਆਰ ਹੁੰਦੇ ਹਨ, ਸੋਸ਼ਲ ਮੀਡੀਆ ਪੋਸਟਾਂ ਪਹਿਲਾਂ ਡਿਜ਼ਾਇਨ ਹੁੰਦੀਆਂ ਹਨ ਅਤੇ ਫਿਰ ਸ਼ਰਧਾ ਦਾ ਪ੍ਰੋਗਰਾਮ ਹੁੰਦਾ ਹੈ। ਅੱਜ ਸਵਾਲ ਇਹ ਹੈ ਕਿ ਜੇ ਇਹ ਸ਼ਰਧਾ ਹੈ ਤਾਂ ਇਸ ਦੀ ਪਬਲੀਸਿਟੀ ਕਿਉਂ? ਕੀ ਅਰਦਾਸ ਨੂੰ ਵੀ ਹੁਣ ਕੰਟੈਂਟ ਬਣਾਇਆ ਜਾਵੇਗਾ? ਕੀ ਗੁਰੂ ਘਰ ਹੁਣ ਬਾਲੀਵੁੱਡ ਅਤੇ ਰਾਜਨੀਤੀ ਲਈ ਸਾਫ਼ ਇਮੇਜ਼ ਸਰਟੀਫਿਕੇਟ ਜਾਰੀ ਕਰਨ ਵਾਲੀ ਜਗ੍ਹਾ ਬਣੇਗਾ? ਸਿੱਖੀ ਵਿੱਚ ਦਿਖਾਵਾ ਮਨਾਹੀ ਹੈ।

ਗੁਰੂ ਨਾਨਕ ਸਾਹਿਬ ਨੇ ਇਸ ਪਾਖੰਡ ਦੇ ਵਿਰੁੱਧ ਲੜਾਈ ਲੜੀ ਸੀ ਪਰ ਅੱਜ ਗੁਰੂ ਦੇ ਘਰ ਅੰਦਰ ਹੀ ਪਖੰਡ ਦੇ ਨਵੇਂ ਰੂਪ ਪੈਦਾ ਹੋ ਰਹੇ ਹਨ—ਡਿਜ਼ੀਟਲ ਪਖੰਡ।

ਅੱਜ ਸ਼੍ਰੋਮਣੀ ਕਮੇਟੀ ਦੀ ਚੁੱਪ ਸਭ ਤੋਂ ਵੱਡਾ ਸਵਾਲ ਹੈ।

ਜਥੇਦਾਰ ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਕਮੇਟੀ ਨੂੰ ਇਹ ਸਪੱਸ਼ਟ ਕਰ

ਵਿਸ਼ਾਲ ਨਗਰ ਕੀਰਤਨ ਨੇ ਖਾਲਸਈ ਧੁੰਨਾਂ 'ਚ ਗੂੰਜਣ ਲੱਗਿਆ ਸ਼ਹਿਰ ਪੁਨਤੀਨੀਆਂ

ਰੋਮ 11 ਮਈ (ਗੁਰਸ਼ਰਨ ਸਿੰਘ ਸੋਨੀ) ਭਾਰਤੀ ਸਮਾਜ ਵਿੱਚੋਂ ਜਾਤ-ਪਾਤ ਰੂਪੀ ਕੌਹਜ,ਉੱਚ-ਨੀਚ,ਭਿੰਨ-ਭੇਦ ਤੇ ਗੈਰ-ਬਰਾਬਰਤਾ ਨੂੰ ਖਤਮ ਕਰਨ, ਸਿੱਖ ਸੰਗਤਾਂ ਨੂੰ ਵਿਲੱਖਣ ਤੇ ਨਿਰਾਲਾ ਰੁੱਤਬਾ ਦੇਣ ਲਈ ਮਹਾਨ ਸਿੱਖ ਧਰਮ ਦੇ ਦਸਮੇਸ਼ ਪਿਤਾ,ਸਰਬੰਸਦਾਨੀ,ਸੰਤ ਸਿਪਾਹੀ,ਸਾਹਿਬੇ-ਕਮਾਲ ਮਰਦ ਆਗੰਮਬੜਾ ਸ਼੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀਓ ਵੱਲੋਂ ਸਾਜੇ ਖਾਲਸਾ ਪੰਥ ਦੇ 327ਵੇਂ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਲਾਸੀਓ ਸੂਬੇ ਦੇ ਪ੍ਰਸਿੱਧ ਗੁਰਦੁਆਰਾ ਸਾਹਿਬ ਸਿੰਘ ਸਭਾ ਮਿਲੀਆਰਾ ਰੋਡ ਨੰਬਰ 47 ਪੁਨਤੀਨੀਆ(ਲਾਤੀਨਾ)ਦੀ ਪ੍ਰਬੰਧਕ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ ਸਜਾਇਆ ਗਿਆ ਜਿਸ ਵਿੱਚ ਸਿੱਖ ਪ੍ਰਮਪਰਾ ਤਹਿਤ ਬਹੁਤ ਹੀ ਸ਼ਰਧਾ,ਸਤਿਕਾਰ,ਜੋਸੋ ? ਖਰੋਸ ਨਾਲ ਨਿਹਾਲ ਸਤਿ ਸ਼੍ਰੀ ਅਕਾਲਲਗਾਉਂਦਿਆਂ ਸ਼ਹਿਰ ਪੁਨਤੀਨੀਆਂ ਚੁਫਰੇਰਿਓ ਖਾਲਸਈ ਧੁੰਨਾਂ ਵਿੱਚ ਗੂੰਜਣ ਲਗਾ ਦਿੱਤਾ। ਇਟਲੀ ਭਰ ਤੋਂ ਸਿੱਖ ਸੰਗਤਾਂ ਦੇ ਵੱਡੇ ਹਜੂਮ ਨੇ ਹਾਜ਼ਰੀ ਭਰਦਿਆਂ ਖਾਲਸੇ ਦੀ ਚੜ੍ਹਦੀ ਕਲਾ ਦੇ ਜੈਕਾਰੇ ਬੋਲੇ ਸੋ

kotak Kotak Mahindra Bank

ਕੋਟਕ ਮਹਿੰਦਰਾ ਬੈਂਕ ਲਿਮ. — ਕਬਜ਼ਾ ਸੂਚਨਾ

ਯੂਨਿਟ ਦਫ਼ਤਰ : 27 ਬੀਕੇਸੀ, ਸੀ-27, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ), ਮੁੰਬਈ-400051
ਸ਼ਾਖਾ ਦਫ਼ਤਰ : ਐਸਸੀਓ 120, 6ਵੀਂ ਮੰਜ਼ਿਲ, ਰਿਫਿਊ ਗਾਂਧੀ ਮਾਰਕਿਟ, ਰਿਫੋਜ਼ਪੁਰ ਰੋਡ, ਭਾਈ ਵਾਲਾ ਚੌਕ, ਲੁਧਿਆਣਾ-141001

ਜਿਥੇ ਕਿ ਨਿਮਨ ਹਸਤਾਖ਼ਰੀ ਵੱਲੋਂ **ਕੋਟਕ ਮਹਿਦਰਾ ਬੈਂਕ ਲਿਮ.** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਦੇ ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਕੁਰਤਾਨ ਦੀ ਅਸਲ ਮਿਤੀ ਤੱਕ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚਿਆਂ ਸਮੇਤ ਦਰਸਾਈਆਂ ਸੂਚਨਾਵਾਂ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ ਸਬੰਧਤ ਕਰਜ਼ਦਾਰ/ਜ਼ਮਾਨਤੀ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਏ ਕਰਜ਼ਦਾਰ/ਜ਼ਮਾਨਤੀ ਨੂੰ ਮੰਗ ਸੂਚਨਾਵਾਂ ਜਾਰੀ ਕੀਤੀਆਂ ਸਨ। ਦਰਸਾਏ ਕਰਜ਼ਦਾਰ (ਾਂ) – ਸਹਿ-ਕਰਜ਼ਦਾਰ (ਾਂ) ਰਕਮ ਅਦਾ ਕਰਨ ਵਿਚ ਅਸਫਲ ਰਹੇ ਹਨ, ਇਸ ਲਈ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਦਰਸਾਈਆਂ ਮਿਤੀਆਂ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13 (4) R/W ਦੇ ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ ਭੌਤਿਕ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀਆਂ ਦੀ ਕੋਈ ਵੀ ਸੌਦੇਬਾਜ਼ੀ ਸਬੰਧਤ ਮਿਤੀਆਂ ਤੋਂ ਡਾਢੀ ਵਿਆਜ, ਲਾਗਤਾਂ ਅਤੇ ਫੀਸਾਂ ਸਮੇਤ ਇਥੇ ਦਰਸਾਈ ਰਕਮ ਦੇ ਲਈ **ਕੋਟਕ ਮਹਿਦਰਾ ਬੈਂਕ ਲਿਮ.** ਦੇ ਚਾਰਜ ਨਾਲ ਸਬੰਧਤ ਹੋਵੇਗੀ। ਕਰਜ਼ਦਾਰਾਂ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ ਜ਼ਮਾਨਤੀ, ਸੂਚੀਬੱਧ ਸੰਪੱਤੀ, ਬਕਾਇਆ ਰਕਮਾਂ, ਧਾਰਾ 13(2) ਦੇ ਅਧੀਨ ਭੇਜੀ ਮੰਗ ਸੂਚਨਾ, ਦਾਅਵਾ ਕੀਤੀ ਰਕਮ ਅਤੇ ਕਬਜ਼ੇ ਦੀ ਮਿਤੀ ਦੇ ਵੇਰਵੇ ਨਿਮਨ ਦਰਸਾਏ ਅਨੁਸਾਰ ਹਨ :-

ਕਰਜ਼ਦਾਰ, ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ, ਕਰਜ਼ ਖਾਤਾ ਨੰਬਰ, ਕਰਜ਼ੇ ਦੀ ਰਕਮ	ਅਚੱਲ ਸੰਪੱਤੀ ਦੇ ਵੇਰਵੇ	1. ਕਬਜ਼ੇ ਦੀ ਮਿਤੀ 2. ਕਬਜ਼ੇ ਦੀ ਕਿਸਮ 3. ਮੰਗ ਸੂਚਨਾ ਦੀ ਮਿਤੀ 4. ਬਕਾਇਆ ਰਕਮ ਰੁ. 'ਚ
1. ਸ਼੍ਰੀ ਵਿਨੈਂਦ ਕੁਮਾਰ ਪੁੱਤਰ ਸ਼੍ਰੀ ਸੋਮ ਨਾਥ ਵਾਸੀ: ਮਕਾਨ ਨੰ. ਸਟਾਰ ਹਾਊਸ 17, ਮਹਾਰਾਜਾ ਐਨਕਲੇਵ, ਸੁਲਰ ਰੋਡ, ਨਵਜੀਵਨੀ ਸਕੂਲ ਦੇ ਨੇੜੇ, ਪਟਿਆਲਾ, ਪੰਜਾਬ-147001 2. ਸ਼੍ਰੀਮਤੀ ਪੂਨਮ ਰਾਣੀ ਪਤਨੀ ਸ਼੍ਰੀ ਸ਼੍ਰੀ ਵਿਨੈਂਦ ਕੁਮਾਰ ਵਾਸੀ: ਮਕਾਨ ਨੰ. ਸਟਾਰ ਹਾਊਸ 17, ਮਹਾਰਾਜਾ ਐਨਕਲੇਵ, ਸੁਲਰ ਰੋਡ, ਨਵਜੀਵਨੀ ਸਕੂਲ ਦੇ ਨੇੜੇ, ਪਟਿਆਲਾ, ਪੰਜਾਬ-147001 ਕਰਜ਼ ਖਾਤਾ ਨੰਬਰ: 17800003826 ਮਨਜ਼ੂਰ ਕਰਜ਼ ਰਾਸ਼ੀ: 16,81,891/- ਰੁਪਏ (ਸੋਲ੍ਹਾਂ ਲੱਖ ਇੱਕਾਸੀ ਹਜ਼ਾਰ ਅੱਠ ਸੌ ਇਕਾਨਵੇਂ ਰੁਪਏ ਕੇਵਲ)	ਜਾਇਦਾਦ ਪਲਾਟ ਨੰਬਰ 17 ਮਿੰਨ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਪਿੰਡ ਸੁਲਰ, ਤਹਿਸੀਲ ਅਤੇ ਜ਼ਿਲ੍ਹਾ ਪਟਿਆਲਾ ਵਿਖੇ ਸਥਿਤ, 0-3 ਬਿਸਵਾ ਭਾਵ 150 ਵਰਗ ਗਜ਼ ਦਾ ਖੇਤਰਫਲ, ਜਿਸ ਵਿੱਚ ਖੇਵਟ ਨੰਬਰ 42, ਖਤੌਨੀ ਨੰਬਰ 26 ਮਿੰਨ, ਖਸਰਾ ਨੰਬਰ 118(6-5), 119(5-0), 121(5-19), 122(6-5), 123(6-5), ਕਿੱਤੇ 5, ਕੁੱਲ 29 ਵਿੱਘੇ 14 ਬਿਸਵਾ ਬਾਮਲ ਹੈ, ਜਿਸ ਵਿੱਚੋਂ 0-3 ਬਿਸਵਾ ਭਾਵ 150 ਵਰਗ ਗਜ਼ ਸ਼੍ਰੀ ਵਿਨੈਂਦ ਕੁਮਾਰ ਪੁੱਤਰ ਸ਼੍ਰੀ ਸੋਮ ਨਾਥ ਦੇ ਨਾਮ 'ਤੇ ਵਿਕਰੀ ਡੀਡ ਨੰਬਰ 1761 ਮਿਤੀ 04.05.2016 ਅਤੇ ਇੰਤਕਾਲ ਨੰਬਰ 2582 ਰਾਹੀਂ ਮਾਲੀਆ ਰਿਕਾਰਡ ਅਨੁਸਾਰ ਮਨਜ਼ੂਰ ਕੀਤਾ ਗਿਆ ਹੈ। ਵਿਕਰੀ ਡੀਡ ਦੇ ਅਨੁਸਾਰ, ਸਵਾਲੀਆ ਜਾਇਦਾਦ ਦੀ ਹੱਦਬੰਦੀ ਹੇਠ ਲਿਖੇ ਅਨੁਸਾਰ ਹੈ: ਪੂਰਬ: ਸੜਕ 30', ਸਾਈਡ 22-6" ਪੱਛਮ: ਖਾਲੀ ਪਲਾਟ, ਸਾਈਡ 22-6" ਉੱਤਰ: ਮਾਲਕ ਦਾ ਪਲਾਟ, ਸਾਈਡ 60 ਦੱਖਣ: ਪਲਾਟ ਨੰਬਰ 18, ਸਾਈਡ 60 ਗਿਰਵੀਕਾਰ ਦਾ ਨਾਮ: ਸ਼੍ਰੀ ਵਿਨੈਂਦ ਕੁਮਾਰ ਪੁੱਤਰ ਸ਼੍ਰੀ ਸੋਮ ਨਾਥ	1.08.05.2026 2. ਸੰਕੇਤਕ ਕਬਜ਼ਾ 3.10.12.2025 4. 2203941.30/- ਰੁਪਏ (ਬਾਈ ਲੱਖ ਤਿੰਨ ਹਜ਼ਾਰ ਨੌ ਸੌ ਇਕਤਾਲੀ ਪੈਸੇ ਅਤੇ ਤੀਹ ਪੈਸੇ ਕ ਵ ਲ) 28.11.2025 ਤੱਕ ਲਾਗੂ ਵਿਆਜ ਬਕਾਇਆ ਅਤੇ ਬਕਾਏ ਸਮੇਤ 29.11.2025 ਤੋਂ ਪੂਰਾ ਭੁਗਤਾਨ ਹੋਣ ਤੱਕ ਭੁਗਤਾਨਯੋਗ।

ਮਿਤੀ : 12.05.2026, ਸਥਾਨ : ਪੰਜਾਬ — ਵਾਸਤੇ ਕੋਟਕ ਮਹਿਦਰਾ ਬੈਂਕ ਲਿਮਟਿਡ, ਅਧਿਕਾਰਤ ਅਧਿਕਾਰੀ

ਕਿਸੇ ਵੀ ਪੁਛਗਿਛ ਲਈ ਕਿਰਪਾ ਕਰਕੇ ਸ਼੍ਰੀ ਪੰਕਜ ਸ਼ਰਮਾ/ਸ਼੍ਰੀ ਰਵਿਦਰ ਰੰਦਾਰਾ (ਮੋਬਾਇਲ ਨੰ. +917206833372/+919983999074) ਨੂੰ ਸੰਪਰਕ ਕਰੋ।

KOTAK MAHINDRA BANK LIMITED

Regd office: 27BKC, C 27, G Block, Bandra Kurla Complex, Bandra (E), Mumbai 400 051 **Corporate office:** Kotak Infiniti, Bldg No 21, Infinity Park, General AK Vaidya Marg, Malad (E), Mumbai 400 097 **www.kotak.com**

AUCTION - NOTICE

That the below mentioned Borrower/s had availed gold loan facility against security of the gold ornaments/ items, as specified below. The Borrower/s defaulted in due repayment of the installments and outstanding dues and as a result of which the Bank was constrained to issue notices calling upon the Borrower/s to repay the outstanding amounts. However, the Borrower/s has failed to repay/clear his outstanding dues thereby compelling the Bank to auction the gold ornaments pledged in favour of the Bank.

The auction of the below mentioned gold ornaments would be held on/after at :-**Date: 21-MAY-2026 Time: 10.00 AM** Place: Respective Branch Premises//E-Auction

Appl	Apac/ Account No	Borrower Name	State	Location	Branch	Gross weight (In Gms)
GLN	4276780	JASMINE KAUR	PUNJAB&CHANDIGARH	LUDHIANA	AEASTMNAGA	19.40
GLN	4184006	RAJBIR KAUR	PUNJAB&CHANDIGARH	LUDHIANA	AEASTMNAGA	31.80
GLN	3802119	JITENDER KUMAR	PUNJAB&CHANDIGARH	CHANDIGARH	AMBALA	11.27
GLN	4134798	HARJINDER SINGH	PUNJAB&CHANDIGARH	LUDHIANA	AMRITSAR	23.00
GLN	4382819	POONAM KHANNA	PUNJAB&CHANDIGARH	LUDHIANA	AMRITSAR	94.30
GLN	4392454	SEEMA TUTEJA	PUNJAB&CHANDIGARH	LUDHIANA	AMRITSAR	339.00
GLN	4397275	SONAM .	PUNJAB&CHANDIGARH	LUDHIANA	AMRITSAR	285.30
GLN	4397406	SONAM .	PUNJAB&CHANDIGARH	LUDHIANA	AMRITSAR	130.80
GLN	4143790	BALJINDER SINGH	PUNJAB&CHANDIGARH	LUDHIANA	AMTHABAZAR	12.70
GLN	4137415	BALWINDER SINGH	PUNJAB&CHANDIGARH	LUDHIANA	AMTPCHK	158.80
GLN	4298995	SUKHDEEP SINGH MASHAAL	PUNJAB&CHANDIGARH	CHANDIGARH	BARNALA	21.40
GLN	4348606	SUKHDEEP SINGH MASHAAL	PUNJAB&CHANDIGARH	CHANDIGARH	BARNALA	41.60
GLN	4224452	HUNNY ARORA	PUNJAB&CHANDIGARH	LUDHIANA	FGMARKET	230.60
GLN	4359035	DEEP BOUDDH	PUNJAB&CHANDIGARH	LUDHIANA	FGMARKET	25.70
GLN	3812478	SUKHDEV SINGH	PUNJAB&CHANDIGARH	LUDHIANA	HOSHIARPUR	15.80
GLN	4367166	PINKI .	PUNJAB&CHANDIGARH	CHANDIGARH	HUDACMPLX	75.60
GLN	4310392	HARAMRIT SINGH	PUNJAB&CHANDIGARH	LUDHIANA	JALANDHAR	115.70
GLN	4249153	SANGAM .	PUNJAB&CHANDIGARH	CHANDIGARH	JHAJJAR	62.50
GLN	4405442	JITENDER .	PUNJAB&CHANDIGARH	CHANDIGARH	JHAJJAR	65.60
GLN	4130886	SANJEEV .	PUNJAB&CHANDIGARH	CHANDIGARH	JHAJJAR	27.80
GLN	4126131	SUNITA DEVI	PUNJAB&CHANDIGARH	CHANDIGARH	JHAJJAR	149.80
GLN	4102880	NEERU SHARMA	PUNJAB&CHANDIGARH	CHANDIGARH	MTOWN	600.80
GLN	4323529	VIKRAM JEET SINGH	PUNJAB&CHANDIGARH	CHANDIGARH	MTOWN	384.79
GLN	4375100	VIKRAM .	PUNJAB&CHANDIGARH	CHANDIGARH	MTOWN	47.32
GLN	3813913	AMANDEEP KAUR	PUNJAB&CHANDIGARH	CHANDIGARH	PATIALA	101.40
GLN	3818247	AMANDEEP KAUR	PUNJAB&CHANDIGARH	CHANDIGARH	PATIALA	99.80
GLN	4392811	GURMEET KAUR	PUNJAB&CHANDIGARH	CHANDIGARH	PATIALA	48.60
GLN	3902519	BALJEET SINGH	PUNJAB&CHANDIGARH	CHANDIGARH	RAJPURA	71.58
GLN	4147418	AVTAR SINGH	PUNJAB&CHANDIGARH	CHANDIGARH	RAJPURA	30.37
GLN	4294539	SUKHVINDER SINGH	PUNJAB&CHANDIGARH	CHANDIGARH	RAJPURA	60.29
GLN	4031902	MANDEEP SINGH	PUNJAB&CHANDIGARH	CHANDIGARH	RAJPURA	29.17
GLN	4204794	DARSHNA RANI	PUNJAB&CHANDIGARH	CHANDIGARH	RAJPURA	7.63
GLN	4132425	KRISHAN KUMAR	PUNJAB&CHANDIGARH	CHANDIGARH	RATIA	15.27
GLN	4026397	SURESH KUMAR	PUNJAB&CHANDIGARH	CHANDIGARH	RATIA	167.25
GLN	4133295	GURDEEP SINGH	PUNJAB&CHANDIGARH	CHANDIGARH	RATIA	117.94
GLN	4104226	PRITPAL SINGH	PUNJAB&CHANDIGARH	CHANDIGARH	RATIA	10.24
GLN	4152700	SATNAM SINGH	PUNJAB&CHANDIGARH	CHANDIGARH	SAMANA	38.30
GLN	4197648	KULVIR KAUR	PUNJAB&CHANDIGARH	CHANDIGARH	SAMANA	107.20
GLN	4116235	SONIA .	PUNJAB&CHANDIGARH	CHANDIGARH	SAMANA	42.80
GLN	4159170	ALPHONSIA .	PUNJAB&CHANDIGARH	CHANDIGARH	SECTORC	16.00

Bidders are requested to Submit a copy of their Photo – identity, signature and address proof along with their original for verification together with 2(Two) recent photographs **submit before 10:00 am** on the day of auction. The Bank reserves the right to change the venue/date/time of auction or cancel the auction without any notice to bidders.

The cost of the auction process will be debited to the customer account. Bank reserves the right to recover the balance amount from the customer if the bid amount is insufficient to meet the payoff amount of the account. For any further details regarding the terms and conditions of the auction, You are required to contact the below mentioned person/s.

Kotak Mahindra Bank Ltd. Jaskaran Singh

Email - jaskaran.singh@kotak.com Cont - +91-9888478036 / 7009634242

IDBI BANK — BANK AISA DOST JAISA

ਆਈਡੀਬੀਆਈ ਬੈਂਕ ਲਿਮ., — ਕਬਜ਼ਾ ਸੂਚਨਾ

ਜ਼ੋਨਲ ਦਫ਼ਤਰ
ਐਸਸੀਓ 72-73, ਸੈਕਟਰ-17ਬੀ,
ਬੈਂਕ ਸਕੁਏਅਰ, ਚੰਡੀਗੜ੍ਹ-160 017

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਆਈਡੀਬੀਆਈ ਬੈਂਕ ਲਿਮ.** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦੀ ਅਧਿਕਾਰਤਾ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਅਧਿਕਾਰਤਾ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ ਕਰਜ਼ਦਾਰ ਨੂੰ ਸੱਦਾ ਦਿੰਦੇ ਹੋਏ ਮਿਤੀ (ਨਿਮਨ ਦਰਸਾਈ ਸਾਰਣੀ ਦੇ ਅਨੁਸਾਰ) ਨੂੰ ਮੰਗ ਸੂਚਨਾ ਜਾਰੀ ਕੀਤੀ ਸੀ। ਕਰਜ਼ਦਾਰ/ਜ਼ਮਾਨਤੀ/ਗਿਰਵੀਕਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ/ਗਿਰਵੀਕਾਰ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਇਸ ਮਿਤੀ ਨੂੰ ਦਰਸਾਈ ਨਿਯਮਾਂਵਲੀ ਸੁਰੱਖਿਆ ਵਿਆਜ (ਅਧਿਕਾਰਤਾ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ ਕਬਜ਼ਾ ਲੈ ਲਿਆ ਹੈ। ਕਰਜ਼ਦਾਰ/ਜ਼ਮਾਨਤੀ/ਗਿਰਵੀਕਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਕਰਜ਼ਦਾਰ ਤੋਂ ਬਕਾਇਆ ਕੁੱਲ ਰਕਮ ਅਤੇ ਵਿਆਜ (ਨਿਮਨ ਦਰਸਾਈ ਸਾਰਣੀ ਦੇ ਅਨੁਸਾਰ) ਦੇ ਲਈ **ਆਈਡੀਬੀਆਈ ਬੈਂਕ ਲਿਮ.** ਦੇ ਚਾਰਜ ਨਾਲ ਸਬੰਧਤ ਹੋਵੇਗੀ। ਕਰਜ਼ਦਾਰ/ਜ਼ਮਾਨਤੀ/ਗਿਰਵੀਕਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

ਕਰਜ਼ਦਾਰਾਂ/ਸੰਪੱਤੀ ਦੇ ਮਾਲਕ ਦਾ ਨਾਮ	ਮੰਗ ਸੂਚਨਾ ਦੀ ਮਿਤੀ	ਕਬਜ਼ਾ ਸੂਚਨਾ ਦੀ ਮਿਤੀ	ਮੰਗ ਸੂਚਨਾ ਵਿਚ ਦਾਅਵਾ ਕੀਤੀ ਰਕਮ	ਚੱਲ/ਅਚੱਲ ਸੰਪੱਤੀ ਦੇ ਵੇਰਵੇ (ਸੰਪੱਤੀ ਦੇ ਸ਼ਾਮਲ ਸਾਰੇ ਭਾਗ ਅਤੇ ਹਿੱਸੇ)
ਸ਼੍ਰੀਮਤੀ ਰਣਜੀਤ ਕੌਰ ਪਤਨੀ ਸ਼੍ਰੀ ਨਿਰਮਲ ਕੁਮਾਰ (ਕਰਜ਼ਦਾਰ/ਗਿਰਵੀਕਾਰ)	08.10.2025	11.05.2026 (ਸੰਕੇਤਕ)	Rs. 10,71,685.11 (ਰੁ. ਦਸ ਲੱਖ ਇਕੱਹਤਰ ਹਜ਼ਾਰ ਛੇ ਸੌ ਪਚਾਸੀ ਅਤੇ ਗਿਆਰਾਂ ਪੈਸੇ ਕੇਵਲ)	ਅਚੱਲ ਰਿਹਾਇਸ਼ੀ ਜਾਇਦਾਦ ਦਾ ਸਾਰਾ ਟੁਕੜਾ ਅਤੇ ਪਾਰਸਲ ਪਲਾਟ ਨੰਬਰ 18, 125 ਵਰਗ ਗਜ਼, ਈਡਨ ਸਿਟੀ ਵਿੱਚ ਸਥਿਤ, ਦਰਪਨ ਸਿਟੀ ਦੇ ਨੇੜੇ, ਨਗਰ ਕੌਂਸਲ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ ਦੀ ਸੀਮਾ ਦੇ ਅੰਦਰ, ਜਿਸ ਵਿੱਚ 0 ਬਿੱਘਾ 2-1/2 ਬਿਸਵਾ ਹਨ ਜਿਸ ਵਿੱਚ ਖੇਵਟ ਨੰਬਰ 256, ਖਤੌਨੀ ਨੰਬਰ 260, ਅਤੇ ਖਸਰਾ ਨੰਬਰ 968 (7-3), 125/7150 ਹਿੱਸਾ ਹੈ, ਜਿਸ ਵਿੱਚੋਂ 0 ਬਿੱਘਾ 2-1/2 ਬਿਸਵਾ, ਸਥਾਨ - ਖਾਨਪੁਰ ਹੱਦਬਸਤ ਨੰਬਰ 183, ਤਹਿਸੀਲ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ ਸ਼੍ਰੀਮਤੀ ਰਣਜੀਤ ਕੌਰ ਪਤਨੀ ਸ਼੍ਰੀ ਨਿਰਮਲ ਕੁਮਾਰ ਦੇ ਨਾਮ 'ਤੇ ਰਜਿਸਟਰਡ ਹੈ। ਟਰਾਂਸਫਰ ਡੀਡ ਨੰਬਰ 2021-22/15/1/4694 ਮਿਤੀ 13.07.2021। ਜਿਸਦੀ ਹੱਦੀ ਹੇਠਾਂ ਦਿੱਤੀ ਗਈ ਹੈ; ਪੂਰਬ: ਪਲਾਟ ਨੰ. 17 (47 ਫੁੱਟ 0 ਇੰਚ); ਪੱਛਮ: ਪਲਾਟ ਨੰ. 19 (47 ਫੁੱਟ 0 ਇੰਚ); ਉੱਤਰ: ਖੇਤਰ ਹੋਰ ਮਾਲਕ (27 ਫੁੱਟ 0 ਇੰਚ); ਦੱਖਣ: ਸੜਕ 30 ਫੁੱਟ ਚੌੜੀ (24 ਫੁੱਟ 0 ਇੰਚ), ਮੌਜੂਦਾ ਅਤੇ ਭਵਿੱਖੀ ਦੋਵੇਂ ਤਰ੍ਹਾਂ ਦੀਆਂ ਸਾਰੀਆਂ ਬਣਤਰਾਂ ਅਤੇ ਉਸਾਰ

ਰੋਜ਼ੀ-ਰੋਟੀ ਦੀ ਭਾਲ 'ਚ ਮਨੀਲਾ ਗਏ ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ

ਫਿਰੋਜ਼ਪੁਰ/ਮੱਲਾਂਵਾਲਾ, 11 ਮਈ (ਚ.ਨ.ਸ): ਵਿਦੇਸ਼ੀ ਧਰਤੀ ਮਨੀਲਾ (ਫਿਲੀਪੀਨਜ਼) ਤੋਂ ਇੱਕ ਬੇਹੱਦ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਦੌਲਤਪੁਰਾ ਨਾਲ ਸਬੰਧਤ ਇੱਕ ਪੰਜਾਬੀ ਨੌਜਵਾਨ ਦਾ ਅਣਪਛਾਤੇ ਹਮਲਾਵਰਾਂ ਵੱਲੋਂ ਗੋਲੀਆਂ ਮਾਰ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ 40 ਸਾਲਾ ਰਣਜੀਤ ਸਿੰਘ ਪੁੱਤਰ ਹਰਜੀਤ ਸਿੰਘ ਵਜੋਂ ਹੋਈ ਹੈ। ਇਸ ਘਟਨਾ ਦੀ ਸੂਚਨਾ ਮਿਲਦਿਆਂ ਹੀ ਪਿੰਡ ਦੌਲਤਪੁਰਾ ਤੇ ਆਲੇ-ਦੁਆਲੇ ਦੇ ਖੇਤਰ ਵਿੱਚ ਮਾਤਮ ਪਸਰ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਰਣਜੀਤ ਸਿੰਘ ਪਿਛਲੇ ਕਈ ਸਾਲਾਂ ਤੋਂ ਮਨੀਲਾ ਵਿੱਚ ਰਹਿ ਰਿਹਾ ਸੀ ਤੇ ਉਥੇ ਆਪਣੇ ਵੱਡੇ ਭਰਾ ਨਾਲ ਮਿਲ ਕੇ ਫਾਇਨਾਂਸ (ਵਿਆਜ) ਦਾ ਕਾਰੋਬਾਰ ਕਰਦਾ ਸੀ। ਘਟਨਾ ਉਸ ਸਮੇਂ ਵਾਪਰੀ ਜਦੋਂ ਰਣਜੀਤ ਸਿੰਘ ਬੀਤੀ 8 ਮਈ ਨੂੰ ਮਨੀਲਾ ਦੇ ਸ਼ਹਿਰ ਕੈਲੋਕਨ ਵਿਖੇ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਾਰੋਬਾਰ ਦੀ ਉਗਰਾਹੀ ਕਰਨ ਲਈ ਬਾਜ਼ਾਰ ਜਾ ਰਿਹਾ ਸੀ। ਰਸਤੇ ਵਿੱਚ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਉਸ ਨੂੰ ਘੇਰ ਲਿਆ ਤੇ ਅੰਨ੍ਹੇਵਾਹ ਫਾਇਰਿੰਗ ਸ਼ੁਰੂ ਕਰ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਹਮਲਾਵਰਾਂ ਨੇ ਉਸ ਦੇ ਸਿਰ ਦੇ ਪਿਛਲੇ ਪਾਸੇ ਪੁਆਇੰਟ ਬਲੈਂਕ ਰੇਂਜ ਤੋਂ ਗੋਲੀਆਂ ਮਾਰੀਆਂ, ਜਿਸ ਕਾਰਨ ਰਣਜੀਤ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।ਪੀੜਤ ਪਰਿਵਾਰ ਤੇ ਪਿੰਡ ਵਾਸੀਆਂ ਨੇ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਮ੍ਰਿਤਕ ਦੀ ਦੇਹ ਨੂੰ ਜਲਦ ਤੋਂ ਜਲਦ ਭਾਰਤ ਲਿਆਉਣ ਲਈ ਸਹਾਇਤਾ ਕੀਤੀ ਜਾਵੇ ਤੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿਵਾਈ ਜਾਵੇ ਤਾਂ ਜੋ ਪੀੜਤ ਪਰਿਵਾਰ ਨੂੰ ਇਨਸਾਫ਼ ਮਿਲ ਸਕੇ।

ਕੁਸ਼ਤੀ ਫੈਡਰੇਸ਼ਨ ਦੇ ਨੋਟਿਸ ਮਗਰੋਂ ਵਿਨੇਸ਼ ਫੋਗਾਟ ਨੇ ਦਿੱਤਾ ਜਵਾਬ

'X' ਪੋਸਟ ਰਾਹੀਂ ਲੜਾਈ ਜਾਰੀ ਰੱਖਣ ਦਾ ਦਿੱਤਾ ਸੰਕੇਤ

ਰੋਹਤਕ/ਨਵੀਂ ਦਿੱਲੀ, 11 ਮਈ (ਚ.ਨ.ਸ): ਭਾਰਤੀ ਕੁਸ਼ਤੀ ਵਿੱਚ ਚੱਲ ਰਿਹਾ ਵਿਵਾਦ ਇੱਕ ਵਾਰ ਫਿਰ ਗਰਮਾ ਗਿਆ ਹੈ। ਭਾਰਤੀ ਕੁਸ਼ਤੀ ਫੈਡਰੇਸ਼ਨ ਵੱਲੋਂ ਜਾਰੀ ਕੀਤੇ ਗਏ 15 ਪੰਨਿਆਂ ਦੇ ਲੰਬੇ 'ਕਾਰਨ ਦੱਸੋ' ਨੋਟਿਸ ਤੋਂ ਇੱਕ ਦਿਨ ਬਾਅਦ ਸਟਾਰ ਪਹਿਲਵਾਨ ਵਿਨੇਸ਼ ਫੋਗਾਟ ਨੇ ਸੋਸ਼ਲ ਮੀਡੀਆ ਪਲੇਟਫਾਰਮ 'X' 'ਤੇ ਇੱਕ ਭਾਵੁਕ ਪਰ ਦ੍ਰਿੜ ਪੋਸਟ ਸਾਂਝੀ ਕਰਦਿਆਂ ਸਿੱਧਾ ਜਵਾਬ ਦਿੱਤਾ ਹੈ। ਵਿਨੇਸ਼ ਨੇ ਆਪਣੀ ਪੋਸਟ ਵਿੱਚ ਲਿਖਿਆ ਹੈ ਕਿ ਉਸ ਦਾ ਸਿਰ ਕਦੇ ਨਹੀਂ ਝੁਕੇਗਾ ਤੇ ਉਹ ਹਰ ਚੁਣੌਤੀ ਦਾ ਸਾਹਮਣਾ ਕਰਨ ਲਈ ਤਿਆਰ ਹੈ। ਵਿਨੇਸ਼ ਫੋਗਾਟ, ਜੋ ਕਿ ਜੁਲਾਨਾ ਤੋਂ ਮੌਜੂਦਾ ਵਿਧਾਇਕ ਵੀ ਹੈ, ਨੇ ਆਪਣੀ ਪੋਸਟ ਵਿੱਚ ਲਿਖਿਆ ਕਿ ਜ਼ਿੰਦਗੀ ਤੂਫ਼ਾਨ ਦੇ ਵਿਚਕਾਰ ਫਸੀ ਹੋਈ ਹੈ। ਦੁਨੀਆਂ ਮੇਰੇ ਚਰਿੱਤਰ ਵਿੱਚ ਨੁਕਸ ਲੱਭ ਰਹੀ ਹੈ, ਜ਼ਿੰਦਗੀ, ਮੈਂ ਹਮੇਸ਼ਾ ਤੇਰਾ ਸਿਰ ਉਚਾ ਰੱਖਿਆ ਹੈ, ਕਿਸੇ ਤਲਵਾਰ ਵਿੱਚ ਇਨੀ ਤਾਕਤ ਨਹੀਂ ਕਿ ਇਸਨੂੰ ਝੁਕਾ ਸਕੇ। ਉਸ ਦਾ ਇਹ ਬਿਆਨ ਉਦੋਂ ਆਇਆ ਹੈ ਜਦੋਂ ਫੈਡਰੇਸ਼ਨ ਨੇ ਉਸ 'ਤੇ ਅਨੁਸ਼ਾਸਨਹੀਣਤਾ ਤੇ ਡੋਪਿੰਗ ਨਿਯਮਾਂ ਦੀ ਉਲੰਘਣਾ ਦੇ ਗੰਭੀਰ ਦੋਸ਼ ਲਗਾਉਂਦੇ ਹੋਏ ਉਸ ਨੂੰ 26 ਜੂਨ ਤੱਕ ਘਰੇਲੂ ਮੁਕਾਬਲਿਆਂ ਵਿੱਚ ਹਿੱਸਾ ਲੈਣ ਤੋਂ ਰੋਕ ਦਿੱਤਾ ਹੈ।ਕੁਸ਼ਤੀ ਫੈਡਰੇਸ਼ਨ ਨੇ ਆਪਣੇ ਨੋਟਿਸ ਵਿੱਚ ਵਿਨੇਸ਼ 'ਤੇ ਕਈ ਇਲਜ਼ਾਮ ਲਗਾਏ ਹਨ। ਫੈਡਰੇਸ਼ਨ ਅਨੁਸਾਰ ਵਿਨੇਸ਼ ਨੇ ਸੰਨਿਆਸ ਤੋਂ ਵਾਪਸੀ ਵੇਲੇ 'ਯੂਨਾਈਟਿਡ ਵਰਲਡ ਰੈਸਲਿੰਗ' ਦੇ ਨਿਯਮਾਂ ਤਹਿਤ ਜ਼ਰੂਰੀ ਛੇ ਮਹੀਨਿਆਂ ਦਾ ਨੋਟਿਸ ਪੀਰੀਅਡ ਪੂਰਾ ਨਹੀਂ ਕੀਤਾ ਹੈ। ਇਸ ਤੋਂ ਇਲਾਵਾ ਉਸ 'ਤੇ 18 ਦਸੰਬਰ, 2025 ਨੂੰ ਡੋਪ ਟੈਸਟ ਲਈ ਉਪਲਬਧ ਨਾ ਹੋਣ ਦਾ ਵੀ ਦੋਸ਼ ਹੈ। ਫੈਡਰੇਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਉਹ ਗੋਂਡਾ ਵਿੱਚ ਹੋਣ ਵਾਲੇ ਨੈਸ਼ਨਲ ਓਪਨ ਰੈਂਕਿੰਗ ਟੂਰਨਾਮੈਂਟ ਸਮੇਤ ਕਿਸੇ ਵੀ ਘਰੇਲੂ ਮੁਕਾਬਲੇ ਵਿੱਚ 26 ਜੂਨ ਤੱਕ ਹਿੱਸਾ ਲੈਣ ਦੇ ਯੋਗ ਨਹੀਂ ਹੈ।ਫੈਡਰੇਸ਼ਨ ਦੇ ਇਸ ਤਾਜ਼ਾ ਕਦਮ ਨੂੰ ਕਈ ਮਾਹਿਰਾਂ ਵੱਲੋਂ ਵਿਨੇਸ਼ ਦੀ ਵਾਪਸੀ ਦੇ ਰਾਹ ਵਿੱਚ ਰੋੜਾ ਅਟਕਾਉਣ ਵਜੋਂ ਦੇਖਿਆ ਜਾ ਰਿਹਾ ਹੈ। ਫੈਡਰੇਸ਼ਨ ਨੇ ਉਸ ਨੂੰ 14 ਦਿਨਾਂ ਦੇ ਅੰਦਰ ਨੋਟਿਸ ਦਾ ਜਵਾਬ ਦੇਣ ਲਈ ਕਿਹਾ ਹੈ।

ਵਿਧਾਇਕ ਜਿੰਪਾ ਨੇ ਵਾਰਡ ਨੰਬਰ 32 ਤੇ 33 'ਚ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ

ਹੁਸ਼ਿਆਰਪੁਰ, 11 ਮਈ (ਦੀਪਕ ਅਗਨੀਹੋਤਰੀ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਸ਼ਹਿਰ ਦੇ ਵਾਰਡ ਨੰਬਰ 32 ਤੇ 33 ਵਿੱਚ ਕਰੀਬ 14 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਤੇ ਲੋਕਾਂ ਨੂੰ ਬੇਹਤਰ ਬੁਨਿਆਦੀ ਸੁਵਿਧਾਵਾਂ ਉਪਲਬੱਧ ਕਰਵਾਉਣਾ ਪੰਜਾਬ ਸਰਕਾਰ ਦੀ ਪਹਿਲਕਦਮੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕਾਰਜ ਲਗਾਤਾਰ ਕਰਵਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਵਿਧਾਇਕ ਜਿੰਪਾ ਨੇ ਕਿਹਾ ਕਿ ਨਵੀਆਂ ਸੜਕਾਂ ਦੇ ਨਿਰਮਾਣ ਨਾਲ ਹਲਕਾ ਵਾਸੀਆਂ ਨੂੰ ਆਵਾਜਾਈ ਦੀਆਂ ਸੁਵਿਧਾਵਾਂ ਮਿਲਣਗੀਆਂ ਤੇ ਲੰਬੇ ਸਮੇਂ ਤੋਂ ਚਲੀ ਆ ਰਹੀਆਂ ਸਮੱਸਿਆਵਾਂ ਦਾ ਹੱਲ ਹੋਵੇਗਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜ ਤੈਅ ਸਮੇਂ ਅੰਦਰ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਇਸ ਦਾ ਪੂਰਾ ਲਾਭ ਮਿਲ ਸਕੇ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਨਗਰ ਨਿਗਮ ਨੇ ਸ਼ਹਿਰ ਵਿੱਚ ਬੁਨਿਆਦੀ ਵਿਕਾਸ ਕਾਰਜ ਕੀਤੇ ਹਨ ਤੇ ਇਨ੍ਹਾਂ ਵਿਕਾਸ ਕੰਮਾਂ ਨੂੰ ਲੈ ਕੇ ਜਨਤਾ ਵਿੱਚ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਨਤਾ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਹਰ ਵਾਰਡ ਵਿੱਚ ਪਹਿਲ ਦੇ ਆਧਾਰ 'ਤੇ ਕੰਮ ਕਰਵਾਏ ਜਾ ਰਹੇ ਹਨ। ਪ੍ਰੋਗਰਾਮ ਦੌਰਾਨ ਮੇਅਰ ਸੁਰਿੰਦਰ ਕੁਮਾਰ, ਬਲਰਾਜ ਸਿੰਘ ਚੌਹਾਨ, ਬਬਿਤਾ ਸ਼ਰਮਾ, ਬਲਬੀਰ ਸੈਣੀ ਸਮੇਤ ਹੋਰ ਪਤਵੰਤੇ ਵਿਅਕਤੀ ਤੇ ਹਲਕਾ ਵਾਸੀ ਵੀ ਮੌਜੂਦ ਰਹੇ। ਸਥਾਨਕ ਲੋਕਾਂ ਨੇ ਵਿਕਾਸ ਕੰਮ ਸ਼ੁਰੂ ਕਰਵਾਉਣ ਲਈ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦਾ ਧੰਨਵਾਦ ਕੀਤਾ।

ਵਿਧਾਇਕ ਸ਼ੈਰੀ ਕਲਸੀ ਨੇ ਮੱਲੀ ਮਾਰਕੀਟ ਵਿਖੇ ਗਲੀਆਂ ਦਾ ਉਦਘਾਟਨ ਕੀਤਾ

ਸ਼ਹਿਰ ਵਾਸੀਆਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਨੇ

ਬਟਾਲਾ, 11 ਮਈ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸੰਧੂ): ਬਟਾਲਾ ਸ਼ਹਿਰ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਸ਼ਹਿਰ ਵਾਸੀਆਂ ਦੀਆਂ ਲੰਬੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਮੱਲੀ ਮਾਰਕੀਟ ਬਟਾਲਾ ਵਿਖੇ ਗਲੀਆਂ ਦਾ ਉਦਘਾਟਨ ਕਰਨ ਉਪਰੰਤ ਕੀਤਾ। ਇਸ ਮੌਕੇ ਪ੍ਰਿੰਸ ਰੰਧਾਵਾ ਸਮੇਤ ਵਾਰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਦਹਾਕਿਆਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ ਤੇ ਲੋਕਾਂ ਦੀ ਬਾਂਹ ਫੜ੍ਹਦਿਆਂ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ। ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਗਲੀ ਨਾ ਬਣਨ ਕਰਕੇ ਲੋਕ ਮੁਸ਼ਕਿਲ ਦਾ ਸਾਹਮਣਾ ਕਰ ਰਹੇ ਸਨ ਪਰ ਹੁਣ ਉਨ੍ਹਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।

ਵਿਧਾਇਕ ਸ਼ੈਰੀ ਕਲਸੀ ਦੀਆਂ ਵਿਕਾਸ ਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਪਰਿਵਾਰ 'ਆਪ' 'ਚ ਸ਼ਾਮਲ

ਬਟਾਲਾ, 11 ਮਈ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੀਆਂ ਵਿਕਾਸ ਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਵਿਧਾਇਕ ਸ਼ੈਰੀ ਕਲਸੀ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਲੋਕਾਂ ਦਾ ਵੱਧਦਾ ਵਿਸ਼ਵਾਸ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਮਜ਼ਬੂਤ ਹੋ ਰਹੀ ਨੀਤੀਆਂ ਤੇ ਲੋਕਪੱਖੀ ਕਾਰਜਾਂ ਦੀ ਗਵਾਹੀਆਂ ਭਰਦਾ ਹੈ, ਜਿਸ ਸਦਕਾ ਆਪ ਪਰਿਵਾਰ ਦਾ ਕਾਫਲਾ ਦਿਨੋਂ-ਦਿਨ ਵੱਧ ਰਿਹਾ ਹੈ। ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਮਹਿਜ਼ ਚਾਰ ਸਾਲਾਂ ਦੇ ਅੰਦਰ ਲਏ ਵੱਡੇ ਇਤਿਹਾਸਕ ਫੈਸਲਿਆਂ ਦੀ ਗੱਲ ਕਰਦਿਆਂ ਦੱਸਿਆ ਕਿ ਸਿੱਖਿਆ ਦਾ ਮਿਆਰ ਹੋ ਉਚਾ ਚੁੱਕਣ ਲਈ ਸਕੂਲ ਆਫ ਐਮੀਨੈਂਸ ਖੋਲ੍ਹੇ ਗਏ, ਸਿੱਖਿਆ ਦੇ ਖੇਤਰ ਵਿੱਚ ਹੋ ਸੁਧਾਰ ਦੇ ਮੰਤਵ ਨਾਲ ਅਧਿਆਪਕਾਂ ਨੂੰ ਸਿੰਘਾਪੁਰ ਵਿਖੇ ਭੇਜਿਆ।ਬਟਾਲਾ ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਹਲਕੇ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ ਤੇ ਕਈ ਵਿਕਾਸ ਕੰਮ ਪ੍ਰਗਤੀ ਅਧੀਨ ਹਨ। ਉਨ੍ਹਾਂ ਦੁਹਰਾਇਆ ਕਿ ਹਲਕੇ ਦਾ ਚਹੁੰਪੱਖੀ ਵਿਕਾਸ ਕੰਮ ਕਰਵਾਉਣ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

ਭਿਆਨਕ ਸੜਕ ਹਾਦਸਾ: ਕਾਰ ਦੀ ਟੱਕਰ ਨਾਲ ਤਿੰਨ ਮੋਟਰਸਾਈਕਲ ਸਵਾਰਾਂ ਦੀ ਮੌਤ

ਸ੍ਰੀ ਫਤਹਿਗੜ੍ਹ ਸਾਹਿਬ, 11 ਮਈ (ਚ.ਨ.ਸ): ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਅਧੀਨ ਪੈਂਦੇ ਪਿੰਡ ਹਿੰਦੂਪੁਰ ਦੇ ਨਜ਼ਦੀਕ ਬੀਤੀ ਰਾਤ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਇੱਕ ਤੇਜ਼ ਰਫ਼ਤਾਰ ਕਾਰ ਵੱਲੋਂ ਮੋਟਰਸਾਈਕਲ ਨੂੰ ਪਿੱਛੇ ਤੋਂ ਮਾਰੀ ਗਈ ਜ਼ਬਰਦਸਤ ਟੱਕਰ ਕਾਰਨ ਮੋਟਰਸਾਈਕਲ ਸਵਾਰ ਤਿੰਨ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਤੇ ਪੀੜਤ ਪਰਿਵਾਰਾਂ ਦੇ ਪਿੰਡ ਬੀਬੀਪੁਰ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਥਾਣਾ ਬਡਾਲੀ ਆਲਾ ਸਿੰਘ ਦੇ ਸਹਾਇਕ ਸਬ-ਇੰਸਪੈਕਟਰ ਰਾਮ ਸਿੰਘ ਨੇ ਘਟਨਾ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਅਵਤਾਰ ਸਿੰਘ, ਸਤਵਿੰਦਰ ਸਿੰਘ ਤੇ ਮੋਹਨ ਸਿੰਘ ਵਜੋਂ ਹੋਈ ਹੈ, ਜੋ ਕਿ ਸਾਰੇ ਪਿੰਡ ਬੀਬੀਪੁਰ ਦੇ ਰਹਿਣ ਵਾਲੇ ਸਨ। ਦੱਸਿਆ ਜਾ ਰਿਹਾ ਹੈ ਕਿ ਇਹ ਤਿੰਨੋਂ ਵਿਅਕਤੀ ਬਡਾਲੀ ਆਲਾ ਸਿੰਘ ਵਾਲੇ ਪਾਸੇ ਤੋਂ ਆਪਣੇ ਜੱਦੀ ਪਿੰਡ ਬੀਬੀਪੁਰ ਵੱਲ ਜਾ ਰਹੇ ਸਨ। ਜਦੋਂ ਉਹ ਹਿੰਦੂਪੁਰ ਪਿੰਡ ਦੇ ਮੋੜ ਨੇੜੇ ਪਹੁੰਚੇ ਤਾਂ ਪਿੱਛੋਂ ਤੋਂ ਆ ਰਹੀ ਇੱਕ ਬੇਕਾਬੂ ਤੇਜ਼ ਰਫ਼ਤਾਰ ਕਾਰ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਬੁਰੀ ਤਰ੍ਹਾਂ ਦਰੜ ਦਿੱਤਾ।ਪੁਲਿਸ ਅਧਿਕਾਰੀਆਂ ਅਨੁਸਾਰ ਸੂਚਨਾ ਮਿਲਦੇ ਹੀ ਪੁਲਿਸ ਟੀਮ ਤੁਰੰਤ ਘਟਨਾ ਸਥਾਨ 'ਤੇ ਪਹੁੰਚੀ ਤੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਪਹੁੰਚਾਇਆ। ਪੁਲਿਸ ਨੇ ਅਣਪਛਾਤੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਏ.ਐਸ.ਆਈ. ਰਾਮ ਸਿੰਘ ਨੇ ਦੱਸਿਆ ਕਿ ਦੋਸ਼ੀ ਚਾਲਕ ਦੀ ਭਾਲ ਲਈ ਇਲਾਕੇ ਵਿੱਚ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ।

ਸੇਮ ਨਹਿਰ ਦੀ ਸਫ਼ਾਈ ਨਾ ਹੋਣ ਕਾਰਨ ਕਿਸਾਨਾਂ 'ਚ ਰੋਸ

ਬਰਸਾਤਾਂ ਤੋਂ ਪਹਿਲਾਂ ਨਹਿਰ ਦੀ ਸਫ਼ਾਈ ਤੇ ਡੂੰਘਾਈ ਕਰਨ ਦੀ ਉਠੀ ਮੰਗ

ਕਾਹਨੂੰਵਾਨ, 11 ਮਈ (ਕੁਲਜੀਤ ਖੋਖਰ): ਸੇਮ ਨਾਲੇ ਦੀ ਸਫ਼ਾਈ ਨੂੰ ਲੈ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ ਬੋਪਾਰਾਏ ਨੇ ਦੱਸਿਆ ਕ

'ਮੈਂ ਮਰਿਆ ਤਾਂ ਤੁਹਾਡਾ ਦੇਸ਼ ਵੀ ਖ਼ਤਮ..!' ਕਿਮ ਜੋਂਗ ਨੇ ਪ੍ਰਮਾਣੂ ਹਮਲੇ ਨੂੰ ਲੈ ਕੇ ਕੀਤਾ ਵੱਡਾ ਐਲਾਨ

ਪਿਓਂਗਯਾਂਗ, 11 ਮਈ (ਚ.ਨ.ਸ): ਉਤਰੀ ਕੋਰੀਆ ਨੇ ਆਪਣੇ ਸੰਵਿਧਾਨ ਵਿੱਚ ਇੱਕ ਬੇਹੱਦ ਡਰਾਉਣੀ ਸੋਧ ਕੀਤੀ ਹੈ, ਜਿਸ ਮਗਰੋਂ ਪੂਰੀ ਦੁਨੀਆਂ ਹੀ ਚਿੰਤਾ 'ਚ ਪੈ ਗਈ ਹੈ। ਨਵੀਂ ਨੀਤੀ ਅਨੁਸਾਰ ਜੇਕਰ ਕਿਸੇ ਵਿਦੇਸ਼ੀ ਹਮਲੇ ਵਿੱਚ ਉਤਰੀ ਕੋਰੀਆ ਦੇ ਸੁਪਰੀਮ ਲੀਡਰ ਕਿਮ ਜੋਂਗ ਉਨ ਮਾਰੇ ਜਾਂਦੇ ਹਨ ਜਾਂ ਉਹ ਫੌਜ ਦੀ ਕਮਾਂਡ ਸੰਭਾਲਣ ਦੇ ਯੋਗ ਨਹੀਂ ਰਹਿੰਦੇ ਤਾਂ ਦੇਸ਼ ਦਾ ਪਰਮਾਣੂ ਸਿਸਟਮ ਆਪਣੇ-ਆਪ ਦੁਸ਼ਮਣ 'ਤੇ ਹਮਲਾ ਕਰ ਦੇਵੇਗਾ।ਦੱਖਣੀ ਕੋਰੀਆ ਦੀ ਖੁਫ਼ੀਆ ਏਜੰਸੀ ਨੇ ਸਰਕਾਰੀ ਅਧਿਕਾਰੀਆਂ ਨੂੰ ਦਿੱਤੀ ਰਿਪੋਰਟ ਵਿੱਚ ਦੱਸਿਆ ਹੈ ਕਿ ਉਤਰੀ ਕੋਰੀਆ ਨੇ ਆਪਣੇ ਪਰਮਾਣੂ ਨੀਤੀ ਕਾਨੂੰਨ ਦੀ ਧਾਰਾ 3 ਵਿੱਚ ਬਦਲਾਅ ਕੀਤਾ ਹੈ। ਜੇਕਰ ਦੇਸ਼ ਦਾ ਕਮਾਂਡ-ਐਂਡ-ਕੰਟਰੋਲ ਸਿਸਟਮ (ਕਿਮ ਜੋਂਗ ਉਨ) ਖ਼ਤਰੇ ਵਿੱਚ ਆਉਂਦਾ ਹੈ ਤਾਂ ਪਰਮਾਣੂ ਹਮਲਾ ਤੁਰੰਤ ਤੇ ਆਪਣੇ-ਆਪ ਲਾਂਚ ਹੋ ਜਾਵੇਗਾ। ਇਸ ਦਾ ਮਤਲਬ ਹੈ ਕਿ ਜੇਕਰ ਕੋਈ ਦੇਸ਼ ਕਿਮ ਜੋਂਗ ਉਨ ਨੂੰ ਮਾਰ ਕੇ ਉਤਰੀ ਕੋਰੀਆ ਨੂੰ ਹਰਾਉਣ ਦੀ ਕੋਸ਼ਿਸ਼ ਕਰਦਾ ਹੈ ਤਾਂ ਵੀ ਉਸ ਦੇਸ਼ ਦਾ ਬਚਣਾ ਮੁਸ਼ਕਿਲ ਹੋਵੇਗਾ। ਇਸ ਪ੍ਰਣਾਲੀ ਨੂੰ ਰੂਸ ਦੇ ਕੋਲਡ ਵਾਰ ਦੇ 'ਡੈਡ ਹੈਂਡ' ਸਿਸਟਮ ਵਰਗਾ ਮੰਨਿਆ ਜਾ ਰਿਹਾ ਹੈ। ਮਾਹਿਰਾਂ ਅਨੁਸਾਰ ਉਤਰੀ ਕੋਰੀਆ ਦੇ ਇਸ ਫੈਸਲੇ ਪਿੱਛੇ ਮਾਰਚ 2026 ਵਿੱਚ ਈਰਾਨ 'ਤੇ ਹੋਏ ਅਮਰੀਕੀ-ਇਜ਼ਰਾਈਲੀ ਹਮਲੇ 'ਚ ਸੁਪਰੀਮ ਲੀਡਰ ਦੀ ਮੌਤ ਵੱਡਾ ਕਾਰਨ ਹੋ ਸਕਦੀ ਹੈ। ਮਾਰਚ ਵਿੱਚ ਅਮਰੀਕਾ ਤੇ ਇਜ਼ਰਾਈਲ ਦੇ ਸਾਂਝੇ ਹਮਲੇ ਵਿੱਚ ਈਰਾਨ ਦੇ ਸੁਪਰੀਮ ਲੀਡਰ ਅਲੀ ਖ਼ਾਮੇਨੇਈ ਸਣੇ ਕਈ ਸੀਨੀਅਰ ਅਧਿਕਾਰੀ ਮਾਰੇ ਗਏ ਸਨ। ਦੱਸਿਆ ਜਾ ਰਿਹਾ ਹੈ ਕਿ ਇਸ ਹਮਲੇ ਨੇ ਕਿਮ ਜੋਂਗ ਉਨ ਨੂੰ ਬੁਰੀ ਤਰ੍ਹਾਂ ਡਰਾ ਦਿੱਤਾ। ਉਨ੍ਹਾਂ ਨੂੰ ਲੱਗਦਾ ਹੈ ਕਿ ਅਮਰੀਕਾ ਅਜਿਹੀ ਹੀ ਕਾਰਵਾਈ ਉਨ੍ਹਾਂ ਖ਼ਿਲਾਫ਼ ਵੀ ਕਰ ਸਕਦਾ ਹੈ।ਰੱਖਿਆ ਮਾਹਿਰਾਂ ਅਨੁਸਾਰ, ਉਤਰੀ ਕੋਰੀਆ ਹੁਣ ਜਾਸੂਸਾਂ ਨਾਲੋਂ ਜ਼ਿਆਦਾ ਅਮਰੀਕੀ ਸੈਟੇਲਾਈਟ ਤਕਨੀਕ ਤੋਂ ਡਰ ਰਿਹਾ ਹੈ, ਜੋ ਕਿਮ ਜੋਂਗ ਉਨ ਦੀ ਹਰ ਹਰਕਤ 'ਤੇ ਨਜ਼ਰ ਰੱਖ ਸਕਦੀ ਹੈ। ਕਿਮ ਆਮ ਤੌਰ 'ਤੇ ਹਵਾਈ ਸਫ਼ਰ ਤੋਂ ਬਚਦੇ ਹਨ ਤੇ ਅੰਡਰਗਰਾਊਂਡ ਟ੍ਰੇਨ ਵਿੱਚ ਸਫ਼ਰ ਕਰਦੇ ਹਨ, ਪਰ ਹੁਣ ਉਨ੍ਹਾਂ ਨੇ ਆਪਣੀ ਸੁਰੱਖਿਆ ਨੂੰ ਕਾਨੂੰਨੀ ਤੌਰ 'ਤੇ 'ਪਰਮਾਣੂ ਗਾਰੰਟੀ' ਦੇ ਦਿੱਤੀ ਹੈ। ਇਸ ਦੇ ਨਾਲ ਹੀ ਉਤਰੀ ਕੋਰੀਆ ਨੇ ਦੱਖਣੀ ਕੋਰੀਆ ਦੀ ਸਰਹੱਦ ਨੇੜੇ ਨਵੀਂ ਲੰਬੀ ਦੂਰੀ ਦਾ ਟੈਂਕ ਸਿਸਟਮ ਤਾਇਨਾਤ ਕਰਨ ਦਾ ਵੀ ਐਲਾਨ ਕੀਤਾ ਹੈ, ਜਿਸ ਦੀ ਰੇਂਜ ਵਿੱਚ ਦੱਖਣੀ ਕੋਰੀਆ ਦੀ ਰਾਜਧਾਨੀ ਸਿਓਲ ਸਿੱਧੇ ਤੌਰ 'ਤੇ ਆ ਗਈ ਹੈ। ਕਿਮ ਜੋਂਗ ਪ੍ਰਸ਼ਾਸਨ ਦੇ ਇਸ ਮਗਰੋਂ ਇਕੱਲੇ ਦੱਖਣੀ ਕੋਰੀਆ ਹੀ ਨਹੀਂ, ਸਗੋਂ ਪੂਰੀ ਦੁਨੀਆਂ 'ਚ ਅਨੋਖੀ ਚਰਚਾ ਛਿੜ ਗਈ ਹੈ।

ਲੋਕਾਂ ਦੀ ਪਿਆਸ ਬੁਝਾਉਣ ਵਾਲੇ ਖੂਹ ਖ਼ੁਦ 'ਤਿਹਾਏ'

ਗੁਰੂ ਕਾਲ, ਮਿਸਲ, ਸਿੱਖ ਰਾਜ ਨਾਲ ਸਬੰਧਤ 1200 ਖੂਹਾਂ 'ਚੋਂ ਇੱਕ ਵੀ ਚਾਲੂ ਹਾਲਤ 'ਚ ਨਹੀਂ

ਅੰਮ੍ਰਿਤਸਰ, 11 ਮਈ (ਚ.ਨ.ਸ): ਅੰਮ੍ਰਿਤਸਰ ਸ਼ਹਿਰ ਨੂੰ ਆਬਾਦ ਕਰਨ ਸਮੇਂ ਗੁਰੂ ਕਾਲ 'ਚ ਲਗਵਾਏ ਗਏ ਖੂਹਾਂ ਸਮੇਤ ਸਿੱਖ ਮਿਸਲਾਂ, ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਤੇ ਅੰਗਰੇਜ਼ੀ ਸ਼ਾਸਨ ਵੇਲੇ ਸ਼ਹਿਰ ਦੀਆਂ ਵੱਖ-ਵੱਖ ਆਬਾਦੀਆਂ 'ਚ ਲਗਵਾਏ ਗਏ ਖੂਹਾਂ ਦੀ ਹੋਂਦ ਅਜੇ ਕਾਇਮ ਹੈ, ਪਰ ਇਸ ਨੂੰ ਇੱਕ ਵੱਡੀ ਤ੍ਰਾਸ਼ਦੀ ਮੰਨਿਆ ਜਾ ਸਕਦਾ ਹੈ ਕਿ ਲੰਬੇ ਸਮੇਂ ਤਕ ਲੋਕਾਂ ਦੀ ਪਿਆਸ ਬੁਝਾਉਣ ਤੇ ਹੋਰ ਲੋੜਾਂ ਪੂਰੀਆਂ ਕਰਨ ਵਾਲੇ ਇਹ ਖੂਹ ਪਾਣੀ ਦਾ ਪੱਧਰ ਹੇਠਾਂ ਜਾਣ ਕਰਕੇ ਹੁਣ ਪੂਰੀ ਤਰ੍ਹਾਂ ਸੁੱਕ ਚੁਕੇ ਹਨ। ਇਨ੍ਹਾਂ 'ਚੋਂ ਕੋਈ ਵੀ ਖੂਹ ਚਾਲੂ ਹਾਲਤ ਵਿੱਚ ਨਹੀਂ ਹੈ। ਇਤਿਹਾਸਕ ਦਸਤਾਵੇਜ਼ਾਂ ਮੁਤਾਬਿਕ ਦੇਸ਼ ਦੀ ਵੰਡ ਦੇ ਲੰਬਾ ਸਮਾਂ ਬਾਅਦ ਤੱਕ ਵੀ ਅੰਮ੍ਰਿਤਸਰ 'ਚ ਲਗਭਗ 1200 ਖੂਹ ਮੌਜੂਦ ਸਨ। ਇਨ੍ਹਾਂ 'ਚੋਂ ਬਹੁਤੇ ਖੂਹ ਸ਼ਹਿਰ ਦੇ ਪੁਰਾਣੇ ਰਾਮਦਾਸਪੁਰਾ 'ਚ ਮੌਜੂਦ ਹਨ। ਦੱਸਿਆ ਜਾ ਰਿਹਾ ਹੈ ਕਿ ਕੇਂਦਰ ਸਰਕਾਰ ਦੁਆਰਾ ਅੰਮ੍ਰਿਤ ਮਹਾਂ ਉਤਸਵ ਤਹਿਤ ਦੇਸ਼ ਭਰ ਦੇ ਬੰਦ ਪਏ ਖੂਹਾਂ ਤੇ ਤਲਾਬਾਂ ਨੂੰ ਮੁੜ ਸ਼ੁਰੂ ਕਰਨ ਦੀ ਵਿੱਢੀ ਮੁਹਿੰਮ ਸੂਬਾ ਸਰਕਾਰ ਦੇ ਪ੍ਰਸ਼ਾਸਨਿਕ ਅਮਲੇ ਦੀ ਢਿੱਲ ਕਾਰਨ ਸਿਰੇ ਨਹੀਂ ਚੜ੍ਹ ਸਕੀ ਹੈ। ਹਾਲਾਂਕਿ, ਇਸ ਲਈ ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਵੱਲੋਂ ਕਾਗਜ਼ੀ ਕਾਰਵਾਈ ਮੁਕੰਮਲ ਕਰਨ ਲਈ ਆਪਣੇ ਹੇਠਲੇ ਅਮਲੇ ਨੂੰ ਨਿਰਦੇਸ਼ ਜਾਰੀ ਕਰਕੇ ਵਾਤਾਵਰਨ ਪ੍ਰੇਮੀ ਜਥੇਬੰਦੀਆਂ ਤੇ ਜਲ ਰੱਖਿਅਕਾਂ ਪਾਸੋਂ ਪਿੰਡਾਂ ਸ਼ਹਿਰਾਂ 'ਚ ਸੁੱਕ ਚੁਕੇ ਖੂਹਾਂ, ਤਲਾਬਾਂ ਤੇ ਛੱਪੜਾਂ ਦੀ ਨਿਸ਼ਾਨਦੇਹੀ ਵੀ ਕਰਵਾਈ ਗਈ ਸੀ, ਪਰ ਇਸ ਦੇ ਬਾਵਜੂਦ ਬਹੁਤੇ ਸ਼ਹਿਰਾਂ 'ਚ ਇਹ ਯੋਜਨਾ ਕਾਮਯਾਬ ਨਹੀਂ ਹੋ ਸਕੀ ਹੈ। ਦੱਸਣਯੋਗ ਹੈ ਕਿ ਅੰਮ੍ਰਿਤਸਰ ਦੀ ਧਰਤੀ 'ਤੇ ਪਹਿਲਾ ਖੂਹ ਨਗਰ ਆਬਾਦ ਹੋਣ ਸਮੇਂ ਉਸਾਰੇ ਗਏ ਪਹਿਲੇ ਰਿਹਾਇਸ਼ੀ ਸਥਾਨ ਭਾਵ ਗੁਰਦੁਆਰਾ ਗੁਰੂ ਕੇ ਮਹਿਲ 'ਚ ਲਗਾਇਆ ਗਿਆ ਮੰਨਿਆ ਜਾ ਰਿਹਾ ਹੈ। ਉਕਤ ਦੇ ਇਲਾਵਾ ਮਿਸਲਾਂ ਵੇਲੇ ਵਿਸ਼ਾਲ ਖੂਹ ਢਾਬ ਵਸਤੀ ਰਾਮ ਦੀ ਕਣਕ ਮੰਡੀ 'ਚ ਬਾਬਾ ਬਿਕਰਮ ਸਿੰਘ ਬੇਦੀ ਦੀ ਹਵੇਲੀ, ਬੁੰਗਾ ਰਾਮਗੜ੍ਹੀਆ, ਕਿਲ੍ਹਾ ਆਹਲੂਵਾਲੀਆ, ਕਿਲ੍ਹਾ ਗੋਬਿੰਦਗੜ੍ਹ, ਚੌਰਸਤੀ ਅਟਾਰੀ, ਕਟੜਾ ਹਰੀ ਸਿੰਘ, ਕਟੜਾ ਗਰਬਾ ਸਿੰਘ, ਹਵੇਲੀ ਛੱਜੂ ਮਿਸਰ, ਬਾਗ ਮਿਸਰ ਰੁਲੀਆ ਰਾਮ, ਅਖਾੜਾ ਬ੍ਰਹਮ ਬੂਟਾ, ਹਵੇਲੀ ਮਿਸਲਾਂ ਦੇ ਸਰਦਾਰਾਂ ਦੀਆਂ ਹਵੇਲੀਆਂ ਤੇ ਉਨ੍ਹਾਂ ਵੱਲੋਂ ਵਸਾਏ ਕਟੜਿਆਂ 'ਚ ਲਗਵਾਏ ਗਏ। ਜਿਨ੍ਹਾਂ 'ਚੋਂ ਕਈ ਖੂਹ ਅੱਜ ਵੀ ਮੌਜੂਦ ਹਨ। ਅੰਮ੍ਰਿਤਸਰ 'ਚ ਕਈ ਖੂਹਾਂ ਦਾ ਇਤਿਹਾਸ ਦੇਸ਼ ਦੀ ਆਜ਼ਾਦੀ ਲਈ ਉਠੀਆਂ ਲਹਿਰਾਂ ਤੇ ਸਾਕਿਆਂ ਨਾਲ ਵੀ ਜੁੜਿਆ ਹੋਇਆ ਹੈ। ਇਨ੍ਹਾਂ 'ਚੋਂ ਜਲ੍ਹਿਆਂਵਾਲਾ ਬਾਗ ਤੇ ਖੂਹ ਕੌੜਿਆਂ ਆਬਾਦੀ ਵਿਚਲੇ ਖੂਹ ਵਿਸ਼ੇਸ਼ ਤੌਰ 'ਤੇ ਵਰਣਨਯੋਗ ਹਨ।



ਹੰਟਾਵਾਇਰਸ: ਕਰੂਜ਼ ਯਾਤਰੀ ਤੇ ਅਮਲਾ ਟਾਪੂ 'ਤੇ ਉਤਾਰਿਆ

☛ਲੱਛਣਾਂ ਦੀ ਜਾਂਚ ਮਗਰੋਂ ਨਿਕਾਸੀ ਉਡਾਣਾਂ ਰਾਹੀਂ ਅਗਲੀ ਮੰਜ਼ਿਲ ਵੱਲ ਰਵਾਨਾ

ਟੇਨੇਰਿਫ (ਸਪੇਨ), 11 ਮਈ (ਚ.ਨ.ਸ): ਹੰਟਾਵਾਇਰਸ ਦਾ ਸ਼ਿਕਾਰ ਕਰੂਜ਼ ਬੇੜਾ 140 ਤੋਂ ਵੱਧ ਲੋਕਾਂ ਨੂੰ ਲੈ ਕੇ ਸਪੇਨ ਦੇ ਕੈਨਰੀ ਆਈਲੈਂਡਜ਼ ਦੇ ਸਭ ਤੋਂ ਵੱਡੇ ਟਾਪੂ ਟੇਨੇਰਿਫ ਪਹੁੰਚ ਗਿਆ ਹੈ। ਬੇੜੇ 'ਤੇ 20 ਤੋਂ ਵੱਧ ਮੁਲਕਾਂ ਦੇ ਲੋਕ ਸਵਾਰ ਹਨ। ਪੱਛਮੀ ਅਫਰੀਕੀ ਸਾਹਿਲ ਕੋਲ ਸਥਿਤ ਇਸ ਟਾਪੂ ਉਤੇ ਐਤਵਾਰ ਨੂੰ ਮੁਸਾਫ਼ਰਾਂ ਤੇ ਚਾਲਕ ਦਲ ਦੇ ਮੈਂਬਰਾਂ ਨੂੰ ਉਤਾਰਿਆ ਗਿਆ ਹੈ। ਇਨ੍ਹਾਂ ਵਿੱਚ ਲੱਛਣਾਂ ਦੀ ਜਾਂਚ ਮਗਰੋਂ ਇਨ੍ਹਾਂ ਨੂੰ ਨਿਕਾਸੀ ਉਡਾਣਾਂ ਰਾਹੀਂ ਆਪੋ-ਆਪਣੀ ਮੰਜ਼ਿਲ ਉਤੇ ਭੇਜ ਦਿੱਤਾ ਗਿਆ। ਆਲਮੀ ਸਿਹਤ ਸੰਸਥਾ ਤੇ ਸਪੇਨ ਦੇ ਸਿਹਤ ਮੰਤਰਾਲੇ ਵੱਲੋਂ ਇਸ ਪੂਰੇ ਅਪਰੇਸ਼ਨ 'ਤੇ ਨਜ਼ਰ ਰੱਖੀ ਜਾ ਰਹੀ ਹੈ। ਸਪੇਨ ਦੀ ਸਿਹਤ ਮੰਤਰੀ ਮੋਨਿਕਾ ਗਾਰਸੀਆ ਨੇ ਕਿਹਾ ਕਿ ਇਹ ਪੂਰਾ ਅਪਰੇਸ਼ਨ ਬੜੇ ਆਰਾਮ ਨਾਲ ਚੱਲ ਰਿਹਾ ਹੈ। ਆਲਮੀ ਸਿਹਤ ਸੰਗਠਨ (ਡਬਲਿਊ.ਐਚ.ਓ) ਸਪੇਨ ਦੇ ਅਧਿਕਾਰੀਆਂ ਤੇ ਕਰੂਜ਼ ਕੰਪਨੀ 'ਓਸ਼ਨ ਵਾਇਡ' ਐਕਸਪੀਡੀਸ਼ਨਜ਼ ਨੇ ਕਿਹਾ ਕਿ 'ਐਮਵੀ ਹੌਂਡੀਅਸ' ਵਿੱਚ ਸਵਾਰ ਕਿਸੇ ਵੀ ਵਿਅਕਤੀ ਵਿੱਚ ਹਾਲ ਦੀ ਘੜੀ ਵਾਇਰਸ ਦੇ ਲੱਛਣ ਨਜ਼ਰ ਨਹੀਂ ਆਏ। ਸਪੇਨ ਦੇ ਸਿਹਤ ਮੰਤਰਾਲੇ ਨੇ ਕਿਹਾ ਕਿ ਕਰੂਜ਼ ਬੇੜੇ ਤੋਂ ਸਭ ਤੋਂ ਪਹਿਲਾਂ ਸਪੈਨਿਸ਼ ਨਾਗਰਿਕ ਉਤਰੇ ਤੇ ਉਨ੍ਹਾਂ ਨੂੰ ਛੋਟੀਆਂ ਕਿਸ਼ਤੀਆਂ, ਜਿਨ੍ਹਾਂ ਵਿੱਚ 5 ਤੋਂ 10 ਲੋਕ ਸਵਾਰ ਹੋ ਸਕਦੇ ਹਨ, ਵਿੱਚ ਲਿਜਾਇਆ ਗਿਆ।

ਅਵਾਰਾ ਪਸ਼ੂ ਲੋਕਾਂ ਲਈ ਬਣੇ ਸਿਰਦਰਦੀ

ਲੌਂਗੋਵਾਲ, 11 ਮਈ (ਚ.ਨ.ਸ): ਲੌਂਗੋਵਾਲ ਦੀ ਹਰ ਗਲੀ ਹਰ ਬਾਜ਼ਾਰ ਵਿੱਚ ਲਾਵਾਰਿਸ ਪਸ਼ੂਆਂ ਤੇ ਕੁੱਤਿਆਂ ਨੇ ਲੋਕਾਂ ਦਾ ਜਿਊਣਾ ਮੁਸ਼ਕਿਲ ਕੀਤਾ ਹੋਇਆ ਹੈ। ਬੱਸ ਸਟੈਂਡ ਨੇੜੇ ਅਨਾਜ ਮੰਡੀ ਦਾ ਹੋਣਾ ਇਨ੍ਹਾਂ ਲਈ ਵਧੇਰੇ

ਸਹਾਈ ਹੋ ਰਿਹਾ ਹੈ। ਸ਼ਹਿਰ ਦੇ ਐਨ ਨਾਲੋਂ ਲੰਘਦੀ ਡਰੇਨ ਕਰਕੇ ਅਵਾਰਾਂ ਕੁੱਤਿਆਂ ਦੀ ਭਰਮਾਰ ਰਹਿੰਦੀ ਹੈ। ਕਸਬਾ ਲੌਂਗੋਵਾਲ ਵਿੱਚ ਕੇਂਦਰ ਸਰਕਾਰ ਦਾ ਵੱਡਾ ਅਦਾਰਾ ਸਲਾਈਟ ਯੂਨੀਵਰਸਿਟੀ ਹੋਣ ਕਰਕੇ ਭਾਰਤ ਦੇ ਹਰ ਸੂਬੇ ਤੋਂ ਇੱਥੇ ਵਿਦਿਆਰਥੀ ਪੜ੍ਹਨ ਲਈ ਆਉਂਦੇ ਹਨ ਤੇ ਕਈ ਵਾਰ ਉਹ ਇਨ੍ਹਾਂ ਲਾਵਾਰਿਸ ਪਸ਼ੂਆਂ ਦੀ ਲਪੇਟ ਵਿੱਚ ਆ ਕੇ ਗੰਭੀਰ ਸੱਟਾਂ ਖਾ ਬੈਠੇ ਹਨ। ਨੇੜਲੇ ਪਿੰਡ ਬਡਬਰ ਦੇ ਬੀੜ ਵਿੱਚ ਨੀਲ ਗਊਆਂ ਤੇ ਹੋਰ ਅਵਾਰਾ ਪਸ਼ੂਆਂ ਨੇ ਇਲਾਕੇ ਦੇ ਕਿਸਾਨਾਂ ਦੀਆਂ ਫਸਲਾਂ ਦਾ ਬਹੁਤ ਨੁਕਸਾਨ ਕੀਤਾ ਹੈ। ਇਹ ਨੀਲ ਗਊਆਂ ਤੇ ਅਵਾਰਾ ਪਸ਼ੂ ਸਬਜ਼ੀਆਂ ਜਿਵੇਂ ਟਮਾਟਰ, ਘੀਆ ਕੱਦੂ, ਟਿੰਡੇ, ਭਿੰਡੀ ਤੋਰੀ, ਖੀਰਾ, ਖਰਬੂਜੇ, ਕਰੇਲੇ ਆਦਿ ਦਾ ਬਹੁਤ ਭਾਰੀ ਨੁਕਸਾਨ ਕਰਦੇ ਰਹਿੰਦੇ ਹਨ। ਅਵਾਰਾ ਕੁੱਤਿਆਂ ਤੋਂ ਸਕੂਲ ਜਾਂਦੇ ਬੱਚਿਆਂ ਨੂੰ ਬੇਹੱਦ ਖ਼ਤਰਾ ਰਹਿੰਦਾ ਹੈ। ਕੁੱਤਿਆਂ ਵੱਲੋਂ ਬੱਚਿਆਂ ਨੂੰ ਨੋਚਣ ਦੀਆਂ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ। ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਲੌਂਗੋਵਾਲ, ਬੀਕੇਯੂ (ਏਕਤਾ) ਡਕੌਂਦਾ ਦੇ ਜ਼ਿਲ੍ਹਾ ਕਮੇਟੀ ਮੈਂਬਰ ਸਾਹਿਬ ਸਿੰਘ ਬਡਬਰ, ਕਿਰਤੀ ਕਿਸਾਨ ਯੂਨੀਅਨ ਦੇ ਕੁਲਵਿੰਦਰ ਸਿੰਘ ਸੋਨੀ ਨੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਲਾਵਾਰਿਸ ਪਸ਼ੂਆਂ ਤੋਂ ਕਿਸਾਨਾਂ ਦੀਆਂ ਫਸਲਾਂ ਤੇ ਸਬਜ਼ੀਆਂ ਨੂੰ ਬਚਾਉਣ ਲਈ ਤੇ ਅਵਾਰਾ ਕੁੱਤਿਆਂ ਬੱਚਿਆਂ ਦੀ ਜਾਨ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

ਤੇਜ਼ ਹਨ੍ਹੇਰੀ ਨਾਲ ਹੋਈ ਬਾਰਿਸ਼

ਮੋਗਾ, 11 ਮਈ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿੱਚ ਅੱਜ ਬਹੁਤ ਜ਼ਿਆਦਾ ਤੇਜ਼ ਹਨ੍ਹੇਰੀ ਦੇ ਨਾਲ ਬਹੁਤ ਤੇਜ਼ ਬਾਰਿਸ਼ ਹੋਈ। ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੁਝ ਲੋਕਾਂ ਨੇ ਕਿਹਾ ਕਿ ਮੰਡੀਆਂ ਦੇ ਵਿੱਚ ਖੁੱਲ੍ਹੇ ਅਸਮਾਨ ਹੇਠਾਂ ਕਣਕ ਦੀਆਂ ਬੋਰੀਆਂ ਪਈਆਂ ਹਨ, ਕਿਉਂਕਿ ਲਿਫਟਿੰਗ ਦਾ ਕੰਮ ਬਹੁਤ ਢਿੱਲਾ ਹੈ, ਲਿਫਟਿੰਗ ਨਾ ਹੋਣ ਕਰਕੇ ਕਣਕ ਦੀਆਂ ਸਾਰੀਆਂ ਬੋਰੀਆਂ ਗਿੱਲੀਆਂ ਹੋ ਚੁੱਕੀਆਂ ਹਨ, ਕਿਉਂਕਿ ਅਧਿਕਾਰੀਆਂ ਦੀ ਲਾਪ੍ਰਵਾਹੀ ਦਾ ਇਹ ਨਤੀਜਾ ਹੈ, ਹਜ਼ਾਰਾਂ ਬੋਰੀਆਂ ਕਣਕ ਦੀਆਂ ਮੰਡੀਆਂ ਵਿੱਚ ਪਈਆਂ ਹਨ ਤੇ ਬਹੁਤ ਟਾਈਮ ਹੋ ਗਿਆ ਹੈ ਕਿ ਲਿਫਟਿੰਗ ਦਾ ਕੰਮ ਇੰਨਾ ਢਿੱਲਾ ਹੈ, ਵੈਸੇ ਤਾਂ ਸਰਕਾਰ ਬਹੁਤ ਦਾਅਵੇ ਕਰਦੀ ਹੈ ਪਰ ਇਸ ਵਾਰ ਮੰਡੀ ਦੇ ਵਿੱਚ ਕਣਕ ਦੀਆਂ ਪਈਆਂ ਬੋਰੀਆਂ ਨੇ ਸਰਕਾਰ ਦੀ ਪੋਲ ਖੋਲ੍ਹ ਦਿੱਤੀ ਹੈ, ਕਿਉਂਕਿ ਕਣਕ ਦਾ ਸੀਜ਼ਨ ਲੰਘਣ ਨੂੰ ਬਹੁਤ ਟਾਈਮ ਹੋ ਚੁੱਕਾ ਹੈ ਤੇ ਮੰਡੀ ਹਜੇ ਵੀ ਕਣਕ ਦੀਆਂ ਬੋਰੀਆਂ ਨਾਲ ਭਰੀ ਪਈ ਹੈ ਤੇ ਅਧਿਕਾਰੀ ਸਾਰੇ ਖਾਮੋਸ਼ ਬੈਠੇ ਹਨ।

ਖ਼ਰੀਦ ਏਜੰਸੀਆਂ ਵੱਲੋਂ 2 ਲੱਖ 49 ਹਜ਼ਾਰ 817 ਮੀਟ੍ਰਿਕ ਟਨ ਕਣਕ ਦੀ ਖਰੀਦ

☛ਕਿਸਾਨਾਂ ਨੂੰ ਹੁਣ ਤੱਕ 628.97 ਕਰੋੜ ਰੁਪਏ ਦੀ ਅਦਾਇਗੀ ਕੀਤੀ

ਸ੍ਰੀ ਫ਼ਤਹਿਗੜ੍ਹ ਸਾਹਿਬ, 11 ਮਈ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 2 ਲੱਖ 50 ਹਜ਼ਾਰ 56 ਮੀਟ੍ਰਿਕ ਟਨ ਦੀ ਆਮਦ ਹੋਈ ਹੈ ਤੇ ਵੱਖ-ਵੱਖ ਖ਼ਰੀਦ ਏਜੰਸੀਆਂ ਵੱਲੋਂ 2 ਲੱਖ 49 ਹਜ਼ਾਰ 817 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੰਡੀਆਂ ਵਿੱਚ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 628.97 ਕਰੋੜ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ। ਡਾ ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 59310 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 66386 ਮੀਟ੍ਰਿਕ ਟਨ, ਪਨਸਪ ਵੱਲੋਂ 57505 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 37661 ਮੀਟ੍ਰਿਕ ਟਨ, ਐਫ.ਸੀ.ਆਈ. ਵੱਲੋਂ 22551 ਮੀਟ੍ਰਿਕ ਟਨ ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 6402 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਤੇ ਖੇਤਾਂ ਵਿੱਚ ਹੀ ਮਿਲਾ ਕੇ ਮਿੱਟੀ, ਹਵਾ ਤੇ ਪਾਣੀ ਵਰਗੇ ਅਨਮੁੱਲੇ ਜੀਵਨ ਦੇ ਸਾਧਨਾਂ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ।

ਸਕੂਲ ਹੁਣ ਬੱਚਿਆਂ ਨੂੰ ਪੜ੍ਹਾਈ ਦੇ

ਭਾਜਪਾ ਦੇ ਪੰਜਾਬ ਵਿੱਚ ਰਾਜ ਕਰਨ ਦੇ ਮਨਸੂਬੇ ਪੂਰੇ ਨਹੀਂ ਹੋਣ ਦਿਆਂਗੇ : ਕ੍ਰਿਸਟਲ

ਲੁਧਿਆਣਾ, 11 ਮਈ (ਰਵਿੰਦਰ ਸਿੰਘ ਨਿੱਝਰ): ਸੀਨੀਅਰ ਕਾਂਗਰਸੀ ਨੇਤਾ ਭੁਪਿੰਦਰ ਸਿੰਘ ਕ੍ਰਿਸਟਲ ਨੇ ਆਖਿਆ ਹੈ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਰਾਜ ਤਾਂ ਕਰਨਾ ਚਾਹੁੰਦੀ ਹੈ, ਪ੍ਰੰਤੂ ਪੰਜਾਬੀ ਨਾਲ ਦਿਲੋਂ ਨਫਰਤ ਕਰਦੀ ਹੈ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਮਾੜੀ ਨੀਅਤ ਨਾਲ ਪੰਜਾਬ ਵੱਲ ਝਾਕ ਰਹੀ ਭਰਤੀ ਜਨਤਾ ਪਾਰਟੀ ਨੂੰ ਮੂੰਹ ਨਾ ਲਾਉਣ। ਉਹਨਾਂ ਆਖਿਆ ਕਿ ਹਾਲ ਹੀ ਵਿੱਚ ਕੇਂਦਰ ਦੀ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਅਧੀਨ ਚੱਲ ਰਹੇ ਆਰਮੀ ਸਕੂਲਾਂ ਵਿੱਚੋਂ ਪੰਜਾਬ ਦੇ ਸਕੂਲਾਂ ਨੇ ਇਹ ਐਲਾਨ ਕੀਤਾ ਹੈ ਕਿ ਉਹ ਹਿੰਦੀ, ਸੰਸਕ੍ਰਿਤ ਅਤੇ ਅੰਗਰੇਜੀ ਵਰਗੀਆਂ ਭਾਸ਼ਾਵਾਂ ਤਾਂ ਜ਼ਰੂਰ ਪੜ੍ਹਾਉਣਗੇ, ਪ੍ਰੰਤੂ ਪੰਜਾਬੀ ਨੂੰ ਪੰਜਾਬ ਵਿੱਚ ਵੀ ਜਰੂਰੀ ਵਿਸ਼ੇ ਵਜੋਂ ਨਹੀਂ ਪੜ੍ਹਾਉਣਗੇ ਅਤੇ ਇਹ ਇੱਕ ਆਰਜੀ ਵਿਸ਼ਾ ਹੋਵੇਗਾ, ਜਿਹੜਾ ਵਿਦਿਆਰਥੀ ਇਸਨੂੰ ਪੜ੍ਹਨਾ ਚਾਹਵੇਗਾ ਉਹ ਪੜ੍ਹ ਸਕਦਾ ਹੈ। ਪ੍ਰੰਤੂ ਇਹ ਜ਼ਰੂਰੀ ਨਹੀਂ ਹੋਵੇਗਾ। ਕ੍ਰਿਸ਼ਟਰ ਨੇ ਆਖਿਆ ਕਿ ਆਰਮੀ ਸਕੂਲਾਂ ਦਾ ਇਹ ਫੁਰਮਾਨ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਬਰਬਾਦ ਕਰਨ ਵਾਲਾ ਹੈ। ਉਹਨਾਂ ਕਿਹਾ ਕਿ ਪੰਜਾਬੀ ਸਾਡੀ ਮਾਂ ਬੋਲੀ ਹੈ। ਚਾਹੀਦਾ ਤਾਂ ਇਹ ਹੈ ਕਿ ਸਾਰੀ ਪੜ੍ਹਾਈ ਹੀ ਮਾਂ ਬੋਲੀ ਵਿੱਚ ਕਰਵਾਈ ਜਾਵੇ। ਪ੍ਰੰਤੂ ਜੇਕਰ ਉੱਚ ਸਿੱਖਿਆ ਦੌਰਾਨ ਮੁਕਾਬਲੇਬਾਜ਼ੀ ਵਿੱਚ ਵਧੀਆ ਕਾਰਗੁਜ਼ਾਰੀ ਦੇ ਦਿਖਾਉਣ ਲਈ ਪੰਜਾਬ ਦੇ ਵਿਦਿਆਰਥੀ ਕਿਸੇ ਹੋਰ ਮਾਧਿਅਮ ਰਾਹੀਂ ਪੜ੍ਹਨਾ ਚਾਹੁੰਦੇ ਹਨ ਤਾਂ ਉਹ ਵੱਖਰੀ ਗੱਲ ਹੈ। ਪਰੰਤੂ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਅਣਗੌਲਿਆ ਨਹੀਂ ਜਾ ਸਕਦਾ ਅਤੇ ਨਾ ਹੀ ਪੰਜਾਬ ਦੇ ਲੋਕ ਇਸ ਨੂੰ ਬਰਦਾਸ਼ਤ ਕਰਨਗੇ। ਉਹਨਾਂ ਆਖਿਆ ਕਿ ਭਾਜਪਾ ਪੰਜਾਬ ਵਿੱਚ ਰਾਜ ਤਾ ਕਰਨਾ ਚਾਹੁੰਦੀ ਹੈ, ਪ੍ਰੰਤੂ ਪੰਜਾਬੀ ਨੂੰ ਖੂੰਜੇ ਲਗਾ ਕੇ ਪੰਜਾਬ ਦੇ ਲੋਕਾਂ ਨੂੰ ਉਹਨਾਂ ਦੇ ਵਿਰਸੇ ਤੋਂ ਦੂਰ ਭਜਾਉਣਾ ਚਾਹੁੰਦੀ ਹੈ ਜੋ ਕਿ ਸੰਭਵ ਨਹੀਂ ਹੋਵੇਗਾ। ਉਹਨਾਂ ਕਿਹਾ ਕਿ ਕੇਂਦਰੀ ਸਿੱਖਿਆ ਨੀਤੀ ਅਧੀਨ ਵੀ ਤਿੰਨ ਭਾਸ਼ਾ ਦਾ ਫਾਰਮੂਲਾ ਹੈ, ਜਿਸ ਵਿੱਚ ਕਿ ਮਾਂ ਬੋਲੀ ਵੀ ਹੈ, ਪ੍ਰੰਤੂ ਪੰਜਾਬ ਵਿਚਲੇ ਆਰਮੀ ਸਕੂਲ ਕੇਂਦਰ ਦੀ ਨੀਤੀ ਨੂੰ ਵੀ ਠੇਂਗਾ ਦਿਖਾ ਰਹੇ ਨਜ਼ਰ ਆਉਂਦੇ ਹਨ। ਉਹਨਾਂ ਕਿਹਾ ਕਿ ਜਲੰਧਰ ਦੇ ਇੱਕ ਸਕੂਲ ਨੇ ਬੱਚਿਆਂ ਦੇ ਮਾਪਿਆਂ ਨੂੰ ਇਹ ਲਿਖ ਕੇ ਦੇਣ ਲਈ ਆਖਿਆ ਹੈ ਕਿ ਬੱਚਿਆਂ ਨੂੰ ਪੰਜਾਬੀ ਪੜ੍ਹਾਉਣਾ ਜ਼ਰੂਰੀ ਨਹੀਂ ਜੋ ਕਿ ਬੇਹੱਦ ਸ਼ਰਮ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਮਹਾਰਾਸ਼ਟਰ ਤਾਂ ਭਾਜਪਾ ਦੇ ਅਧੀਨ ਕਿਸੇ ਨਾ ਕਿਸੇ ਰੂਪ ਵਿੱਚ ਹੈ ਹੀ, ਪ੍ਰੰਤੂ ਉੱਥੇ ਵੀ ਮਰਾਠੀ ਨੂੰ ਪਰ੍ਹਾਂ ਕਰਨ ਵਿੱਚ ਭਾਜਪਾ ਪੂਰੀ ਤਰ੍ਹਾਂ ਫੇਲ੍ਹ ਹੋ ਗਈ ਹੈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਚੱਲਦੇ ਆਰਮੀ ਸਕੂਲ ਜ਼ਮੀਨ ਪੰਜਾਬ ਦੀ ਵਰਤ ਰਹੇ ਹਨ, ਫੀਸਾਂ ਪੰਜਾਬੀਆਂ ਤੋਂ ਲੈ ਰਹੇ ਹਨ, ਪ੍ਰੰਤੂ ਪੰਜਾਬੀ ਪੜ੍ਹਾਉਣ ਦੀ ਜ਼ਿੰਮੇਵਾਰੀ ਤੋਂ ਭੱਜਣਾ ਚਾਹੁੰਦੇ ਹਨ।ਕ੍ਰਿਸਟਲ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਆਪੋ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਸਮੂਹ ਪੰਜਾਬੀ, ਸਮੂਹ ਸਾਹਿਤਕ, ਵਿੱਦਿਅਕ, ਸੱਭਿਆਚਾਰਕ ਤੇ ਹੋਰ ਸੰਸਥਾਵਾਂ ਇਸ ਮਾਮਲੇ ਵਿੱਚ ਅੱਗੇ ਆਉਣ ਅਤੇ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਏ ਜਾਣ ਤੋਂ ਮੂੰਹ ਮੋੜਨ ਵਾਲੇ ਆਰਮੀ ਸਕੂਲਾਂ ਨੂੰ ਇਹ ਦਿਖਾ ਦੇਣ ਕਿ ਪੰਜਾਬ ਵਿੱਚ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਤੋਂ ਉਹ ਭੱਜ ਨਹੀਂ ਸਕਦੇ।

ਲੁਧਿਆਣਾ 'ਚ ਬਕਾਇਆ ਚਲਾਨਾਂ ਵਾਲੇ ਵਾਹਨਾਂ ਖ਼ਿਲਾਫ਼ ਸਖ਼ਤ ਕਾਰਵਾਈ

ਲੁਧਿਆਣਾ, 11 ਮਈ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ/ਅਰਸ਼ ਸ਼ਰਮਾ) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ 2025 ਦੇ ਸੀ.ਡਬਲਯੂ.ਪੀ-ਪੀ.ਐਲ.ਆਈ ਨੰਬਰ 291 ਵਿੱਚ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਟਰਾਂਸਪੋਰਟ ਵਿਭਾਗ ਨੇ ਦੱਸਿਆ ਹੈ ਕਿ ਜ਼ਿਲ੍ਹੇ ਵਿੱਚ ਰਜਿਸਟਰਡ ਕਈ ਵਾਹਨਾਂ ਨੂੰ ਸਰਕਾਰੀ ਬਕਾਏ ਦੀ ਅਦਾਇਗੀ ਨਾ ਕਰਨ, ਬਕਾਇਆ ਰਿਕਵਰੀ ਕਾਰਵਾਈਆਂ ਅਤੇ ਅਦਾਇਗੀ ਨਾ ਕੀਤੇ ਗਏ ਟ੍ਰੈਫਿਕ ਚਲਾਨਾਂ ਕਾਰਨ ਬਲੈਕਲਿਸਟ ਕੀਤਾ ਗਿਆ ਹੈ। ਵਿਭਾਗ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਅਜਿਹੇ ਬਲੈਕਲਿਸਟ ਕੀਤੇ ਵਾਹਨਾਂ ਦੇ ਸਾਰੇ ਰਜਿਸਟਰਡ ਮਾਲਕਾਂ, ਅਤੇ ਨਾਲ ਹੀ ਡਿਫਾਲਟਰਾਂ ਜਿਨ੍ਹਾਂ ਵਿਰੁੱਧ ਰਿਕਵਰੀ ਕਾਰਵਾਈਆਂ ਲੰਬਿਤ ਹਨ, ਨੂੰ ਬਕਾਏ/ਚਲਾਨਾਂ ਤੁਰੰਤ ਕਲੀਅਰ ਕਰਨ ਅਤੇ ਸਬੰਧਤ ਅਧਿਕਾਰੀਆਂ ਨਾਲ ਆਪਣੇ ਕੇਸਾਂ ਨੂੰ ਬਿਨਾਂ ਦੇਰੀ ਦੇ ਨਿਯਮਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਅਧਿਕਾਰੀ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਲੁਧਿਆਣਾ ਵਿੱਚ ਪੁਲਿਸ ਵਿਭਾਗ ਅਤੇ ਟਰਾਂਸਪੋਰਟ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਇੱਕ ਵਿਸ਼ੇਸ਼ ਇਨਫੋਰਸਮੈਂਟ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦੌਰਾਨ ਸੜਕਾਂ 'ਤੇ ਚੱਲਦੇ ਪਾਏ ਜਾਣ ਵਾਲੇ ਕਿਸੇ ਵੀ ਬਲੈਕਲਿਸਟ ਕੀਤੇ ਵਾਹਨ ਨੂੰ ਮੋਟਰ ਵਹੀਕਲ ਐਕਟ, 1988 ਦੇ ਸਬੰਧਿਤ ਉਪਬੰਧਾਂ ਅਤੇ ਇਸ ਅਧੀਨ ਬਣਾਏ ਗਏ ਨਿਯਮਾਂ ਅਧੀਨ ਜ਼ਬਤ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਬਲੈਕਲਿਸਟ ਕੀਤੇ ਵਾਹਨਾਂ ਅਤੇ ਬਕਾਇਆ ਰਿਕਵਰੀ ਡਿਫਾਲਟਰਾਂ ਦੀ ਸੂਚੀ ਖੇਤਰੀ ਟਰਾਂਸਪੋਰਟ ਅਫਸਰ (ਆਰਟੀਓ), ਲੁਧਿਆਣਾ ਦੇ ਦਫ਼ਤਰ ਵਿਖੇ ਜਨਤਕ ਨਿਰੀਖਣ ਲਈ ਉਪਲੱਬਧ ਹੈ ਅਤੇ ਜ਼ਿਲ੍ਹਾ ਲੁਧਿਆਣਾ ਦੇ ਸਬੰਧਤ ਉਪ-ਮੰਡਲ ਮੈਜਿਸਟ੍ਰੇਟ (ਐਸਡੀਐਮ) ਦੇ ਦਫ਼ਤਰਾਂ ਵਿੱਚ ਵੀ ਪ੍ਰਦਰਸ਼ਿਤ ਕੀਤੀ ਜਾਵੇਗੀ। ਸਾਰੇ ਸਬੰਧਤ ਵਾਹਨ ਮਾਲਕਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਆਪਣੇ ਵਾਹਨਾਂ ਦੀ ਸਥਿਤੀ ਦੀ ਪੁਸ਼ਟੀ ਕਰਨ ਅਤੇ ਕਾਨੂੰਨੀ ਕਾਰਵਾਈ ਅਤੇ ਜ਼ਬਤ ਕਰਨ ਦੀ ਕਾਰਵਾਈ ਤੋਂ ਬਚਣ ਲਈ ਤੁਰੰਤ ਪਾਲਣਾ ਨੂੰ ਯਕੀਨੀ ਬਣਾਉਣ।

ਡੂ ਗੁੱਡ ਫਾਊਂਡੇਸ਼ਨ ਦੀ ਸੰਸਥਾਪਕ ਵੱਲੋਂ ਜਨਗਣਨਾ ਦੀ ਸਵੈ-ਗਣਨਾ ਪੂਰੀ



ਲੁਧਿਆਣਾ, 11 ਮਈ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ/ਅਰਸ਼ ਸ਼ਰਮਾ) : ਡੂ ਗੁੱਡ ਫਾਊਂਡੇਸ਼ਨ, ਲੁਧਿਆਣਾ ਦੀ ਸੰਸਥਾਪਕ ਜੈਸਮੀਨ ਪਾਹਵਾ ਨੇ ਜਨਗਣਨਾ 2027 ਦੇ ਤਹਿਤ ਸਵੈ-ਗਣਨਾ (ਐਸਈ) ਪ੍ਰਕਿਰਿਆ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ ਅਤੇ ਨਾਗਰਿਕਾਂ ਨੂੰ ਇਸ ਮਹੱਤਵਪੂਰਨ ਰਾਸ਼ਟਰੀ ਅਭਿਆਸ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਹੈ। ਜਨਗਣਨਾ 2027 ਲਈ ਸਵੈ-ਗਣਨਾ ਪੜਾਅ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਅਧਿਕਾਰਤ ਪੋਰਟਲ se.census.gov.in ਰਾਹੀਂ ਕਰਵਾਇਆ ਜਾ ਰਿਹਾ ਹੈ। ਨਾਗਰਿਕ ਆਪਣੇ ਘਰਾਂ ਤੋਂ ਆਰਾਮ ਨਾਲ ਆਪਣੇ ਮੋਬਾਈਲ ਨੰਬਰ ਅਤੇ ਓਟੀਪੀ ਤਸਦੀਕ ਦੀ ਵਰਤੋਂ ਕਰਕੇ ਆਪਣੇ ਘਰੇਲੂ ਜਨਗਣਨਾ ਵੇਰਵੇ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ। ਗੱਲਬਾਤ ਦੌਰਾਨ ਜੈਸਮੀਨ ਪਾਹਵਾ ਨੇ ਜਨਗਣਨਾ ਪ੍ਰਕਿਰਿਆ ਵਿੱਚ ਜਨਤਕ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਪਰਿਵਾਰਾਂ, ਖਾਸ ਕਰਕੇ ਨੌਜਵਾਨਾਂ ਅਤੇ ਸਮਾਜਿਕ ਸੰਗਠਨਾਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਆਪਣੀ ਸਵੈ-ਗਣਨਾ ਪੂਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਹੀ ਜਨਗਣਨਾ ਡਾਟਾ ਵਿਕਾਸ ਯੋਜਨਾਬੰਦੀ ਅਤੇ ਭਲਾਈ ਪਹਿਲਕਦਮੀਆਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਸਹਾਇਕ ਲਾਈਨਮੈਨਾਂ ਦੇ ਮਸਲਿਆਂ ਸਬੰਧੀ ਐਕਸੀਅਨ ਨਾਲ ਮੁਲਾਕਾਤ

ਲੁਧਿਆਣਾ, 11 ਮਈ (ਰਵਿੰਦਰ ਸਿੰਘ ਨਿੱਝਰ): ਪੀਐਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦਾ ਵਫਦ ਸਰਕਲ ਪੱਛਮੀ ਦੇ ਪ੍ਰਧਾਨ ਗੁਰਮੁੱਖ ਸਿੰਘ ਦੀ ਅਗਵਾਈ ਹੇਠ ਮਾਡਲ ਟਾਊਨ ਡਵੀਜ਼ਨ ਦੇ ਐਕਸੀਅਨ ਤਰਸੇਮ ਲਾਲ ਬੈਂਸ ਨੂੰ ਮਿਲਿਆ। ਵਫਦ ਵਿੱਚ ਸ਼ਾਮਲ ਸੂਬਾ ਸਕੱਤਰ ਗੁਰਪ੍ਰੀਤ ਸਿੰਘ ਮਹਿਦੂਦਾਂ, ਐਫੀ ਮੈਂਬਰ ਗਸ਼ਪਾਲ ਸਿੰਘ ਪਾਲੀ, ਪੱਛਮੀਂ ਸਰਕਲ ਦੇ ਸਰਪ੍ਰਸਤ ਠਾਕੁਰ ਸੋਬਨ ਸਿੰਘ ਅਤੇ ਪੂਰਬੀ ਸਰਕਲ ਦੇ ਸਰਪ੍ਰਸਤ ਸਤੀਸ਼ ਭਾਰਦਵਾਜ ਨੇ ਐਕਸੀਅਨ ਨੂੰ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਸਾਂਝੀਆਂ ਕਰਦਿਆਂ ਉਨ੍ਹਾਂ ਦੇ ਸਾਰਥਿਕ ਹੱਲ ਦੀ ਮੰਗ ਕੀਤੀ।ਉਨ੍ਹਾਂ ਨੂੰ ਦੱਸਿਆ ਗਿਆ ਕਿ ਨਵੇਂ ਭਰਤੀ ਹੋਏ ਸਹਾਇਕ ਲਾਈਨਮੈਨਾਂ ਨੂੰ ਅਜੇ ਤੱਕ ਲੋਡੇ ਤਹਿਤ ਪੈਟਰੋਲ ਭੱਤਾ ਨਹੀਂ ਦਿੱਤਾ ਜਾ ਰਿਹਾ ਤੇ ਉਨ੍ਹਾਂ ਤੋਂ ਖੁਦ ਦੇ ਨਾਮ ਵਾਲੇ ਵਹੀਕਲ ਦੀ ਆਰਸੀ ਮੰਗੀ ਜਾ ਰਹੀ ਹੈ, ਜਦਕਿ ਜੱਥੇਬੰਦੀਆਂ ਦੇ ਸਾਂਝੇ ਧੜੇ ਨਾਲ ਹੋਏ ਸਮਝੌਤੇ ਤਹਿਤ ਪੈਟਰੋਲ ਭੱਤਾ ਪ੍ਰਾਪਤ ਕਰਨ ਲਈ ਅਜਿਹੀ ਕੋਈ ਵੀ ਸ਼ਰਤ ਨਹੀਂ ਰੱਖੀ ਗਈ। ਦੂਜੀ ਮੰਗ ਤਹਿਤ ਪਰੋਬੇਸ਼ਨਲ ਪੀਰੀਅਡ ਵਿੱਚ ਕਿਸੇ ਵੀ ਸਹਾਇਕ ਲਾਈਨਮੈਨ ਤੋਂ ਐਚਟੀ ਲਾਈਨ ਉੱਤੇ ਕੰਮ ਕਰਵਾਉਣਾ ਗੈਰ ਕਾਨੂੰਨੀ ਹੈ, ਪਰ ਉਨ੍ਹਾਂ ਤੋਂ ਜਬਰੀ ਕੰਮ ਕਰਵਾਇਆ ਜਾ ਰਿਹਾ ਹੈ। ਮੰਗ ਕੀਤੀ ਗਈ ਕਿ ਪਰਖ ਕਾਲ ਸਮਾਂ ਪੂਰਾ ਹੋਣ ਤੱਕ ਉਨ੍ਹਾਂ ਤੋਂ ਐਚ ਟੀ ਲਾਈਨਾਂ ਉੱਤੇ ਕੰਮ ਨਾ ਕਰਵਾਇਆ ਜਾਵੇ। ਤੀਜੀ ਮੰਗ ਤਹਿਤ ਦੋ ਸਹਾਇਕ ਲਾਈਨਮੈਨਾਂ ਦੇ ਬਦਲੀ ਦੇ ਆਰਡਰ ਹੋਏ ਹਨ, ਪਰ ਉਨ੍ਹਾਂ ਨੂੰ ਰਿਲੀਵ ਨਹੀਂ ਕੀਤਾ ਜਾ ਰਿਹਾ। ਐਕਸੀਅਨ ਬੈਂਸ ਨੇ ਪਹਿਲੀਆਂ ਦੋਵਾਂ ਮੰਗਾਂ ਦੇ ਸਾਰਥਿਕ ਹੱਲ ਦਾ ਭਰੋਸਾ ਦਿੰਦਿਆਂ ਰਿਲੀਵਿੰਗ ਵਾਲੇ ਦੋਵੇਂ ਸਹਾਇਕ ਲਾਈਨਮੈਨਾਂ ਦੇ ਆਰਡਰ ਜਲਦ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡਵੀਜ਼ਨ ਪ੍ਰਧਾਨ ਕੁਲਜੀਤ ਸਿੰਘ, ਸਕੱਤਰ ਕਮਲਜੀਤ ਸਿੰਘ, ਜੇਈ ਰਵਿੰਦਰ ਸ਼ਰਮਾ, ਜੇਈ ਮੁਕਸ਼ਿੰਦਰ ਸਿੰਘ ਅਤੇ ਹੋਰ ਹਾਜ਼ਰ ਸਨ।

ਸਿੱਖੀ ਸਰੂਪ ਵਾਲੇ ਟ੍ਰੈਫ਼ਿਕ ਇੰਚਾਰਜ ਦਾ ਕੀਤਾ ਸਨਮਾਨ

ਲੁਧਿਆਣਾ, 11 ਮਈ (ਰਵਿੰਦਰ ਸਿੰਘ ਨਿੱਝਰ): ਦਸਮੇਸ਼ ਤਰਨਾ ਦਲ ਜ਼ਿਲ੍ਹਾ ਲੁਧਿਆਣਾ ਦੇ ਜਥੇਦਾਰ ਸ਼ੇਰ ਸਿੰਘ ਅਤੇ ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਵੱਲੋਂ ਲੁਧਿਆਣਾ ਵਿਖੇ ਪੂਰੇ ਸਿੱਖੀ ਸਰੂਪ ਵਿੱਚ ਟਰੈਫਿਕ ਇੰਚਾਰਜ ਦੀ ਡਿਊਟੀ ਨਿਭਾਅ ਰਹੇ ਹਰਪ੍ਰੀਤ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਡਿਊਟੀ 'ਤੇ ਉਹਨਾਂ ਦੇ ਨਾਲ ਖੜ੍ਹੇ ਮੁਲਾਜ਼ਮਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਥੇਦਾਰ ਮੋਹਣ ਸਿੰਘ, ਜਥੇਦਾਰ ਕੁਲਜੀਤ ਸਿੰਘ, ਭਾਈ ਬੇਅੰਤ ਸਿੰਘ ਮਲੇਰ ਕੋਟਲਾ, ਹਰਮੀਤ ਸਿੰਘ ਮਲੇਰ ਕੋਟਲਾ, ਬਾਬਾ ਬਲਕਾਰ ਸਿੰਘ ਮੋਗਾ, ਜਥੇਦਾਰ ਜਸਵਿੰਦਰ ਸਿੰਘ ਥਰਾਜ, ਜਥੇਦਾਰ ਹਰਵਿੰਦਰ ਸਿੰਘ ਮੋਗਾ, ਹਰਮਨਜੋਤ ਸਿੰਘ ਥਰਾਜ, ਵਿਸ਼ਾਲ ਸਿੰਘ ਪਟਨਾ ਸਾਹਿਬ, ਬਾਬਾ ਦਰਸ਼ਨ ਸਿੰਘ ਮੋਗਾ, ਮਹਬਦੀਪ ਸਿੰਘ ਖੈਰਾਜ, ਗਗਨਦੀਪ ਸਿੰਘ ਕੋਟ ਦੁਆਰ, ਕਮਲਜੀਤ ਕੌਰ, ਪ੍ਰਭਜੋਤ ਕੌਰ ਅਤੇ ਭਾਈ ਜਗਜੀਤ ਸਿੰਘ ਆਦਿ ਵੀ ਮੌਜੂਦ ਸਨ।

ਭਾਜਪਾ ਵਰਕਰਾਂ ਵੱਲੋਂ ਪੁਲਿਸ ਕਮਿਸ਼ਨਰ ਦਫ਼ਤਰ ਦਾ ਘਿਰਾਓ

ਲੁਧਿਆਣਾ, 11 ਮਈ (ਰਵਿੰਦਰ ਸਿੰਘ ਨਿੱਝਰ/ਵਿਸ਼ਾਲ ਸ਼ਰਮਾ) : ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਅੱਜ ਭਾਜਪਾ ਵਰਕਰਾਂ ਨੇ ਲੁਧਿਆਣਾ ਪੁਲਿਸ ਕਮਿਸ਼ਨਰ ਦਫ਼ਤਰ ਦੇ ਬਾਹਰ ਜ਼ੋਰਦਾਰ ਧਰਨਾ ਪ੍ਰਦਰਸ਼ਨ ਕੀਤਾ ਅਤੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਭਾਜਪਾ ਵਰਕਰਾਂ ਨੇ ਪੁਲਿਸ ਕਮਿਸ਼ਨਰ ਦਫ਼ਤਰ ਦਾ ਘਿਰਾਓ ਕਰਦਿਆਂ ਏਡੀਸੀਪੀ ਨੂੰ ਤਾਲੇ ਅਤੇ ਸੰਗਲਾਂ ਵੀ ਸੌਂਪੀਆਂ।ਇਸ ਧਰਨਾ ਪ੍ਰਦਰਸ਼ਨ ਵਿੱਚ ਪੰਜਾਬ ਭਾਜਪਾ ਦੇ ਸਾਬਕਾ ਸੰਸਦ ਮੈਂਬਰ ਅਮਰੀਕ ਸਿੰਘ ਆਲੀਵਾਲ, ਜ਼ਿਲ੍ਹਾ ਮਹਾਂਮੰਤਰੀ ਅਨਿਲ ਸਰੀਨ, ਜ਼ਿਲ੍ਹਾ ਉਪ ਪ੍ਰਧਾਨ ਜਤਿੰਦਰ ਮਿੱਤਲ, ਜ਼ਿਲ੍ਹਾ ਸਕੱਤਰ ਰੇਣੂ ਥਾਪਰ ਖਜ਼ਾਨਚੀ ਗੁਰਦੇਵ ਸ਼ਰਮਾ ਦੇਬੀ ਅਤੇ ਜਸਪ੍ਰੀਤ ਸਿੰਘ ਹੰਬੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਧਰਨੇ ਨੂੰ ਸੰਬੋਧਨ ਕਰਦਿਆਂ ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੇ ਕਿਹਾ ਕਿ ਪੰਜਾਬ ਵਿੱਚ ਪੁਲਿਸ ਪ੍ਰਸ਼ਾਸਨ ਆਮ ਆਦਮੀ ਪਾਰਟੀ ਦੇ ਦਬਾਅ ਹੇਠ ਕੰਮ ਕਰ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਬੀਤੇ ਦਿਨ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਦਾ ਘਿਰਾਓ ਕੀਤਾ ਅਤੇ ਭਾਜਪਾ ਵਰਕਰਾਂ ਨਾਲ ਧੱਕਾ-ਮੁੱਕੀ ਅਤੇ ਹਮਲਾ ਕੀਤਾ, ਪਰ ਪੁਲਿਸ ਪ੍ਰਸ਼ਾਸਨ ਮੂਕ ਦਰਸ਼ਕ ਬਣਿਆ ਰਿਹਾ। ਉਨ੍ਹਾਂ ਕਿਹਾ ਕਿ ਪੁਲਿਸ ਦੀ ਮੌਜੂਦਗੀ ਵਿੱਚ ਭਾਜਪਾ ਵਰਕਰਾਂ ਨਾਲ ਬੇਇਨਸਾਫੀ ਹੋਈ, ਫਿਰ ਵੀ ਕਿਸੇ ਵੀ 'ਆਪ' ਆਗੂ ਜਾਂ ਵਰਕਰ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਗਈ। ਉਹਨਾਂ ਚੇਤਾਵਨੀ ਦਿੱਤੀ ਕਿ ਜੇਕਰ ਭਾਜਪਾ ਵ

ਸਿਰਲੇਖਵਾਰ ਇਸ਼ਤਿਹਾਰ /Classified Advertisement

PLA (Pus)2026/1016
Dt.11.05.2026
Before The Court of Chairman, Permanent Lok Adalat For Public Utility Services, Chandigarh
Publication Order
Application No. 12834 of 2025
Next Date: 26.05.2026
Lokesh Tewatia
.......Applicant
Versus
SBI Card & Others
.......Respondents
Notice to respondent no. 3 state Bank of india, main branch, sco no.43-48, bank square sector 17-B, chandigarh (credit card department) through its manager.
Whereas the applicant mentioned above has filed an application to remove the lien of rs. 2,24,475/- charged upon by the respondents by impleading the respondent no.3 mentioned above and it has been proved that respondent no.3 have not served in ordinary manner in the present application, hence by virtue of present proclamation, you are hereby informed to appear before this court on 26.05.2026 at 10:00 am and in case of failure to do so proceedings shall be initiated against respondent no.3 in accordance with law.
Given under my hand and seal of this court on 10 day of may 2026.
Sd/- Sh. S.K. Sachdeva Chairman Permanent Lok Adalat (Public Utility) Chandigarh

---

(U/o 5 Rule 20 CPC)
In The Court of Sh. Jaswinder Pal Civil Judge (Junior Division), Hoshiarpur
CNR NO. PBHO02-000626-2025
Next Date: 27.05.2026
Bhagat Singh Son Of Sh. Balbir Singh R/O Village Sherpur Bahtian, P.O. Dada, Tehsil And District Hoshiarpur.
.........Applicant
Versus
1. Amandeep Singh Son Of Sewa Singh R/O Village Bajigar Kulian, Bhatoia, Distt. Gurdaspur. 2. Equits Small Bank Limited Through Its Branch Manager A.K. Plaza Frist Floor Patel Chowk, Pathankot, Distt. Pathankot.
......Defendants
Notice to: Defendants: 1. Amandeep Singh Son Of Sewa Singh R/O Village Bajigar Kulian, Bhatoia, Distt. Gurdaspur. 2. Equits Small Bank Limited Through Its Branch Manager A.K. Plaza Frist Floor Patel Chowk, Pathankot, Distt. Pathankot.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 27.05.2026 at 10:00 A.M.
for details logon to https://highcourtchd.gov.in/?trs=district_ notice &district=Hoshiarpur
Dated this day of 02-05-2026
Sd/- Civil Judge (Junior Division), Hoshiarpur

(U/o 5 Rule 20 CPC)
In The Court of Ms. Radhika Puri Matrimonial Cases Special Courts, Bathinda
CNR No.PBBT01-012165-2024
Next Date: 27.05.2026
Simrat Pal Hundal
Versus
Gurneet Kaur
Notice to: Gurneet Kaur Spouse::- Simrat Pal Hundal Daughter Of Gursewak Singh, R/O H.No. P6411-A, Near Bibi Inderjit Kaur Gurudwara, Kacha Dosanjh Road, Rab Nagar, Ward No.9, Tehsil And District Moga, Punjab, Pin 142001.
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 27.05.2026 at 10:00 am.
For details logon to https://highcourtchd.gov.in/?mod=district_ notice&district=Bathinda
Dated this day of 05.05.2026
Sd/- Matrimonial Cases Special Courts, Bathinda

(U/o 5 Rule 20 CPC)
In The Court of Sh. Karunesh Kumar District and Sessions Judge, Bathinda
CNR No.PBBT01-009210-2025
Next Date: 25.05.2026
Gurmeet Singh
Versus
Satpal Singh
Notice to: Deepak Singla Son Of Raj Pal Singla Resident Of Near Ravi Dass Mandir, Awa Basti, Bathinda (Owner Of The Offending Canter No. PB-03P-9286)
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **25**.05.2026 at 10:00 A.M.
For details logon to https://highcourtchd.gov.in/?mod=district_ notice&district=Bathinda
Dated, this day of 28-04-2026
Sd/- District and Sessions Judge, Bathinda

(U/o 5 Rule 20 CPC)
In The Court of Ms. Jatinder Kaur District and Sessions Judge, Amritsar
CNR No.PBAS01-001374-2022
Next Date: 25.05.2026
Case No. MACT 17/2022
Sneh Lata
Versus
Rubinder Singh
Notice to: Dhlf General Insurance Co. Father::- Regd. And Cooperative Office 402, 403 And 404 A And B Wing, 4th Floor, Fulcrum Sahar Road, Next To Hyatt Regedency, Andheri (E) Mumbai-400099. Insurer Of Innova Car Bearing No.PB-02-AT-1157., Punjab
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **25**.05.2026 at 10:00 A.M.
For details logon to https://highcourtchd.gov.in/?trs=district_ notice&district=Amritsar
Dated, this day of 24-04-2026
Sd/- District and Sessions Judge, Amritsar

(U/o 5 Rule 20 CPC)
In The Court of Ms. Manjot Kaur District and Sessions Judge, Rupnagar
CNR No.PBRO01-004328-2024
Next Date: 25.05.2026
MACP/192/25-09-2024
Paramjit Kaur and ors.
Versus
S G Constructioin Company and Ors. Claim Petition U/S 166 Of Motor Vehicle Act As Amended Upto Date
Notice to: Respondent No. 1 SG Construction Company Through Its Prop. Vpo Sarinh District Ludhiana PIN 141116 (Owner Of Truck No. PB 10 JA 4619)
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **25**.05.2026 at 10:00 A.M.
For details logon to https://highcourtchd.gov.in/?mod=district_ notice&district=Rupnagar
Dated, this day of 27-04-2026
Sd/- District and Sessions Judge, Rupnagar

(U/o 5 Rule 20 CPC)
In The Court of Sh. Karun Kumar Civil Judge (Junior Division), Ludhiana
CNR No.PBLD02-011668-2025
Next Date: 27.05.2026
Sachin
Versus
Monika Jain
Notice to: Monika Jain :- W/O Sh Deepak Jain R/O House No 87 Sunil Park Ferozepur Road Oppoiste M.B.D Mall Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **27**.05.2026 at 10:00 A.M.
For details logon to https://highcourtchd.gov.in/?mod=district_ notice&district=mogacourt
Dated, this day of 21-04-2026
Sd/-Civil Judge (Junior Division), Ludhiana

(U/o 5 Rule 20 CPC)
(Under Guardian and Ward Act)
In The Court of Dr. Sukhwinder Singh Additional Civil Judge (Senior Division), Rupnagar
CNR NO. PBRO02-000600-2026
Next Date: 27.05.2026
Amandeep Kaur W/O Late Jaswinder Singh R/O H.No. 20 D, Vishawkarma Park Laxmi Nagar East Delhi
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 27.05.2026 at 10:00 A.M.
for details logon to https://highcourtchd.gov.in/?mod=district_ notice &district=Rupnagar
Dated this day of 30-04-2026
Sd/- Additional Civil Judge (Senior Division), Rupnagar

(U/o 5 Rule 20 CPC)
In The Court of Sh. Sanjay Agnihotri Principal Judge Family Court, Faridkot
CNR No.PBFD01-003882-2025
Next Date: 29.05.2026
CM/218/2025
Deepak Sharma
Versus
Shikha Sharma
Notice to: Shikha Sharma :- Wife Of Deepak Sharma And D/O Satish Kumar Gupta R/O House No 102, Bazar No 1, Purani Khalasi Line Near Gurudwara, Ferozepur Cantt, Punjab Pin 152001, Phone No 9988949313
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 29.05.2026 at 10:00 am.
For details logon to https://highcourtchd.gov.in/?mod=district_ notice&district=mogacourt
Dated this day of 08.05.2026
Sd/- Principal Judge Family Court, Faridkot

(U/o 5 Rule 20 CPC)
In The Court of Ms. Mohini Goyal Civil Judge Junior Division-4, Samana, Samana
CNR No.PBPTC0-001167-2025
Next Date: 26.05.2026
State Bank of India
Versus
Dilbag Singh
Notice to: Dilbag Singh Father::- Satpal Singh Vpo Badshahpur Tehsil Patran District Patiala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **26**.05.2026 at 10:00 A.M.
For details logon to https://highcourtchd.gov.in/?mod=district_ notice&district=patiala
Dated, this day of 07-05-2026
Sd/- Civil Judge Junior Division-4, Samana, Samana

(U/o 5 Rule 20 CPC)
In The Court of Ms. Mohini Goyal Civil Judge Junior Division-4 Samana, Samana
CNR No.PBPTC0-001415-2025
Next Date: 26.05.2026
SBI
Versus
Manpreet Kaur
Notice to: Manpreet Kaur Spouse::- Gurnaib Singh Vpo Kalwanoo Tehsil Patran Disrict Patiala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **26**.05.2026 at 10:00 A.M.
For details logon to https://highcourtchd.gov.in/?mod=district_ notice&district=patiala
Dated, this day of 07-05-2026
Sd/- Civil Judge Junior Division-4 Samana, Samana

(U/o 5 Rule 20 CPC)
In The Court of Sh. Amit Bakshi Civil Judge (Junior Division), Ludhiana
CNR No.PBLD02-010584-2024
Next Date: 29.05.2026
Pooja Bhatia
Versus
Gurinderjeet Singh
Notice to: 1. Gurinderjeet Singh Father: Sikander Singh R/O Village Chappar Ludhiana 2. Harpreet Singh S/O Kesar Singh Resident Of Laxmi Nagar Haibowal Kalan
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29**.05.2026 at 10:00 A.M.
For details logon to https://highcourtchd.gov.in/?mod=district_ notice&district=mogacourt
Dated, this day of 09-05-2026
Sd/- Civil Judge (Junior Division), Ludhiana

(U/o 5 Rule 20 CPC)
In The Court of Hon'ble Ashmita Romana Civil Judge Junior Division, Muktsar
CNR No.PBSM02-001074-2023
Next Date: 30.05.2026
Sukhjinder Singh
Versus
Jang Singh
Notice to: 6. Gurjjar Singh Son::- Gurdit Singh Son Of Attar Singh Resident Of Vpo Lambi Dhab Tehsil And District Sri Muktsar Sahib
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30**.05.2026 at 10:00 A.M.
For details logon to https://highcourtchd.gov.in/?mod=district_ notice&district=mogacourt
Dated, this day of 06-05-2026
Sd/- Civil Judge Junior Division, Muktsar

ਨਾਮ ਦੀ ਬਦਲੀ

ਮੈਂ, ਕਵਿਤਾ ਪੁੱਤਰੀ ਫੂਲ ਚੰਦ ਗਲੀ ਨੰਬਰ-1, ਵਾਰਡ ਨੰਬਰ-17,ਕੀਰਤੀ ਨਗਰ, ਹੁਸ਼ਿਆਰਪੁਰ 146001,ਪੰਜਾਬ ਨੇ ਆਪਣਾ ਨਾਮ ਬਦਲ ਕੇ ਕਵਿਤਾ ਨਹਿਰਾ ਰੱਖ ਲਿਆ ਹੈ।ਸੰਬੰਧਤ ਨੋਟ ਕਰਨ।

ਬੇਦਖਲੀ ਸੂਚਨਾ

ਮੈਂ, ਅਸ਼ੋਕ ਕੁਮਾਰ ਪੁੱਤਰ ਹੇਮ ਰਾਜ ਵਾਸੀ ਸੁਰਾਜਾ ਬਾਜ਼ਾਰ,ਵਾਰਡ ਨੰਬਰ 3, ਹਰਿਆਣਾ, ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਪੁੱਤਰ ਰਾਕੇਸ਼ ਕੁਮਾਰ ਉਰਫ ਰਿੱਕੀ ਅਤੇ ਉਸਦੀ ਪਤਨੀ ਕਵਿਤਾ ਕੁਮਾਰੀ ਨੂੰ ਆਪਣੀ ਚੱਲ ਅਤੇ ਅੱਚਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ ਕਿਉਂਕਿ ਉਹ ਮੇਰੇ ਕਹਿਣੇ ਤੋਂ ਬਾਹਰ ਹਨ।ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਨੁਸ਼ਹਿਰਾ ਮੱਝਾ ਸਿੰਘ, ਆਯੋਗ ਦੀ ਰਿਪੋਰਟ ਵਿੱਚ ਭਾਰਤ ਦੇ ਸਰਬੋਤਮ ਕਾਰਗੁਜ਼ਾਰੀ ਵਾਲੇ ਸੂਬੇ ਵਜੋਂ ਉੱਭਰਿਆ - ਵਿਧਾਇਕ ਸ਼ੈਰੀ ਕਲਸੀ

ਬਟਾਲਾ/ ਨੁਸ਼ਹਿਰਾ ਮੱਝਾ ਸਿੰਘ, 11 ਮਈ (ਬਲਵਿੰਦਰ ਸਿੰਘ ਪੰਜਗਰਾਈਂ/ ਡਾਕਟਰ ਸਤਨਾਮ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸਕੂਲੀ ਸਿੱਖਿਆ ਵਿੱਚ ਇਤਿਹਾਸਕ ਮੀਲ ਪੱਥਰ ਸਥਾਪਤ ਕਰਦਿਆਂ ਪੰਜਾਬ ਨੇ ਭਾਰਤ ਦੇ ਸਰਬੋਤਮ ਕਾਰਗੁਜ਼ਾਰੀ ਵਾਲੇ ਸੂਬੇ ਵਜੋਂ ਮਾਨਤਾ ਹਾਸਲ ਕੀਤੀ ਹੈ। ਨੀਤੀ ਆਯੋਗ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਪੰਜਾਬ ਨੇ ਸਕੂਲ ਸਿੱਖਿਆ ਦੇ ਅਹਿਮ ਬੁਨਿਆਦੀ ਸਿੱਖਿਆ ਮਾਪਦੰਡਾਂ ਵਿੱਚ ਭਾਰਤ ਦੀ ਲੰਬੇ ਸਮੇਂ ਤੋਂ ਅਗਵਾਈ ਕਰਨ ਵਾਲੇ ਕੇਰਲਾ ਨੂੰ ਪਛਾੜ ਦਿੱਤਾ ਹੈ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਹ ਸਨਮਾਨ ਹਰ ਉਸ ਮਾਤਾ-ਪਿਤਾ, ਵਿਦਿਆਰਥੀ ਅਤੇ ਅਧਿਆਪਕ ਦਾ ਹੈ, ਜਿਸ ਨੇ ਸਰਕਾਰੀ ਸਕੂਲਾਂ ਦਾ ਸਾਥ ਛੱਡਣ ਤੋਂ ਇਨਕਾਰ ਕਰ ਦਿੱਤਾ। ਇਹ ਇੱਕ ਦਿਨ ਵਿੱਚ ਹਾਸਲ ਕੀਤੀ ਉਪਲਬਧੀ ਨਹੀਂ ਹੈ ਬਲਕਿ ਇਹ ਬਿਹਤਰ ਨੀਤੀ, ਇਰਾਦੇ ਅਤੇ ਅਮਲ ਦਾ ਸੁਮੇਲ ਹੈ, ਜਿਸ ਨਾਲ ਬਿਹਤਰ ਨਤੀਜੇ ਸਾਹਮਣੇ ਆਏ ਹਨ। ਨੀਤੀ ਆਯੋਗ ਦੀ ਰਿਪੋਰਟ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ, ਪੰਜਾਬ ਨੇ ਤੀਜੀ ਜਮਾਤ ਵਿੱਚ ਭਾਸ਼ਾ 'ਚ 82 ਫ਼ੀਸਦ ਅਤੇ ਗਣਿਤ ਵਿੱਚ 78 ਫ਼ੀਸਦ ਅੰਕ ਹਾਸਲ ਕੀਤੇ, ਜੋ ਕੇਰਲਾ ਦੇ ਕ੍ਰਮਵਾਰ 75 ਫ਼ੀਸਦ ਅਤੇ 70 ਫ਼ੀਸਦ ਤੋਂ ਵੱਧ ਹਨ। 9ਵੀਂ ਜਮਾਤ ਦੇ ਗਣਿਤ ਵਿੱਚ ਪੰਜਾਬ ਨੇ 52 ਫ਼ੀਸਦ ਮੁਹਾਰਤ ਦਰਜ ਕੀਤੀ ਜੋ ਕਿ

ਕੇਰਲਾ ਦੇ 45 ਫ਼ੀਸਦ ਨਾਲੋਂ ਜ਼ਿਆਦਾ ਹੈ। ਪੰਜਾਬ ਸਰਕਾਰ ਵੱਲੋਂ ਕੀਤੇ ਸੁਧਾਰਾਂ ਦੇ ਸਾਰਥਕ ਪ੍ਰਭਾਵਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੇ ਅਣਥੱਕ ਯਤਨਾਂ ਹੇਠ ਪੰਜਾਬ ਸਰਕਾਰ ਨੇ ਮਿਸ਼ਨ ਸਮਰੱਥ ਅਤੇ ਸਕੂਲ ਆਫ਼ ਐਮੀਨੈਂਸ ਪ੍ਰੋਗਰਾਮ ਰਾਹੀਂ ਕੋਵਿਡ ਮਹਾਂਮਾਰੀ ਤੋਂ ਬਾਅਦ ਕੀਤੇ ਗਏ ਸੁਧਾਰਾਂ ਦੇ ਠੋਸ ਨਤੀਜੇ ਸਾਹਮਣੇ ਆਏ ਹਨ। ਨੀਤੀ ਆਯੋਗ ਦੀ ਰਿਪੋਰਟ ਦੇ ਨਤੀਜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਅੱਗੇ ਕਿਹਾ, ਸੂਬੇ ਦੇ 99.9 ਫ਼ੀਸਦ ਸਰਕਾਰੀ ਸਕੂਲਾਂ ਵਿੱਚ ਹੁਣ ਬਿਜਲੀ ਉਪਲੱਬਧ ਹੈ, 99 ਫ਼ੀਸਦ ਸਕੂਲਾਂ ਵਿੱਚ ਕਾਰਜਸ਼ੀਲ ਕੰਪਿਊਟਰ ਉਪਲੱਬਧ ਹਨ ਅਤੇ 80 ਫ਼ੀਸਦ ਤੋਂ ਵੱਧ ਸਕੂਲ ਸਮਾਰਟ ਕਲਾਸਰੂਮਾਂ ਨਾਲ ਲੈਸ ਹਨ। ਇਸ ਤੋਂ ਇਲਾਵਾ, 10ਵੀਂ ਜਮਾਤ ਦੇ 90 ਫ਼ੀਸਦ ਤੋਂ ਵੱਧ ਵਿਦਿਆਰਥੀ ਹੁਣ 11ਵੀਂ ਜਮਾਤ ਵਿੱਚ ਦਾਖ਼ਲਾ ਲੈ ਰਹੇ ਹਨ। ਇਹ ਦਰ ਸਕੂਲ ਛੱਡਣ ਦੀ ਦਰ ਵਿੱਚ ਤੇਜ਼ੀ ਨਾਲ ਆ ਰਹੀ ਗਿਰਾਵਟ ਨੂੰ ਦਰਸਾਉਂਦੀ ਹੈ। ਵਿਦਿਆਰਥੀ ਅਧਿਆਪਕ ਅਨੁਪਾਤ 22:1 ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਨੀਤੀ ਆਯੋਗ ਦੀ ਰਿਪੋਰਟ ਵਿੱਚ ਸਿੱਖਿਆ ਖੇਤਰ ਵਿੱਚ ਸ਼ਹਿਰੀ-ਪੇਂਡੂ ਖ਼ਿੱਤੇ ਦੇ ਪਾੜੇ ਨੂੰ ਪੂਰਨ ਅਤੇ ਪਿੰਡ ਦੇ ਵਿਦਿਆਰਥੀਆਂ ਅਤੇ ਕੁੜੀਆਂ ਲਈ ਬਰਾਬਰ ਮੌਕੇ ਯਕੀਨੀ ਬਣਾਉਣ ਲਈ ਪੰਜਾਬ ਦੀ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ ਗਈ ਹੈ। ਪੰਜਾਬ ਵੱਲੋਂ ਵਿਸ਼ਵ ਦੇ ਸਰਬੋਤਮ ਅਭਿਆਸਾਂ ਨੂੰ ਅਪਣਾਉਣ ਨਾਲ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਪ੍ਰੀਖਿਆ ਦੀ ਸਫਲਤਾ ਹਾਸਲ ਕਰਨ ਦੀ ਦਰ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਹੁਣ ਤੱਕ ਸਰਕਾਰੀ ਸਕੂਲਾਂ ਦੇ 786 ਵਿਦਿਆਰਥੀਆਂ ਨੇ ਜੇਈਈ ਮੇਨ ਪ੍ਰੀਖਿਆ ਪਾਸ ਕੀਤੀ ਹੈ ਅਤੇ 1,284 ਵਿਦਿਆਰਥੀ ਨੀਟ ਪ੍ਰੀਖਿਆ ਪਾਸ ਕਰ ਚੁੱਕੇ ਹਨ। ਅਧਿਆਪਕ ਸਿਖਲਾਈ ਅਤੇ ਬੁਨਿਆਦੀ ਢਾਂਚੇ ਦੇ ਵਿਸਥਾਰ ਬਾਰੇ ਜਾਣਕਾਰੀ ਸਾਂਝੀ ਕਰਦਿਆਂ, ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ, ਸੂਬਾ ਸਰਕਾਰ ਵੱਲੋਂ ਕੀਤੇ ਸਿੱਖਿਆ ਸੁਧਾਰਾਂ ਤਹਿਤ ਸ਼ੁਰੂ ਕੀਤੇ ਗਏ ਫਿਨਲੈਂਡ ਅਤੇ ਸਿੰਗਾਪੁਰ ਵਿੱਚ ਅਧਿਆਪਕ ਸਿਖਲਾਈ ਪ੍ਰੋਗਰਾਮਾਂ ਦੇ ਜ਼ਮੀਨੀ ਪੱਧਰ 'ਤੇ ਸਾਰਥਕ ਨਤੀਜੇ ਸਾਹਮਣੇ ਆਏ ਹਨ। ਇਸ ਤੋਂ ਸਾਬਤ ਹੁੰਦਾ ਹੈ ਕਿ ਸਾਡੇ ਕਲਾਸਰੂਮ ਸਰਬੋਤਮ ਨਾਲ ਮੁਕਾਬਲਾ ਕਰ ਸਕਦੇ ਹਨ। ਪੰਜਾਬ ਸਰਕਾਰ ਵੱਲੋਂ 13,000 ਅਧਿਆਪਕਾਂ ਅਤੇ ਸਟਾਫ ਦੀ ਭਰਤੀ ਕੀਤੀ ਗਈ ਹੈ ਅਤੇ ਲਗਭਗ 3 ਲੱਖ ਵਿਦਿਆਰਥੀਆਂ ਲਈ ਇੰਗਲਿਸ਼ ਐੱਜ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਇਸ ਤੋਂ ਇਲਾਵਾ 118 ਸਕੂਲ ਆਫ਼ ਐਮੀਨੈਂਸ ਖੋਲ੍ਹੇ ਜਾ ਰਹੇ ਹਨ।

ਅੱਬਲਖੈਰ ਦੀਆਂ 100 ਤੋਂ ਵੱਧ ਮਹਿਲਾਵਾਂ ਆਮ ਆਦਮੀ ਪਾਰਟੀ 'ਚ ਸ਼ਾਮਲ - ਸ਼ਮਸ਼ੇਰ ਸਿੰਘ

ਗੁਰਦਾਸਪੁਰ, 11 ਮਈ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ , ਪਿੰਡ ਅੱਬਲਖੈਰ ਨਾਲ ਸਬੰਧਤ 100 ਦੇ ਕਰੀਬ ਮਹਿਲਾਵਾਂ ਨੇ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਹੈ ਆਮ ਆਦਮੀ ਪਾਰਟੀ ਦੀ ਮਹਿਲਾ ਆਗੂ ਕਰਮੀ ਅਤੇ ਵਿਜੇ ਕੁਮਾਰ ਦੀ ਪ੍ਰੇਰਣਾ ਸਦਕਾ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਨੂੰ ਸਨਮਾਨਿਤ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਦੀ ਹੀ ਜਿੱਤ ਹੈ, ਜਿਸਨੇ ਪੰਜਾਬ ਦੇ ਹਰ ਵਸਨੀਕ ਦਾ ਦਿਲ ਜਿੱਤ ਲਿਆ ਹੈ ਅਤੇ ਲੋਕ ਆਮ ਆਦਮੀ ਪਾਰਟੀ ਚ ਸ਼ਾਮਲ ਹੋਣ ਲਈ ਕਾਹਲੇ ਹਨ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੀ ਜਨਤਾ ਨਾਲ ਕੀਤੇ ਗਏ ਸਾਰੇ ਵਾਅਦੇ ਪੂਰੇ ਕੀਤੇ ਹਨ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਪਿਛਲੇ ਚਾਰ ਸਾਲਾਂ ਤੋਂ ਘਰੇਲੂ ਵਰਤੋਂ ਲਈ ਬਿਜਲੀ ਦੇ ਨਿਰਵਿਘਨ 600 ਯੂਨਿਟ ਮੁਫ਼ਤ ਦਿੱਤੇ ਜਾ ਰਹੇ ਹਨ। ਇਸ ਤੋਂ ਇਲਾਵਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ, ਸਰਕਾਰੀ ਸਕੂਲਾਂ ਚ ਮਿਆਰੀ ਸਿੱਖਿਆ, ਮੇਰੀ ਰਸੋਈ ਯੋਜਨਾ ਤਹਿਤ ਅਨਾਜ ਦੇ ਨਾਲ ਨਾਲ ਰਸੋਈ ਲਈ ਹੋਰ ਜ਼ਰੂਰੀ ਵਸਤਾਂ ਅਤੇ ਮਹਿਲਾਵਾਂ ਨੂੰ ਹਰ ਮਹੀਨੇ ਹਜ਼ਾਰ, ਪੰਦਰਾਂ ਸੌ ਰੁਪਏ ਦੇਣ ਨੇ ਆਮ ਲੋਕਾਂ ਦਾ ਜੀਵਨ ਸੁਖਾਲਾ ਕੀਤਾ ਹੈ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਇਹ ਸਾਰੀਆਂ ਸਹੂਲਤਾਂ ਪੰਜਾਬ ਦੇ ਲੋਕਾਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਦਿੱਤੀਆਂ ਜਾ ਰਹੀਆਂ ਹਨ ਨਹੀਂ ਤਾਂ ਇਸ ਤੋਂ ਪਹਿਲੀਆਂ ਸਰਕਾਰਾਂ ਦੇ ਲੋਕ ਸਿਰਫ ਆਪਣਿਆਂ ਦੇ ਹੀ ਢਿੱਡ ਭਰਨ ਵਿੱਚ ਲੱਗੇ ਰਹਿੰਦੇ ਸਨ। ਉਹਨਾਂ ਕਿਹਾ ਕਿ ਮਾਨ ਸਰਕਾਰ ਦੀਆਂ ਨੀਤੀਆਂ ਪੰਜਾਬ ਦੇ ਲੋਕਾਂ ਨੂੰ ਪਸੰਦ ਹਨ ਅਤੇ ਲੋਕ 2027 'ਚ ਇਕ ਵਾਰ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਬਨਾਉਣਗੇ ।

29 ਵਾਰਡਾਂ ਸਮੇਤ ਸ਼ਹਿਰ ਅੰਦਰ 404.65 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾਣਗੇ - ਚੇਅਰਮੈਨ

ਗੁਰਦਾਸਪੁਰ, 11 ਮਈ (ਜਸਵਿੰਦਰ ਸਿੰਘ): ਗੁਰਦਾਸਪੁਰ ਸ਼ਹਿਰ ਦੀਆਂ 29 ਵਾਰਡਾਂ ਸਮੇਤ ਸ਼ਹਿਰ ਅੰਦਰ 404.65 ਲੱਖ ਰੁਪਏ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕਾਰਜ ਕਰਵਾਏ ਜਾਣਗੇ, ਜਿਸ ਸਬੰਧੀ ਟੈਂਡਰ ਲੱਗ ਗਏ ਹਨ ਅਤੇ ਜਲਦ ਵਿਕਾਸ ਕੰਮ ਸ਼ੁਰੂ ਹੋ ਜਾਣਗੇ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਾਜੀਵ ਸ਼ਰਮਾ, ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਵਲੋਂ ਕੀਤੀ ਪ੍ਰੈਸ ਕਾਨਫਰੰਸ ਦੌਰਾਨ ਕੀਤਾ ਗਿਆ ਉਹਨਾਂ ਅੱਗੇ ਦੱਸਿਆ ਕਿ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਵੱਲੋਂ ਨਗਰ ਕੌਂਸਲ ਗੁਰਦਾਸਪੁਰ ਦੀ ਹਦੂਦ ਅੰਦਰ ਵਿਕਾਸ ਕਾਰਜ ਕਰਵਾਉਣ ਲਈ ਸਮੁੱਚੀ ਪ੍ਰਕਿਰਿਆ ਮੁਕੰਮਲ ਕਰ ਲਈ ਹੈ, ਜਿਸ ਤਹਿਤ ਗੁਰਦਾਸਪੁਰ ਦੀਆਂ 29 ਵਾਰਡਾਂ ਸਮੇਤ ਸਮੁੱਚੇ ਸ਼ਹਿਰ ਅੰਦਰ 404.65 ਲੱਖ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾਣਗੇ। ਉਹਨਾਂ ਦੱਸਿਆ ਕਿ 12 ਅਪ੍ਰੈਲ ਨੂੰ ਨਗਰ ਕੌਂਸਲ ਗੁਰਦਾਸਪੁਰ ਦਾ ਕਾਰਜ ਕਾਲ ਸਮਾਪਤ ਹੋ ਗਿਆ ਸੀ। ਉਨ੍ਹਾਂ ਦੱਸਿਆ ਕਿ 15 ਮਈ ਤੱਕ ਵਿਕਾਸ ਕਾਰਜ ਸ਼ੁਰੂ ਕਰਵਾ ਦਿੱਤੇ ਜਾਣਗੇ। ਉਹਨਾਂ ਨੇ ਕਿਹਾ ਕਿ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਵਲੋਂ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਰਵਾਏ ਜਾ ਰਹੇ ਹਨ ਅਤੇ ਅਗਾਂਹ ਵੀ ਵਿਕਾਸ ਕਾਰਜ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਗੁਰਦਾਸਪੁਰ ਦੀ ਹਦੂਦ ਅੰਦਰ ਟਰੱਸਟ ਵਲੋਂ ਵਿਕਾਸ ਕਾਰਜ ਕਰਵਾਏ ਜਾਣਗੇ, ਜਿਸ ਲਈ ਸਮੁੱਚੀ ਪ੍ਰਕਿਰਿਆ ਮੁਕੰਮਲ ਕਰ ਲਈ ਗਈ ਹੈ ਉਨ੍ਹਾਂ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਵਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਜ਼ਿਕਰ ਕਰਦਿਆਂ ਦੱਸਿਆ ਕਿ ਇੰਪਰੂਵਮੈਂਟ ਟਰੱਸਟ ਦੀ ਨਵੀਂ ਇਮਾਰਤ ਦੀ ਉਸਾਰੀ ਕਰਵਾਈ ਜਾ ਰਹੀ ਹੈ ਗੁਰਦਾਸਪੁਰ ਸ਼ਹਿਰ ਦੇ ਵੱਖ-ਵੱਖ 42 ਸਥਾਨਾਂ 'ਤੇ ਅਤਿ ਆਧੁਨਿਕ ਕਿਸਮ ਦੇ ਸੀ.ਸੀ.ਟੀ.ਵੀ ਕੈਮਰੇ ਲਗਵਾਏ ਜਾਣਗੇ ਅਤੇ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸ਼ਹਿਰ ਦੇ ਪ੍ਰਮੁੱਖ 5 ਚੌਕਾਂ ਵਿੱਚ ਟਰੈਫਿਕ ਲਾਈਟਾਂ ਲਗਾਈਆਂ ਜਾਣਗੀਆਂ। ਗੁਰਦਾਸਪੁਰ ਸ਼ਹਿਰ ਦੇ ਐਂਟਰੀ ਪੁਆਇੰਟ ਬੱਬਰੀ ਬਾਈਪਾਸ ਅਤੇ ਪਠਾਨਕੋਟ ਬਾਈਪਾਸ 'ਤੇ ਹੈਰੀਟੇਜ ਗੇਟ ਬਣਾਏ ਜਾਣਗੇ ਅਤੇ 15 ਲੱਖ ਰੁਪਏ ਦੀ ਲਾਗਤ ਨਾਲ ਭਗਵਾਨ ਪਰਸ਼ੂਰਾਮ ਚੌਕ ਦਾ ਨਵੀਨੀਕਰਨ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ 7 ਨੰਬਰ ਸਕੀਮ ਵਿਚ ਸ਼ਾਨਦਾਰ ਪਾਰਕ ਦੀ ਉਸਾਰੀ ਕੀਤੀ ਗਈ ਹੈ, ਜਿਸ ਦਾ ਜਲਦ ਉਦਘਾਟਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਬਾਬਾ ਬੰਦਾ ਸਿੰਘ ਬਹਾਦਰ ਪਾਰਕ ਦੀ ਉਸਾਰੀ ਕਰਵਾਈ ਗਈ ਹੈ। ਗੀਤਾ ਭਵਨ ਮੰਦਿਰ ਦੇ ਬੈਕਸਾਈਡ ਗਰਾਊਂਡ ਵਿੱਚ ਲੰਗਰ ਹਾਲ ਦੀ ਉਸਾਰੀ ਕਰਵਾਈ ਗਈ ਹੈ ਰਾਮ ਲੀਲਾ ਗਰਾਊਂਡ ਵਿਖੇ ਸਟੇਜ, ਕਮਰੇ ਅਤੇ ਬਾਊਂਡਰੀ ਵਾਲ ਬਣਾਉਣ ਲਈ 25 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਕਰਵਾਏ ਗਏ ਹਨ ਚੇਅਰਮੈਨ ਰਾਜੀਵ ਸ਼ਰਮਾ ਨੇ ਅੱਗੇ ਦੱਸਿਆ ਕਿ 1 ਕਰੋੜ 50 ਲੱਖ ਰੁਪਏ ਦੀ ਲਾਗਤ ਨਾਲ ਕਮਿਊਨਿਟੀ ਹਾਲ ਦੀ ਉਸਾਰੀ ਕਰਵਾਈ ਜਾਵੇਗੀ। ਬੱਸ ਅੱਡੇ ਦੇ ਨੇੜੇ ਟਰੱਸਟ ਵਲੋਂ ਪੈਟਰੋਲ ਪੰਪ ਦੀ ਉਸਾਰੀ ਕਰਵਾਈ ਜਾਵੇਗੀ ਇਸ ਤੋਂ ਇਲਾਵਾ ਟਰੱਸਟ ਵਲੋਂ ਟਰੈਕਟਰ ਅਤੇ ਟਰਾਲੀ ਖਰੀਦੀ ਗਈ ਹੈ

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।

ਨਗਰ ਨਿਗਮ ਚੰਡੀਗੜ੍ਹ

ਟੈਂਡਰ ਸੂਚਨਾ

ਲ. ਨੰ.	ਕੰਮ ਦਾ ਨਾਮ	ਬੋਲੀ ਜਮ੍ਹਾਂ ਸੂਚੀ (ਆਨਲਾਈਨ)	ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ)
	ਕਾਰਜਕਾਰੀ ਇੰਜੀਨੀਅਰ - ਸੜਕ ਮੰਡਲ ਨੰ. 3		
1.	ਮਾਰਕੀਟ/ਸ਼ੋਅਰੂਮ ਦੇ ਸਾਹਮਣੇ ਵਾਲੇ ਪਾਸੇ ਅਤੇ ਪਿਛਲੇ ਪਾਸੇ ਦੇ ਫਲੋਰਿੰਗ ਨੂੰ SCO ਨੰਬਰ 21 ਤੋਂ 85, ਸੈਕਟਰ 16-ਡੀ ਚੰਡੀਗੜ੍ਹ ਤੱਕ ਅਪਗ੍ਰੇਡ ਕਰਨਾ। ਕੈਪੀਟਲ ਹੈੱਡ: ਸੜਕ/ਪਾਰਕਿੰਗ ਸਥਾਨਾਂ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਵਿੱਚ ਸੁਧਾਰ। ਅਨੁਮਾਨਤ ਲਾਗਤ: 26.53 ਲੱਖ ਰੁਪਏ ਬਿਆਨਾ ਰਕਮ: 53,065/- ਰੁਪਏ ਸਮਾਂ ਸੀਮਾ: 04 ਮਹੀਨੇ	11.05.2026 To 20.05.2026 upto 12.00 noon	20.05.2026 at 15.00 PM
2.	ਪਿੰਡ ਸਾਰੰਗਪੁਰ ਵਿੱਚ ਫਿਰਨੀ ਰੋਡ ਬਰਮਾਂ 'ਤੇ ਪੇਵਰ ਬਲਾਕ ਪ੍ਰਦਾਨ ਕਰਨਾ ਅਤੇ ਫਿਕਸ ਕਰਨਾ। ਕੈਪੀਟਲ ਹੈੱਡ: ਐਮ.ਸੀ. ਅਧੀਨ ਹਾਲ ਹੀ ਵਿੱਚ ਮਿਲਾਏ ਗਏ ਖੇਤਰ ਵਿੱਚ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਅਨੁਮਾਨਤ ਲਾਗਤ : 38.60 ਲੱਖ ਰੁਪਏ ਬਿਆਨਾ ਰਕਮ : 77,200/- ਰੁਪਏ ਸਮਾਂ ਸੀਮਾ: 03 ਮਹੀਨੇ	11.05.2026 To 20.05.2026 upto 12.00 noon	20.05.2026 at 15.00 PM
3.	ਮਾਰਕੀਟ/ਸ਼ੋਅਰੂਮਾਂ ਸੈਕਟਰ 22-4, ਚੰਡੀਗੜ੍ਹ ਦੇ ਸਾਹਮਣੇ ਵਾਲੇ ਪਾਸੇ ਜਾਂ ਪਿਛਲੇ ਪਾਸੇ ਦੇ ਫਲੋਰਿੰਗ ਨੂੰ ਅਪਗ੍ਰੇਡ ਕਰਨਾ। ਕੈਪੀਟਲ ਹੈੱਡ: ਸੜਕ/ਪਾਰਕਿੰਗ ਸਥਾਨਾਂ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਵਿੱਚ ਸੁਧਾਰ। ਅਨੁਮਾਨਤ ਲਾਗਤ: ਰੁਪਏ 29.74 ਲੱਖ ਬਿਆਨਾ ਰਕਮ : 59,480/- ਰੁਪਏ ਸਮਾਂ ਸੀਮਾ: 04 ਮਹੀਨੇ	11.05.2026 To 20.05.2026 upto 12.00 noon	20.05.2026 at 15.00 PM
4.	ਸੈਕਟਰ 22 ਸੀ ਐਂਡ ਡੀ, ਚੰਡੀਗੜ੍ਹ ਵਿੱਚ ਨੇਬਰਹੁੱਡ ਪਾਰਕਾਂ ਦੇ ਨਾਲ ਲੱਗਦੇ ਖਰਾਬ ਹੋਏ 60mm ਮੋਟੇ ਪੇਵਰ ਬਲਾਕਾਂ ਦੀ ਮੁਰੰਮਤ। ਕੈਪੀਟਲ ਹੈੱਡ-ਸੜਕ/ਪਾਰਕਿੰਗ ਥਾਵਾਂ ਅਤੇ ਬੁਨਿਆਦੀ ਢਾਂਚਾ ਸਹੂਲਤਾਂ ਦਾ ਸੁਧਾਰ। ਅਨੁਮਾਨਤ ਲਾਗਤ: 53.59 ਲੱਖ ਰੁਪਏ ਬਿਆਨਾ ਰਕਮ : 1,07,175/- ਰੁਪਏ ਸਮਾਂ ਸੀਮਾ: 06 ਮਹੀਨੇ	11.05.2026 To 20.05.2026 upto 12.00 noon	20.05.2026 at 15.00 PM

ਨੋਟ :- 1) ਵਿਸਥਾਰਤ ਨਿਯਮ ਅਤੇ ਸ਼ਰਤਾਂ ਸਮੇਤ ਟੈਂਡਰ ਸੂਚਨਾ ਵੈਬਸਾਈਟ etenders.chd.nic.in 'ਤੇ ਉਪਲਬਧ/ਅਪਲੋਡ ਕੀਤੀ ਗਈ ਹੈ

ਕਾਰਜਕਾਰੀ ਇੰਜੀਨੀਅਰ
ਸੜਕ ਮੰਡਲ ਨੰ. 3, ਕਮਰਾ ਨੰ. 311, ਐਮ. ਸੀ. ਚੰਡੀਗੜ੍ਹ, ਫੋਨ 0172-5021482, xenroad3.mcc@chd.nic.in

[redacted]

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

ਜਨਤਕ ਸੂਚਨਾ

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਦਰਸ਼ਨਾ ਰਾਣੀ (ਦਰਸ਼ਨਾ ਰਾਣੀ) ਸੁਪਤਨੀ ਸ੍ਰੀ ਜੈ ਪਾਲ** ਦੀ ਬੇਵਸੀਅਤੀ ਮੌਤ 'ਤੇ (1) **ਸ੍ਰੀ ਜੈ ਪਾਲ ਗੁਪਤਾ (ਜੈ ਪਾਲ/ਜੈ ਪੌਲ) ਸਪੁੱਤਰ ਸ੍ਰੀ ਚਮਨ ਲਾਲ**, (2) **ਸ੍ਰੀ ਵਿਸ਼ਾਲ ਗੁਪਤਾ ਸਪੁੱਤਰ ਸ੍ਰੀ ਜੈ ਪਾਲ ਗੁਪਤਾ** ਅਤੇ (3) **ਸ੍ਰੀ ਵਿਕਾਸ ਗੁਪਤਾ ਸਪੁੱਤਰ ਸ੍ਰੀ ਜੈ ਪਾਲ ਗੁਪਤਾ** ਦੇ ਨਾਮ 'ਤੇ **ਸੈਕਟਰ 41-ਏ, ਚੰਡੀਗੜ੍ਹ ਵਿਚ ਐਲਆਈਜੀ (ਡੀ)/ਐਮਆਈਜੀ (ਡੀ) ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 834** ਦੀ ਅਲਾਟਮੈਂਟ/ਪੰਜੀਕਰਨ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 41-ਏ, ਚੰਡੀਗੜ੍ਹ ਵਿਚ ਐਲਆਈਜੀ (ਡੀ)/ਐਮਆਈਜੀ (ਡੀ) ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 834** ਦੇ ਅਲਾਟੀ/ਮਾਲਕ **ਸ੍ਰੀਮਤੀ ਦਰਸ਼ਨਾ ਰਾਣੀ (ਦਰਸ਼ਨਾ ਰਾਣੀ) ਸੁਪਤਨੀ ਸ੍ਰੀ ਜੈ ਪਾਲ** ਦੀ ਉਨ੍ਹਾਂ ਦੇ ਕਾਨੂੰਨੀ ਵਾਰਸਾਂ ਦੁਆਰਾ ਦਿੱਤੀ ਸੂਚਨਾ ਅਨੁਸਾਰ **ਮੋਹਾਲੀ (ਪੰਜਾਬ)** ਵਿਖੇ 06.11.2025 ਨੂੰ ਮੌਤ ਹੋ ਗਈ ਸੀ। (1) **ਸ੍ਰੀ ਜੈ ਪਾਲ ਗੁਪਤਾ (ਜੈ ਪਾਲ/ਜੈ ਪੌਲ) ਸਪੁੱਤਰ ਸ੍ਰੀ ਚਮਨ ਲਾਲ**, (2) **ਸ੍ਰੀ ਵਿਸ਼ਾਲ ਗੁਪਤਾ ਸਪੁੱਤਰ ਸ੍ਰੀ ਜੈ ਪਾਲ ਗੁਪਤਾ** ਅਤੇ (3) **ਸ੍ਰੀ ਵਿਕਾਸ ਗੁਪਤਾ ਸਪੁੱਤਰ ਸ੍ਰੀ ਜੈ ਪਾਲ ਗੁਪਤਾ** ਨੇ **ਸ੍ਰੀਮਤੀ ਦਰਸ਼ਨਾ ਰਾਣੀ (ਦਰਸ਼ਨਾ ਰਾਣੀ) ਸੁਪਤਨੀ ਸ੍ਰੀ ਜੈ ਪਾਲ** ਦੀ ਬੇਵਸੀਅਤੀ ਮੌਤ ਦੇ ਆਧਾਰ 'ਤੇ ਆਪਣੇ ਨਾਮ 'ਤੇ **ਸੈਕਟਰ 41-ਏ, ਚੰਡੀਗੜ੍ਹ ਵਿਚ ਐਲਆਈਜੀ (ਡੀ)/ਐਮਆਈਜੀ (ਡੀ) ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 834** ਦੀ ਮਾਲਕੀ ਦੇ ਤਬਾਦਲੇ ਲਈ ਬੇਨਤੀ ਕੀਤੀ ਹੈ। ਉਨ੍ਹਾਂ ਨੇ ਅੱਗੇ ਬਿਆਨ ਦਿੱਤਾ ਹੈ ਕਿ ਕੋਈ ਹੋਰ ਕਾਨੂੰਨੀ ਵਾਰਸ ਛੱਡਿਆ ਨਹੀਂ ਗਿਆ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਰਿਹਾਇਸ਼ੀ ਇਕਾਈ, ਜੋ ਕਿ (1) **ਸ੍ਰੀ ਜੈ ਪਾਲ ਗੁਪਤਾ (ਜੈ ਪਾਲ/ਜੈ ਪੌਲ) (ਪਤੀ)**, (2) **ਸ੍ਰੀ ਵਿਸ਼ਾਲ ਗੁਪਤਾ (ਸਪੁੱਤਰ)**, (3) **ਸ੍ਰੀ ਵਿਕਾਸ ਗੁਪਤਾ (ਸਪੁੱਤਰ)** ਦੇ ਪੱਖ ਵਿਚ ਚੰਡੀਗੜ੍ਹ ਹਾਊਸਿੰਗ ਬੋਰਡ ਵੱਲੋਂ ਤਬਦੀਲ ਕੀਤੇ ਜਾਣ ਲਈ ਪ੍ਰਸਤਾਵਿਤ ਹੈ, ਵਿਚ ਦਾਅਵੇ/ਅਧਿਕਾਰ/ਹਿੱਤ ਸਬੰਧੀ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ, ਜਿਸ ਤੋਂ ਅਸਫਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦਾ ਪੰਜੀਕਰਨ ਅਤੇ ਅਲਾਟਮੈਂਟ ਉਕਤ ਦਾਅਵੇਕਾਰ ਦੇ ਪੱਖ ਵਿਚ ਤਬਦੀਲ ਕਰ ਦਿੱਤੇ ਜਾਣਗੇ।

ਸਕੱਤਰ,
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

ਜਨਤਕ ਸੂਚਨਾ

ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਓਮਵਤੀ ਸੁਪਤਨੀ ਸ੍ਰੀ ਰਜਿੰਦਰ ਸਿੰਘ ਡਾਂਗੀ** ਦੇ ਨਾਮ ਤੋਂ **ਸ੍ਰੀ ਰਾਮ ਕਰਨ ਸਪੁੱਤਰ ਸ੍ਰੀ ਹੰਸ ਰਾਜ** ਦੇ ਨਾਮ 'ਤੇ ਵਿਕਰੀ ਡੀਡ ਦੇ ਆਧਾਰ 'ਤੇ **ਸੈਕਟਰ 47-ਡੀ, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ. 3079 (ਜ਼ਮੀਨੀ ਤਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 47-ਡੀ, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ. 3079 (ਜ਼ਮੀਨੀ ਤਲ)** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਓਮਵਤੀ ਸੁਪਤਨੀ ਸ੍ਰੀ ਰਜਿੰਦਰ ਸਿੰਘ ਡਾਂਗੀ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਓਮਵਤੀ ਸੁਪਤਨੀ ਸ੍ਰੀ ਰਜਿੰਦਰ ਸਿੰਘ ਡਾਂਗੀ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 24.04.2026 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਰਾਮ ਕਰਨ ਸਪੁੱਤਰ ਸ੍ਰੀ ਹੰਸ ਰਾਜ** ਨੂੰ ਵੇਚ ਦਿੱਤੀ ਹੈ। **ਸ੍ਰੀ ਰਾਮ ਕਰਨ ਸਪੁੱਤਰ ਸ੍ਰੀ ਹੰਸ ਰਾਜ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

ਸਕੱਤਰ
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

ਜਨਤਕ ਸੂਚਨਾ

ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀ ਅਸ਼ੋਕ ਨਰੂਲਾ ਸਪੁੱਤਰ ਸ੍ਰੀ ਹਰਬੰਸ ਲਾਲ** ਦੇ ਨਾਮ ਤੋਂ **ਸ੍ਰੀਮਤੀ ਮਾਇਆ ਦੇਵੀ ਸੁਪਤਨੀ ਸ੍ਰੀ ਪੁਰਸ਼ੋਤਮ ਦਾਸ** ਦੇ ਨਾਮ 'ਤੇ ਵਿਕਰੀ ਡੀਡ ਦੇ ਆਧਾਰ 'ਤੇ **ਸੈਕਟਰ 38-ਪੱਛਮ, ਚੰਡੀਗੜ੍ਹ ਵਿਚ ਐਚਆਈਜੀ (ਯੂ) ਵਰਗ ਦੀ ਰਿਹਾਇਸ਼ੀ ਇਕਾਈ ਨੰ. 5777-ਏ (ਪਹਿਲੀ ਮੰਜ਼ਿਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 38-ਪੱਛਮ, ਚੰਡੀਗੜ੍ਹ ਵਿਚ ਐਚਆਈਜੀ (ਯੂ) ਵਰਗ ਦੀ ਰਿਹਾਇਸ਼ੀ ਇਕਾਈ ਨੰ. 5777-ਏ (ਪਹਿਲੀ ਮੰਜ਼ਿਲ)** ਅਲਾਟੀ/ਟ੍ਰਾਂਸਫਰੀ **ਸ੍ਰੀ ਅਸ਼ੋਕ ਨਰੂਲਾ ਸਪੁੱਤਰ ਸ੍ਰੀ ਹਰਬੰਸ ਲਾਲ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀ ਅਸ਼ੋਕ ਨਰੂਲਾ ਸਪੁੱਤਰ ਸ੍ਰੀ ਹਰਬੰਸ ਲਾਲ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 06.05.2026 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫ਼ਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀਮਤੀ ਮਾਇਆ ਦੇਵੀ ਸੁਪਤਨੀ ਸ੍ਰੀ ਪੁਰਸ਼ੋਤਮ ਦਾਸ** ਨੂੰ ਵੇਚ ਦਿੱਤੀ ਹੈ। **ਸ੍ਰੀਮਤੀ ਮਾਇਆ ਦੇਵੀ ਸੁਪਤਨੀ ਸ੍ਰੀ ਪੁਰਸ਼ੋਤਮ ਦਾਸ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

ਸਕੱਤਰ
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

ਜਨਤਕ ਸੂਚਨਾ

ਆਮ ਜਨਤਾ ਲਈ ਇਥੇ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਲਿਖਤ ਵਿਅਕਤੀ (ਆਂ) ਨੇ ਚੰਡੀਗੜ੍ਹ ਹਾਊਸਿੰਗ ਬੋਰਡ (ਮਕਾਨਾਂ ਦੀ ਅਲਾਟਮੈਂਟ, ਪ੍ਰਬੰਧ ਅਤੇ ਵਿਕਰੀ) ਨਿਯਮਾਂਵਲੀ 1979 ਦੇ ਨਿਯਮ 16 ਦੇ ਅਧੀਨ ਆਪਣੇ ਨਾਂਵਾਂ 'ਤੇ **ਲਹੂ ਸਬੰਧ ਤਬਾਦਲਾ ਨੀਤੀ** ਦੇ ਅਧੀਨ ਨਿਮਨ ਦਰਸਾਈ ਰਿਹਾਇਸ਼ੀ ਇਕਾਈ ਦੀ ਅਲਾਟਮੈਂਟ ਦੇ ਤਬਾਦਲੇ ਲਈ ਬਿਨੈ ਕੀਤਾ ਹੈ :-

ਲ. ਨ.	ਬਿਨੈਕਾਰ ਦਾ ਨਾਮ (ਪ੍ਰਸਤਾਵਿਤ ਟ੍ਰਾਂਸਫਰੀ)	ਅਲਾਟੀ/ਟ੍ਰਾਂਸਫਰੀ ਦਾ ਨਾਮ (ਪ੍ਰਸਤਾਵਿਤ ਟ੍ਰਾਂਸਫਰਰ)	ਡੀ ਯੂ ਨੰ.	ਵਰਗ	ਸੈਕਟਰ
1.	ਸ੍ਰੀਮਤੀ ਦਿਲਜਯੋਤ ਢਿੱਲੋਂ ਗਰੇਵਾਲ ਸੁਪਤਨੀ ਸ੍ਰੀ ਜੈਦੀਪ ਸਿੰਘ ਗਰੇਵਾਲ ਸਪੁੱਤਰੀ ਸ੍ਰੀ ਬਲਦੇਵ ਸਿੰਘ ਢਿੱਲੋਂ	ਸ੍ਰੀ ਗੌਰਵ ਢਿੱਲੋਂ (ਗੌਰਵ ਦੇਵ ਸਿੰਘ ਢਿੱਲੋਂ) ਸਪੁੱਤਰ ਸ੍ਰੀ ਬਲਦੇਵ ਸਿੰਘ ਢਿੱਲੋਂ ਰਾਹੀਂ ਐਸਪੀਏ ਧਾਰਕ ਜੈਦੇਵ ਸਿੰਘ ਢਿੱਲੋਂ ਸਪੁੱਤਰ ਸ੍ਰੀ ਬਲਦੇਵ ਸਿੰਘ ਢਿੱਲੋਂ	5961	HIG 1	ਫੇਜ਼-3 ਮਨੀਮਾਜਰਾ ਚੰਡੀਗੜ੍ਹ

ਉਕਤ ਦਰਸਾਈਆਂ ਰਿਹਾਇਸ਼ੀ ਇਕਾਈਆਂ ਦੇ ਸਬੰਧ ਵਿਚ ਵਿਕਰੀ/ਖਰੀਦ ਦੇ ਲਈ ਕਿਸੇ ਨੂੰ ਵੀ ਕੋਈ ਇਤਰਾਜ਼ ਹੋਣ ਦੀ ਸੂਰਤ ਵਿਚ ਉਹ ਆਪਣਾ ਇਤਰਾਜ਼, ਜੇਕਰ ਕੋਈ ਹੋਵੇ, ਦਸਤਾਵੇਜ਼ੀ ਸਬੂਤ, ਜੇਕਰ ਕੋਈ ਹੋਵੇ, ਸਮੇਤ ਨਿਮਨ ਹਸਤਾਖ਼ਰੀ ਕੋਲ ਇਸ ਸੂਚਨਾ ਦੇ ਪ੍ਰਕਾਸ਼ਨ ਦੇ 21 ਦਿਨਾਂ ਦੇ ਅੰਦਰ ਲਿਖਤ ਵਿਚ ਜਮ੍ਹਾਂ ਕਰ ਸਕਦਾ/ਸਕਦੀ ਹੈ।

ਸਕੱਤਰ,
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

ਜਨਤਕ ਸੂਚਨਾ

ਵਿਸ਼ਾ :- ਅਲਾਟੀ/ਟ੍ਰਾਂਸਫਰੀ **ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ) ਸਪੁੱਤਰ ਸ੍ਰੀ ਸੌਦਾਗਰ ਮੱਲ ਨਾਗਪਾਲ** ਦੀ ਗੈਰ-ਪੰਜੀਕ੍ਰਿਤ ਵਸੀਅਤ ਦੇ ਆਧਾਰ 'ਤੇ **ਸ੍ਰੀ ਸੁਰਿੰਦਰ ਨਾਗਪਾਲ ਸਪੁੱਤਰ ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ)** ਅਤੇ **ਸ੍ਰੀ ਵਰਿੰਦਰ ਨਾਗਪਾਲ ਸਪੁੱਤਰ ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ)** ਦੇ ਨਾਂਵਾਂ 'ਤੇ **ਸੈਕਟਰ 46-ਸੀ, ਚੰਡੀਗੜ੍ਹ ਵਿਚ ਵਰਗ-ਐਮਆਈਜੀ-2 ਦੇ ਡੀਯੂ ਨੰਬਰ 3288** ਦੀ ਅਲਾਟਮੈਂਟ/ਪੰਜੀਕਰਨ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਥੇ ਸੂਚਿਤ ਕੀਤਾ ਜਾਂਦਾ ਹੈ ਕਿ **ਸ੍ਰੀ ਸੁਰਿੰਦਰ ਨਾਗਪਾਲ ਸਪੁੱਤਰ ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ)** ਅਤੇ **ਸ੍ਰੀ ਵਰਿੰਦਰ ਨਾਗਪਾਲ ਸਪੁੱਤਰ ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ)** ਨੇ **ਗੈਰ-ਪੰਜੀਕ੍ਰਿਤ ਵਸੀਅਤ** ਦੇ ਆਧਾਰ 'ਤੇ **ਮਾਲਕ ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ) ਸਪੁੱਤਰ ਸ੍ਰੀ ਸੌਦਾਗਰ ਮੱਲ ਨਾਗਪਾਲ** ਦੀ ਮੌਤ ਉਪਰੰਤ ਆਪਣੇ ਨਾਮ 'ਤੇ **ਸੈਕਟਰ 46-ਸੀ, ਚੰਡੀਗੜ੍ਹ ਵਿਚ ਵਰਗ-ਐਮਆਈਜੀ-2 ਦੇ ਡੀਯੂ ਨੰਬਰ 3288** ਦੇ ਤਬਾਦਲੇ ਲਈ ਬਿਨੈ ਕੀਤਾ ਹੈ, ਕਿਉਂ ਜੋ ਉਨ੍ਹਾਂ ਦੀ **ਚੰਡੀਗੜ੍ਹ ਵਿਖੇ ਮਿਤੀ 05.04.2019** ਨੂੰ ਮੌਤ ਹੋ ਗਈ ਸੀ ਅਤੇ ਉਹ ਉਨ੍ਹਾਂ ਦੇ ਪੱਖ ਵਿਚ ਮਿਤੀ 28.04.2018 ਦੀ ਇੱਕ ਗੈਰ-ਪੰਜੀਕ੍ਰਿਤ ਵਸੀਅਤ ਛੱਡ ਗਏ ਸਨ। ਉਨ੍ਹਾਂ ਨੇ ਅੱਗੇ ਬਿਆਨ ਦਿੱਤੀ ਹੈ ਕਿ ਮ੍ਰਿਤਕ ਅਲਾਟੀ ਦੀ ਵਸੀਅਤ ਉਨ੍ਹਾਂ ਵੱਲੋਂ ਪੂਰੇ ਹੋਸ਼ ਵਿਚ ਕਾਰਜਰੂਪ ਕੀਤੀ ਆਖ਼ਰੀ ਵਸੀਅਤ ਹੈ, ਜੋ ਕਿ ਮ੍ਰਿਤਕ ਦੀ ਮੌਤ ਤੱਕ ਨਾ ਤਾਂ ਬਦਲੀ ਗਈ ਨਾ ਹੀ ਰੱਦ ਕੀਤੀ ਗਈ ਹੈ ਅਤੇ ਮ੍ਰਿਤਕ ਅਲਾਟੀ/ਟ੍ਰਾਂਸਫਰੀ ਦੇ ਸਾਰੇ ਕਾਨੂੰਨੀ ਵਾਰਸ (ਾਂ) ਭਾਵ (1) **ਸ੍ਰੀਮਤੀ ਗੀਤਾਂਜਲੀ ਮਹਿੰਦਰਾਂ ਸਪੁੱਤਰੀ ਸਵਰਗੀ ਸ੍ਰੀ ਖਰੈਤੀ ਲਾਲ ਨਾਗਪਾਲ ਅਤੇ ਸੁਪਤਨੀ ਸ੍ਰੀ ਅਮਿਤ ਮਹਿੰਦਰਾ** (2) **ਸ੍ਰੀਮਤੀ ਗੀਟਾ ਕੁਮਾਰੀ ਸਪੁੱਤਰੀ ਸਵਰਗੀ ਸ੍ਰੀ ਖਰੈਤੀ ਲਾਲ ਨਾਗਪਾਲ ਅਤੇ ਸੁਪਤਨੀ ਸ੍ਰੀ ਅਰੁਣ ਕੁਮਾਰ** ਨੇ **ਸ੍ਰੀ ਸੁਰਿੰਦਰ ਨਾਗਪਾਲ ਸਪੁੱਤਰ ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ)** ਅਤੇ **ਸ੍ਰੀ ਵਰਿੰਦਰ ਨਾਗਪਾਲ ਸਪੁੱਤਰ ਸ੍ਰੀ ਕੇ. ਐਲ. ਨਾਗਪਾਲ (ਖਰੈਤੀ ਲਾਲ ਨਾਗਪਾਲ)** ਦੇ ਪੱਖ ਵਿਚ ਕੋਈ ਇਤਰਾਜ਼ ਨਾ ਹੋਣ ਦੇ ਸਰਟੀਫਿਕੇਟ ਸਬੰਧੀ ਹਲਫੀਆ ਬਿਆਨ ਜਮ੍ਹਾਂ ਕੀਤਾ ਹੈ।

ਜੇਕਰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਸਬੰਧੀ ਕਿਸੇ ਨੂੰ ਵੀ ਕੋਈ ਇਤਰਾਜ਼ ਹੈ, ਤਾਂ ਉਹ ਆਪਣਾ ਇਤਰਾਜ਼ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ ਦੀ ਸੂਰਤ ਵਿਚ ਦਰਸਾਈ ਰਿਹਾਇਸ਼ੀ ਇਕਾਈ ਦਾ ਪੰਜੀਕਰਨ ਅਤੇ ਅਲਾਟਮੈਂਟ ਉਕਤ ਦਰਸਾਏ ਦਾਅਵੇਕਾਰਾਂ ਦੇ ਪੱਖ ਵਿਚ ਤਬਦੀਲ ਕਰ ਦਿੱਤੇ ਜਾਣਗੇ।

ਸਕੱਤਰ
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

ਜਨਤਕ ਸੂਚਨਾ

ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀ ਜਸਬੀਰ ਸਿੰਘ ਸਪੁੱਤਰ ਸ੍ਰੀ ਹਰਪਾਲ ਸਿੰਘ** ਦੇ ਨਾਮ ਤੋਂ **ਸ੍ਰੀ ਕਾਰਮੈਲ ਇਮੈਨੂਅਲ ਸਪੁੱਤਰ ਸ੍ਰੀ ਵਿਜੇ ਕੁਮਾਰ** ਦੇ ਨਾਮ 'ਤੇ ਵਿਕਰੀ ਡੀਡ ਦੇ ਆਧਾਰ 'ਤੇ **ਸੈਕਟਰ 38-ਪੱਛਮ, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ. 5058 (ਜ਼ਮੀਨੀ ਤਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 38-ਪੱਛਮ, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ. 5058 (ਜ਼ਮੀਨੀ ਤਲ)** ਅਲਾਟੀ/ਟ੍ਰਾਂਸਫਰੀ **ਸ੍ਰੀ ਜਸਬੀਰ ਸਿੰਘ ਸਪੁੱਤਰ ਸ੍ਰੀ ਹਰਪਾਲ ਸਿੰਘ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀ ਜਸਬੀਰ ਸਿੰਘ ਸਪੁੱਤਰ ਸ੍ਰੀ ਹਰਪਾਲ ਸਿੰਘ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 25.03.2026 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਕਾਰਮੈਲ ਇਮੈਨੂਅਲ ਸਪੁੱਤਰ ਸ੍ਰੀ ਵਿਜੇ ਕੁਮਾਰ** ਨੂੰ ਵੇਚ ਦਿੱਤੀ ਹੈ। **ਸ੍ਰੀ ਕਾਰਮੈਲ ਇਮੈਨੂਅਲ ਸਪੁੱਤਰ ਸ੍ਰੀ ਵਿਜੇ ਕੁਮਾਰ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

ਸਕੱਤਰ
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ



ਜਨਤਕ ਸੂਚਨਾ

ਵਿਸ਼ਾ :- ਪੰਜੀਕ੍ਰਿਤ ਵਸੀਅਤ ਦੇ ਆਧਾਰ 'ਤੇ ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਭਰਤੋ (ਭਰਤੋ ਦੇਵੀ) ਸੁਪਤਨੀ ਸ੍ਰੀ ਰੂਪ ਚੰਦ** ਦੇ ਨਾਮ ਤੋਂ **ਸ੍ਰੀ ਜਸਪਾਲ ਸਿੰਘ ਸਪੁੱਤਰ ਸਵਰਗੀ ਸ੍ਰੀ ਰੂਪ ਚੰਦ** ਦੇ ਨਾਮ 'ਤੇ **ਸੈਕਟਰ 38-ਪੱਛਮ, ਚੰਡੀਗੜ੍ਹ ਵਿਚ ਵਰਗ-ਈਡਬਲਿਊਐਸ ਦੇ ਡੀਯੂ ਨੰਬਰ 4779-ਸੀ** ਦੇ ਸਬੰਧ ਵਿਚ ਮਾਲਕੀ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਥੇ ਸੂਚਿਤ ਕੀਤਾ ਜਾਂਦਾ ਹੈ ਕਿ **ਸ੍ਰੀ ਜਸਪਾਲ ਸਿੰਘ ਸਪੁੱਤਰ ਸਵਰਗੀ ਸ੍ਰੀ ਰੂਪ ਚੰਦ** ਵੱਲੋਂ **ਸੈਕਟਰ 38-ਪੱਛਮ, ਚੰਡੀਗੜ੍ਹ ਵਿਚ ਵਰਗ-ਈਡਬਲਿਊਐਸ ਦੇ ਡੀਯੂ ਨੰਬਰ 4779-ਸੀ** ਦੇ ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਭਰਤੋ (ਭਰਤੋ ਦੇਵੀ) ਸੁਪਤਨੀ ਸ੍ਰੀ ਰੂਪ ਚੰਦ** ਦੀ ਮੌਤ ਉਪਰੰਤ ਇਸ ਦਾ ਆਪਣੇ ਨਾਮ 'ਤੇ ਤਬਾਦਲੇ ਲਈ ਚੰਡੀਗੜ੍ਹ ਹਾਊਸਿੰਗ ਬੋਰਡ ਕੋਲ ਬਿਨੈ ਕੀਤਾ ਹੈ। **ਸ੍ਰੀਮਤੀ ਭਰਤੋ (ਭਰਤੋ ਦੇਵੀ) ਸੁਪਤਨੀ ਸ੍ਰੀ ਰੂਪ ਚੰਦ** ਦੀ ਚੰਡੀਗੜ੍ਹ ਵਿਖੇ 27.06.2011 ਨੂੰ ਮੌਤ ਹੋ ਗਈ ਸੀ ਅਤੇ ਉਹ ਆਪਣੇ ਪਿੱਛੇ ਉਨ੍ਹਾਂ ਦੇ ਪੱਖ ਵਿਚ ਮਿਤੀ 05.02.2010 **ਦੀ ਇੱਕ ਵਸੀਅਤ** ਛੱਡ ਗਏ ਸਨ, ਜੋ ਕਿ ਸਬ ਰਜਿਸਟਰਾਰ ਯੂ. ਟੀ. ਚੰਡੀਗੜ੍ਹ ਕੋਲ ਪੰਜੀਕ੍ਰਿਤ ਸੀ। ਉਨ੍ਹਾਂ ਨੇ ਅੱਗੇ ਬਿਆਨ ਦਿੱਤਾ ਹੈ ਕਿ ਇਹ ਵਸੀਅਤ ਮ੍ਰਿਤਕ ਅਲਾਟੀ/ਟ੍ਰਾਂਸਫਰੀ ਵੱਲੋਂ ਕਾਰਜਰੂਪ ਕੀਤੀ ਆਖ਼ਰੀ ਵਸੀਅਤ ਹੈ, ਜੋ ਕਿ ਮ੍ਰਿਤਕ ਦੀ ਮੌਤ ਤੱਕ ਨਾ ਤਾਂ ਬਦਲੀ ਗਈ ਨਾ ਹੀ ਰੱਦ ਕੀਤੀ ਗਈ ਹੈ।

ਜੇਕਰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਸਬੰਧੀ ਕਿਸੇ ਨੂੰ ਵੀ ਕੋਈ ਇਤਰਾਜ਼ ਹੈ, ਤਾਂ ਉਹ ਆਪਣਾ ਇਤਰਾਜ਼ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ ਦੀ ਸੂਰਤ ਵਿਚ ਦਰਸਾਈ ਰਿਹਾਇਸ਼ੀ ਇਕਾਈ ਦਾ ਪੰਜੀਕਰਨ ਅਤੇ ਅਲਾਟਮੈਂਟ ਉਕਤ ਦਰਸਾਏ ਦਾਅਵੇਕਾਰਾਂ ਦੇ ਪੱਖ ਵਿਚ ਤਬਦੀਲ ਕਰ ਦਿੱਤੇ ਜਾਣਗੇ।

ਸਕੱਤਰ
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

ਬਿਜਲੀ ਦੀ ਖ਼ਪਤ ਨੂੰ ਲੈ ਕੇ ਟੈਨਸ਼ਨ

ਝੋਨੇ ਦੇ ਸੀਜ਼ਨ ਤੋਂ ਪਹਿਲਾਂ ਪੰਜਾਬ ਸਰਕਾਰ 'ਤੇ ਦਬਾਅ

ਚੰਡੀਗੜ੍ਹ - 1 ਜੂਨ ਤੋਂ ਸ਼ੁਰੂ ਹੋਣ ਵਾਲੇ ਝੋਨੇ ਦੇ ਸੀਜ਼ਨ ਦੇ ਨਾਲ, ਪੰਜਾਬ ਵਿੱਚ ਬਿਜਲੀ ਦੀ ਮੰਗ ਰਿਕਾਰਡ 18,000 ਮੈਗਾਵਾਟ ਤੱਕ ਪਹੁੰਚ ਸਕਦੀ ਹੈ। ਵਧਦੀ ਗਰਮੀ, ਕਮਜ਼ੋਰ ਮਾਨਸੂਨ ਅਤੇ ਲੱਖਾਂ ਟਿਊਬਵੈੱਲ ਬਿਜਲੀ ਅਤੇ ਪਾਣੀ ਦੋਵਾਂ 'ਤੇ ਦਬਾਅ ਵਧਾਉਣਗੇ।

ਪੰਜਾਬ ਵਿੱਚ ਝੋਨੇ ਦੀ ਕਾਸ਼ਤ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ ਅਤੇ ਇਸ ਦੇ ਨਾਲ, ਰਾਜ ਵਿੱਚ ਬਿਜਲੀ ਦੀ ਮੰਗ ਵਿੱਚ ਤੇਜ਼ੀ ਨਾਲ ਵਾਧਾ ਹੋਣ ਦੀ ਉਮੀਦ ਹੈ। ਇਸ ਸਾਲ, ਇਹ ਅਨੁਮਾਨ ਲਗਾਇਆ ਗਿਆ ਹੈ ਕਿ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦੀ ਮੰਗ 18,000 ਮੈਗਾਵਾਟ ਤੋਂ ਵੱਧ ਹੋ ਸਕਦੀ ਹੈ, ਜੋ ਕਿ ਹੁਣ ਤੱਕ ਦਾ ਸਭ ਤੋਂ ਵੱਧ ਹੈ। ਪਿਛਲੇ ਸਾਲ, ਝੋਨੇ ਦੇ ਸੀਜ਼ਨ ਦੌਰਾਨ ਸਿਖਰਲੀ ਮੰਗ ਲਗਭਗ 17,200 ਮੈਗਾਵਾਟ ਤੱਕ ਪਹੁੰਚ ਗਈ ਸੀ।

ਇਸ ਵਾਰ, ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਕਾਰਨ ਸਥਿਤੀ ਨੂੰ ਹੋਰ ਵੀ ਨਾਜ਼ੁਕ ਮੰਨਿਆ ਜਾ ਰਿਹਾ ਹੈ। ਮੌਜੂਦਾ ਸਰਕਾਰ ਬਿਜਲੀ ਵਿੱਚ ਕੋਈ ਕਟੌਤੀ ਜਾਂ ਕਿਸਾਨਾਂ ਦੀ ਨਾਰਾਜ਼ਗੀ ਮੁੱਲ ਨਹੀਂ ਲੈਣਾ ਚਾਹੁੰਦੀ। ਸਰਕਾਰ ਅਤੇ ਬਿਜਲੀ ਵਿਭਾਗ ਦੋਵੇਂ ਇਸ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਪੂਰਾ ਕਰਨ ਲਈ ਕੰਮ ਕਰ ਰਹੇ ਹਨ।

ਪੰਜਾਬ ਵਿੱਚ ਹਰ ਸਾਲ ਜੂਨ ਦੇ ਸ਼ੁਰੂ ਤੋਂ ਝੋਨੇ ਦੀ ਕਾਸ਼ਤ ਸ਼ੁਰੂ ਹੁੰਦੀ ਹੈ। ਇਸ ਵਾਰ ਵੀ ਸਰਕਾਰ ਨੇ 1 ਜੂਨ ਤੋਂ ਜ਼ੋਨ-ਵਾਰ ਝੋਨੇ ਦੀ ਬਿਜਾਈ ਦੀ ਇਜਾਜ਼ਤ ਦਿੱਤੀ ਹੈ। ਸੂਬੇ ਵਿੱਚ ਲਗਭਗ 30 ਲੱਖ ਹੈਕਟੇਅਰ ਜ਼ਮੀਨ 'ਤੇ ਝੋਨੇ ਦੀ ਕਾਸ਼ਤ ਕੀਤੀ ਜਾਂਦੀ ਹੈ। ਝੋਨੇ ਨੂੰ ਸਭ ਤੋਂ ਵੱਧ ਪਾਣੀ ਦੀ ਲੋੜ ਹੁੰਦੀ ਹੈ, ਅਤੇ ਲੱਖਾਂ ਟਿਊਬਵੈੱਲ ਲਗਾਤਾਰ ਕੰਮ ਕਰਦੇ ਹਨ। ਸੂਬੇ ਵਿੱਚ ਲਗਭਗ 14 ਲੱਖ ਦੇ ਕਰੀਬ ਟਿਊਬਵੈੱਲ ਹਨ, ਜੋ ਖੇਤਾਂ ਨੂੰ ਸਿੰਚਾਈ ਕਰਨ ਲਈ ਜ਼ਮੀਨ ਤੋਂ ਵੱਡੀ ਮਾਤਰਾ ਵਿੱਚ ਪਾਣੀ ਕੱਢਦੇ ਹਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਟਿਊਬਵੈੱਲ ਉਨ੍ਹਾਂ ਜ਼ਿਲ੍ਹਿਆਂ ਵਿੱਚ ਸਥਿਤ ਹਨ ਜਿੱਥੇ ਪਾਣੀ ਦਾ ਪੱਧਰ ਪਹਿਲਾਂ ਹੀ ਕਾਫ਼ੀ ਘੱਟ ਗਿਆ ਹੈ। ਇਸ ਦੇ ਬਾਵਜੂਦ, ਹਰ ਸਾਲ ਝੋਨੇ ਦੀ ਕਾਸ਼ਤ ਜਲਦੀ ਸ਼ੁਰੂ ਕੀਤੀ ਜਾਂਦੀ ਹੈ।

ਮਾਹਿਰਾਂ ਨੇ ਲੰਬੇ ਸਮੇਂ ਤੋਂ ਸਲਾਹ ਦਿੱਤੀ ਹੈ ਕਿ ਝੋਨੇ ਦੀ ਬਿਜਾਈ ਜੂਨ ਦੇ ਅਖੀਰ ਵਿੱਚ ਸ਼ੁਰੂ ਹੋਣੀ ਚਾਹੀਦੀ ਹੈ, ਕਿਉਂਕਿ ਮਾਨਸੂਨ ਨੇੜੇ ਆ ਰਿਹਾ ਹੈ ਅਤੇ ਬਾਰਿਸ਼ ਸਿੰਚਾਈ ਦੇ ਦਬਾਅ ਨੂੰ ਘੱਟ ਕਰ ਸਕਦੀ ਹੈ। ਹਾਲਾਂਕਿ, ਕਿਸਾਨ ਅਤੇ ਸਰਕਾਰ ਦੋਵੇਂ ਜਲਦੀ ਬਿਜਾਈ ਨੂੰ ਤਰਜੀਹ ਦਿੰਦੇ ਹਨ।

ਇਸ ਸਾਲ, ਮੌਸਮ ਪੰਜਾਬ ਲਈ ਇੱਕ ਵੱਡੀ ਚੁਣੌਤੀ ਵੀ ਪੈਦਾ ਕਰ ਸਕਦਾ ਹੈ। ਮੌਸਮ ਵਿਭਾਗ ਦੀ ਭਵਿੱਖਬਾਣੀ ਅਨੁਸਾਰ, ਇਸ ਸਾਲ ਗਰਮੀ ਦੇ ਦਿਨ ਪਿਛਲੇ ਸਾਲ ਨਾਲੋਂ ਵੱਧ ਹੋ ਸਕਦੇ ਹਨ। ਇਸ ਤੋਂ ਇਲਾਵਾ, ਮਾਨਸੂਨ ਆਮ ਨਾਲੋਂ ਕਮਜ਼ੋਰ ਹੋਣ ਦੀ ਵੀ ਸੰਭਾਵਨਾ ਹੈ। ਅਜਿਹੀ ਸਥਿਤੀ ਵਿੱਚ, ਕਿਸਾਨਾਂ ਨੂੰ ਜ਼ਿਆਦਾ ਸਿੰਚਾਈ ਕਰਨੀ ਪਵੇਗੀ, ਅਤੇ ਬਿਜਲੀ ਦੀ ਮੰਗ ਹੋਰ ਵਧ ਸਕਦੀ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਕਿਸਾਨਾਂ ਨੂੰ ਰੋਜ਼ਾਨਾ ਅੱਠ ਘੰਟੇ ਬਿਜਲੀ ਦੇਣ ਦੀ ਤਿਆਰੀ ਕਰ ਰਿਹਾ ਹੈ। ਹਾਲਾਂਕਿ, ਇਸ ਵੱਡੀ ਮੰਗ ਨੂੰ ਪੂਰਾ ਕਰਨਾ ਆਸਾਨ ਨਹੀਂ ਹੋਵੇਗਾ। ਸਿਰਫ਼ ਅਪ੍ਰੈਲ ਵਿੱਚ ਹੀ ਸੂਬੇ ਦੀ ਬਿਜਲੀ ਦੀ ਮੰਗ 12,000 ਮੈਗਾਵਾਟ ਤੋਂ ਵੱਧ ਹੋ ਗਈ, ਜੋ ਕਿ ਪਿਛਲੇ ਸਾਲ ਅਪ੍ਰੈਲ ਦੇ ਮੁਕਾਬਲੇ ਲਗਭਗ 800 ਮੈਗਾਵਾਟ ਦਾ ਵਾਧਾ ਹੈ। ਪੰਜਾਬ ਆਪਣੀਆਂ ਸਾਰੀਆਂ ਬਿਜਲੀ ਜ਼ਰੂਰਤਾਂ ਪੈਦਾ ਕਰਨ ਵਿੱਚ ਅਸਮਰੱਥ ਹੈ। ਸੂਬਾ ਲਗਭਗ 6,500 ਮੈਗਾਵਾਟ ਬਿਜਲੀ ਪੈਦਾ ਕਰਦਾ ਹੈ ਅਤੇ ਬਾਕੀ ਬਿਜਲੀ ਦੂਜੇ ਰਾਜਾਂ ਅਤੇ ਕੇਂਦਰੀ ਪਾਵਰ ਗਰਿੱਡ ਤੋਂ ਪ੍ਰਾਪਤ ਕੀਤੀ ਜਾਂਦੀ ਹੈ। ਮਾਹਿਰਾਂ ਅਨੁਸਾਰ, ਪੰਜਾਬ ਇਸ ਵਾਰ 10,500 ਮੈਗਾਵਾਟ ਤੋਂ ਵੱਧ ਬਿਜਲੀ ਖਰੀਦ ਸਕਦਾ ਹੈ। ਇਸ ਤੋਂ ਇਲਾਵਾ, ਬੈਂਕਿੰਗ ਪ੍ਰਣਾਲੀ, ਕੇਂਦਰੀ ਪਾਵਰ ਪਲਾਂਟਾਂ ਅਤੇ ਦਿਨ ਵੇਲੇ ਸਸਤੀ ਸੂਰਜੀ ਊਰਜਾ ਦੀ ਵਰਤੋਂ ਰਾਹੀਂ ਮੰਗ ਨੂੰ ਪੂਰਾ ਕਰਨ ਲਈ ਯਤਨ ਕੀਤੇ ਜਾਣਗੇ। ਇਹ ਦੱਸਿਆ ਗਿਆ ਹੈ ਕਿ ਇਸ ਝੋਨੇ ਦੇ ਸੀਜ਼ਨ ਵਿੱਚ 2,00 ਕਰੋੜ ਯੂਨਿਟ ਤੋਂ ਵੱਧ ਵਾਧੂ ਬਿਜਲੀ ਖਰੀਦਣ ਦੀ ਲੋੜ ਹੋ ਸਕਦੀ ਹੈ। ਅੰਦਾਜ਼ਾ ਲਗਾਇਆ ਗਿਆ ਹੈ ਕਿ ਲਗਭਗ 16,00 ਕਰੋੜ ਯੂਨਿਟ ਬਿਜਲੀ ਸਿਰਫ਼ ਖੇਤੀਬਾੜੀ ਲਈ ਖਪਤ ਕੀਤੀ ਜਾਵੇਗੀ।

ਇਨ੍ਹਾਂ ਖੇਤਰਾਂ ਵਿੱਚ ਵੱਡਾ ਪ੍ਰਭਾਵ

ਚਾਵਲ ਦੀ ਖੇਤੀ ਦਾ ਪੰਜਾਬ ਦੇ ਭੂਮੀਗਤ ਪਾਣੀ 'ਤੇ ਸਭ ਤੋਂ ਵੱਧ ਪ੍ਰਭਾਵ ਪੈ ਰਿਹਾ ਹੈ। ਹਰੇਕ ਟਿਊਬਵੈੱਲ ਹਰ ਹਫ਼ਤੇ ਲਗਭਗ 30 ਲੱਖ ਲੀਟਰ ਪਾਣੀ ਕੱਢਦਾ ਹੈ। ਜੇਕਰ ਅਸੀਂ ਸੂਬੇ ਭਰ ਵਿੱਚ ਟਿਊਬਵੈੱਲਾਂ ਦੀ ਕੁੱਲ ਗਿਣਤੀ 'ਤੇ ਵਿਚਾਰ ਕਰੀਏ, ਤਾਂ ਹਰ ਹਫ਼ਤੇ ਲਗਭਗ 4,385 ਅਰਬ ਲੀਟਰ ਪਾਣੀ ਜ਼ਮੀਨ ਵਿੱਚੋਂ ਕੱਢਿਆ ਜਾਂਦਾ ਹੈ। ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨੂੰ ਸੌਂਪੀ ਗਈ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਸਿਰਫ਼ ਇੱਕ ਹਫ਼ਤੇ ਲਈ ਚੌਲਾਂ ਦੀ ਬਿਜਾਈ ਨੂੰ ਮੁਲਤਵੀ ਕਰਨ ਨਾਲ ਪੰਜਾਬ ਦੀ 3 ਕਰੋੜ ਆਬਾਦੀ ਲਈ ਸਾਢੇ ਤਿੰਨ ਸਾਲਾਂ ਲਈ ਪਾਣੀ ਦੀ ਬਚਤ ਹੋ ਸਕਦੀ ਹੈ। ਲੁਧਿਆਣਾ, ਗੁਰਦਾਸਪੁਰ, ਅੰਮ੍ਰਿਤਸਰ ਅਤੇ ਸੰਗਰੂਰ ਵਰਗੇ ਜ਼ਿਲ੍ਹਿਆਂ ਵਿੱਚ ਸਭ ਤੋਂ ਵੱਧ ਟਿਊਬਵੈੱਲ ਹਨ। ਇਨ੍ਹਾਂ ਖੇਤਰਾਂ ਵਿੱਚ ਭੂਮੀਗਤ ਪਾਣੀ ਦਾ ਪੱਧਰ ਤੇਜ਼ੀ ਨਾਲ ਘਟ ਰਿਹਾ ਹੈ। ਬਹੁਤ ਸਾਰੇ ਖੇਤਰਾਂ ਵਿੱਚ, ਕਿਸਾਨਾਂ ਨੂੰ ਡੂੰਘੇ ਪਾਣੀ ਤੱਕ ਪਹੁੰਚਣ ਲਈ ਉੱਚ-ਸ਼ਕਤੀ ਵਾਲੀਆਂ ਮੋਟਰਾਂ ਲਗਾਉਣੀਆਂ ਪੈ ਰਹੀਆਂ ਹਨ। ਬਰਨਾਲਾ ਅਤੇ ਸੰਗਰੂਰ ਵਿੱਚ, ਕਿਸਾਨ ਭੂਮੀਗਤ ਪਾਣੀ ਕੱਢਣ ਲਈ 17 ਬੀਐਚਪੀ ਮੋਟਰਾਂ ਦੀ ਵਰਤੋਂ ਕਰ ਰਹੇ ਹਨ। ਇਹ ਚੌਲਾਂ ਦਾ ਸੀਜ਼ਨ ਖੇਤੀਬਾੜੀ ਅਤੇ ਬਿਜਲੀ ਦੇ ਸੰਬੰਧ ਵਿੱਚ ਪੰਜਾਬ ਲਈ ਨਾ ਸਿਰਫ਼ ਇੱਕ ਚੁਣੌਤੀ ਹੈ, ਸਗੋਂ ਪਾਣੀ ਦੀ ਸੰਭਾਲ ਅਤੇ ਭਵਿੱਖ ਦੀ ਸੁਰੱਖਿਆ ਦਾ ਇੱਕ ਵੱਡਾ ਇਮਤਿਹਾਨ ਵੀ ਬਣ ਰਿਹਾ ਹੈ

ਏਸ਼ੀਅਨ ਡਿਵੈਲਪਮੈਂਟ ਬੈਂਕ ਨੇ ਘਟਾਇਆ ਜੀਡੀਪੀ ਵਿਕਾਸ ਦਾ ਅਨੁਮਾਨ

ਭਾਰਤ ਵਿੱਚ ਫਟੇਗਾ ਮਹਿੰਗਾਈ ਦਾ ਬੰਬ

ਏਸ਼ੀਅਨ ਡਿਵੈਲਪਮੈਂਟ ਬੈਂਕ (ਏਡੀਬੀ) ਨੇ ਭਾਰਤ ਦੇ ਜੀਡੀਪੀ ਵਿਕਾਸ ਅਨੁਮਾਨ ਵਿੱਚ ਕਾਫ਼ੀ ਕਟੌਤੀ ਕਰ ਦਿੱਤੀ ਹੈ, ਕੱਚੇ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਇਸਦਾ ਮੁੱਖ ਕਾਰਨ ਦੱਸਿਆ ਹੈ।

ਅਮਰੀਕਾ-ਈਰਾਨ ਯੁੱਧ ਦਾ ਵਿਸ਼ਵਵਿਆਪੀ ਪ੍ਰਭਾਵ ਪਿਆ ਹੈ ਅਤੇ ਇਹ ਜਾਰੀ ਰਹੇਗਾ। ਭਾਰਤੀ ਅਰਥਵਿਵਸਥਾ ਅਤੇ ਕੱਚੇ ਤੇਲ ਬਾਰੇ ਵਿਦੇਸ਼ਾਂ ਤੋਂ ਬੁਰੀ ਖ਼ਬਰ ਆਈ ਹੈ। ਏਸ਼ੀਅਨ ਡਿਵੈਲਪਮੈਂਟ ਬੈਂਕ (ਏਡੀਬੀ) ਦੇ ਅਨੁਸਾਰ, ਈਰਾਨ ਯੁੱਧ ਕਾਰਨ ਪੈਦਾ ਹੋਏ ਵਿਸ਼ਵਵਿਆਪੀ ਤਣਾਅ ਅਰਥਵਿਵਸਥਾ ਨੂੰ ਪ੍ਰਭਾਵਤ ਕਰਦੇ ਰਹਿਣਗੇ, ਅਤੇ ਕੱਚੇ ਤੇਲ ਦੀਆਂ ਕੀਮਤਾਂ ਲੰਬੇ ਸਮੇਂ ਤੱਕ ਉੱਚੀਆਂ ਰਹਿ ਸਕਦੀਆਂ ਹਨ। ਅਰਥਸ਼ਾਸਤਰੀਆਂ ਨੇ ਕਿਹਾ ਹੈ ਕਿ ਇਹ ਭਾਰਤ ਵਿੱਚ ਵੀ ਮਹਿਸੂਸ ਕੀਤਾ ਜਾਵੇਗਾ, ਅਤੇ ਇੱਥੇ ਮਹਿੰਗਾਈ ਬੰਬ ਫਟ ਸਕਦਾ ਹੈ। ਇਸ ਤੋਂ ਇਲਾਵਾ, ਏਡੀਬੀ ਨੇ ਭਾਰਤ ਦੇ ਜੀਡੀਪੀ ਵਿਕਾਸ ਅਨੁਮਾਨ ਵਿੱਚ ਕਾਫ਼ੀ ਕਟੌਤੀ ਕੀਤੀ ਹੈ।

ਇੱਕ ਰਿਪੋਰਟ ਦੇ ਅਨੁਸਾਰ, ਏਡੀਬੀ ਦੇ ਮੁੱਖ ਅਰਥਸ਼ਾਸਤਰੀ ਅਲਬਰਟ ਪਾਰਕ ਨੇ ਕਿਹਾ ਕਿ ਮੱਧ ਪੂਰਬ ਸੰਕਟ ਉਮੀਦ ਤੋਂ ਵੱਧ ਸਮੇਂ ਤੱਕ ਚੱਲਿਆ ਹੈ, ਅਤੇ ਸਪਲਾਈ ਲੜੀ ਵਿੱਚ ਨਤੀਜੇ ਵਜੋਂ ਵਿਘਨ ਕੱਚੇ ਤੇਲ ਦੀਆਂ ਕੀਮਤਾਂ ਨੂੰ ਉੱਚਾ ਰੱਖਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ, "ਕੱਚੇ ਤੇਲ ਦੀਆਂ ਕੀਮਤਾਂ ਵਧਣ ਦੀ ਸੰਭਾਵਨਾ ਦੇ ਨਾਲ, ਨਵਾਂ ਦ੍ਰਿਸ਼ਟੀਕੋਣ 2026 ਲਈ ਔਸਤ ਕੀਮਤ $96 ਪ੍ਰਤੀ ਬੈਰਲ ਹੋਣ ਦਾ ਅਨੁਮਾਨ ਲਗਾਉਂਦਾ ਹੈ। ਇਹ 2027 ਵਿੱਚ $80 ਪ੍ਰਤੀ ਬੈਰਲ 'ਤੇ ਰਹਿਣਾ ਚਾਹੀਦਾ ਹੈ।" ਐਲਬਰਟ ਦੇ ਅਨੁਸਾਰ, ਭਵਿੱਖ ਦੇ ਅਨੁਮਾਨ ਦਰਸਾਉਂਦੇ ਹਨ ਕਿ ਅਗਲੇ ਸਾਲ ਲਈ ਕੀਮਤਾਂ ਪਹਿਲਾਂ ਦੇ ਅਨੁਮਾਨਾਂ ਨਾਲੋਂ ਵੱਧ ਰਹਿਣਗੀਆਂ।

ਭਾਰਤ 'ਤੇ ਪੱਛਮੀ ਏਸ਼ੀਆ ਸੰਕਟ ਦੇ ਪ੍ਰਭਾਵ ਬਾਰੇ ਬੋਲਦੇ ਹੋਏ, ਐਲਬਰਟ ਪਾਰਕ ਨੇ ਕਿਹਾ ਕਿ ਇਹ ਦੇਸ਼ ਦੀ GDP ਵਿਕਾਸ ਦਰ ਨੂੰ 0.6 ਪ੍ਰਤੀਸ਼ਤ ਘਟਾ ਦੇਵੇਗਾ, ਜਿਸ ਨਾਲ ਇਹ 6.3 ਪ੍ਰਤੀਸ਼ਤ ਹੋ ਜਾਵੇਗਾ। ਇਹ ਧਿਆਨ ਦੇਣ ਯੋਗ ਹੈ ਕਿ ਅਪ੍ਰੈਲ ਵਿੱਚ, ਏਸ਼ੀਆਈ ਵਿਕਾਸ ਬੈਂਕ ਨੇ ਅਨੁਮਾਨ ਲਗਾਇਆ ਸੀ ਕਿ ਭਾਰਤ ਦੀ GDP ਵਿਕਾਸ ਦਰ ਮੌਜੂਦਾ ਵਿੱਤੀ ਸਾਲ ਵਿੱਚ 6.9 ਪ੍ਰਤੀਸ਼ਤ 'ਤੇ ਮਜ਼ਬੂਤ ਰਹੇਗੀ, ਜਦੋਂ ਕਿ ਅਗਲੇ ਵਿੱਤੀ ਸਾਲ ਵਿੱਚ ਮਜ਼ਬੂਤ ਘਰੇਲੂ ਮੰਗ ਵਧ ਕੇ 7.3 ਪ੍ਰਤੀਸ਼ਤ ਹੋ ਜਾਵੇਗੀ। ਪਾਰਕ ਨੇ ਇਹ ਵੀ ਰਾਹਤ ਪ੍ਰਗਟ ਕੀਤੀ ਕਿ ਇਸ ਨਾਲ ਅਗਲੇ ਸਾਲ ਦੇਸ਼ ਦੀ ਵਿਕਾਸ ਦਰ ਮੁੜ ਪਟੜੀ 'ਤੇ ਆਵੇਗੀ।

ਭਾਰਤ ਦੀ GDP ਪ੍ਰਭਾਵਿਤ ਹੋਵੇਗੀ

ਮੱਧ ਪੂਰਬ ਯੁੱਧ ਅਤੇ ਕੱਚੇ ਤੇਲ ਦੀਆਂ ਉੱਚੀਆਂ ਕੀਮਤਾਂ ਨਾ ਸਿਰਫ਼ ਭਾਰਤ ਦੀ GDP ਨੂੰ ਪ੍ਰਭਾਵਿਤ ਕਰਨਗੀਆਂ, ਸਗੋਂ ਦੇਸ਼ ਵਿੱਚ ਇੱਕ ਵੱਡਾ ਮਹਿੰਗਾਈ ਝਟਕਾ ਵੀ ਪੈਦਾ ਕਰ ਸਕਦੀਆਂ ਹਨ। ਏਡੀਬੀ ਦੇ ਅਰਥਸ਼ਾਸਤਰੀਆਂ ਨੇ ਮੌਜੂਦਾ ਵਿੱਤੀ ਸਾਲ ਵਿੱਚ ਮਹਿੰਗਾਈ ਵਿੱਚ ਮਹੱਤਵਪੂਰਨ ਵਾਧੇ ਦੀ ਭਵਿੱਖਬਾਣੀ ਕੀਤੀ ਹੈ। 4.5 ਪ੍ਰਤੀਸ਼ਤ ਦੇ ਸ਼ੁਰੂਆਤੀ ਅਨੁਮਾਨ ਨੂੰ ਸੋਧ ਕੇ 6.9 ਪ੍ਰਤੀਸ਼ਤ ਕਰ ਦਿੱਤਾ ਗਿਆ ਹੈ, ਜਿਸਦਾ ਅਰਥ ਹੈ ਕਿ ਮਹਿੰਗਾਈ ਦਰ ਸਿੱਧੇ 2.4 ਪ੍ਰਤੀਸ਼ਤ ਵਧ ਸਕਦੀ ਹੈ। ਮਹਿੰਗਾਈ ਵਿੱਚ ਵਾਧੇ ਦੇ ਕਾਰਨਾਂ ਦੀ ਵਿਆਖਿਆ ਕਰਦੇ ਹੋਏ, ਉਨ੍ਹਾਂ ਨੇ ਨੋਟ ਕੀਤਾ ਕਿ ਭਾਰਤ ਆਯਾਤ ਕੀਤੇ ਤੇਲ ਅਤੇ ਗੈਸ 'ਤੇ ਬਹੁਤ ਜ਼ਿਆਦਾ ਨਿਰਭਰ ਹੈ। ਜੇਕਰ ਚੀਨ ਨੂੰ ਬਾਹਰ ਰੱਖਿਆ ਜਾਂਦਾ ਹੈ, ਤਾਂ ਇਸ ਸਾਲ ਵਿਕਾਸ 'ਤੇ ਨਕਾਰਾਤਮਕ 0.6 ਪ੍ਰਤੀਸ਼ਤ ਪ੍ਰਭਾਵ ਪੂਰੇ ਖੇਤਰ ਵਿੱਚ ਲਗਭਗ ਇੱਕੋ ਜਿਹਾ ਹੈ। ਅਰਥਸ਼ਾਸਤਰੀਆਂ ਦਾ ਕਹਿਣਾ ਹੈ ਕਿ ਖਾਦ ਦੀਆਂ ਵਧਦੀਆਂ ਕੀਮਤਾਂ ਕਿਸਾਨਾਂ ਨੂੰ ਘੱਟ ਵਰਤੋਂ ਕਰਨ ਲਈ ਮਜਬੂਰ ਕਰਨਗੀਆਂ, ਜਿਸ ਨਾਲ ਸਾਲ ਦੇ ਅੰਤ ਵਿੱਚ ਪੈਦਾਵਾਰ ਘੱਟ ਜਾਵੇਗੀ ਅਤੇ ਉਪਲਬਧਤਾ ਘੱਟ ਜਾਵੇਗੀ। ਇਸਦਾ ਸਿੱਧਾ ਪ੍ਰਭਾਵ ਭੋਜਨ ਦੀਆਂ ਕੀਮਤਾਂ 'ਤੇ ਪਵੇਗਾ, ਪਰ ਪ੍ਰਭਾਵ ਦੀ ਹੱਦ ਗੈਸ ਸਪਲਾਈ ਵਿੱਚ ਵਿਘਨ 'ਤੇ ਨਿਰਭਰ ਕਰੇਗੀ।

ਭਾਰਤ ਵਿੱਚ ਵੀ ਬਹੁਤ ਸਾਰੇ ਭਰੋਸੇਯੋਗ ਦਾਅਵੇ ਹਨ। ਸਭ ਤੋਂ ਮਸ਼ਹੂਰ ਜਗ੍ਹਾ ਭਾਰਤ-ਚੀਨ ਸਰਹੱਦ 'ਤੇ ਲੱਦਾਖ ਵਿੱਚ ਕੋਂਗਕਾ ਲਾ ਪਾਸ ਹੈ। ਸਥਾਨਕ ਲੋਕਾਂ ਅਤੇ ਕੁਝ ਭਾਰਤੀ ਫੌਜ ਦੇ ਜਵਾਨਾਂ ਨੇ ਵਾਰ-ਵਾਰ ਦਾਅਵਾ ਕੀਤਾ ਹੈ ਕਿ ਉੱਥੇ ਪਹਾੜਾਂ ਤੋਂ ਅਜੀਬ ਉੱਡਣ ਤਸ਼ਤਰੀਆਂ ਨਿਕਲਦੀਆਂ ਹਨ, ਕੁਝ ਸਮੇਂ ਲਈ ਅਸਮਾਨ ਵਿੱਚ ਘੁੰਮਦੀਆਂ ਹਨ, ਅਤੇ ਫਿਰ ਅਲੋਪ ਹੋ ਜਾਂਦੀਆਂ ਹਨ। ਕੁਝ ਰਿਪੋਰਟਾਂ ਤਾਂ ਇਹ ਵੀ ਦੱਸਦੀਆਂ ਹਨ ਕਿ ਉੱਥੇ ਇੱਕ ਗੁਪਤ ਭੂਮੀਗਤ ਅਧਾਰ ਹੋ ਸਕਦਾ ਹੈ। 2023 ਵਿੱਚ, ਮਨੀਪੁਰ ਦੇ ਇੰਫਾਲ ਹਵਾਈ ਅੱਡੇ 'ਤੇ ਇੱਕ UFO ਦੇਖਿਆ ਗਿਆ ਸੀ। ਕਈ ਉਡਾਣਾਂ ਨੂੰ ਜ਼ਮੀਨਦੋਜ਼ ਕਰ ਦਿੱਤਾ ਗਿਆ ਸੀ, ਅਤੇ ਹਵਾਈ ਸੈਨਾ ਨੂੰ ਸੁਚੇਤ ਕੀਤਾ ਗਿਆ ਸੀ। ਕੁਝ ਸਾਲ ਪਹਿਲਾਂ, ਦਿੱਲੀ, ਮੁੰਬਈ, ਚੇਨਈ ਅਤੇ ਉੱਤਰਾਖੰਡ ਦੇ ਪਹਾੜੀ ਖੇਤਰਾਂ ਦੇ ਲੋਕਾਂ ਨੇ ਸੋਸ਼ਲ ਮੀਡੀਆ 'ਤੇ ਚਮਕਦੀਆਂ ਲਾਈਟਾਂ ਅਤੇ ਤੇਜ਼ੀ ਨਾਲ ਚੱਲਣ ਵਾਲੀਆਂ ਵਸਤੂਆਂ ਦੀਆਂ ਫੋਟੋਆਂ ਅਤੇ ਵੀਡੀਓ ਵੀ ਸਾਂਝੇ ਕੀਤੇ ਸਨ। ਹਾਲਾਂਕਿ, ਹਵਾਈ ਸੈਨਾ ਅਤੇ ਸਰਕਾਰ ਨੇ ਇਹਨਾਂ ਵਿੱਚੋਂ ਜ਼ਿਆਦਾਤਰ ਘਟਨਾਵਾਂ ਨੂੰ ਖਾਰਜ ਕਰ ਦਿੱਤਾ, ਉਨ੍ਹਾਂ ਨੂੰ ਫੌਜੀ ਡਰੋਨ ਜਾਂ ਮੌਸਮ ਨਾਲ ਸਬੰਧਤ ਘਟਨਾਵਾਂ ਕਿਹਾ। ਸੰਯੁਕਤ ਰਾਜ ਅਮਰੀਕਾ ਵਿੱਚ ਦੁਨੀਆ ਵਿੱਚ ਸਭ ਤੋਂ ਵੱਧ UFO ਰਿਪੋਰਟਾਂ ਹਨ, ਖਾਸ ਕਰਕੇ ਏਰੀਆ 51 ਦੇ ਆਲੇ ਦੁਆਲੇ ਮਾਰੂਥਲ ਖੇਤਰ ਵਿੱਚ। ਹਰ ਸਾਲ ਸੰਯੁਕਤ ਰਾਜ ਅਮਰੀਕਾ ਵਿੱਚ ਹਜ਼ਾਰਾਂ ਮਾਮਲੇ ਦਰਜ ਕੀਤੇ ਜਾਂਦੇ ਹਨ। ਇਸ ਤੋਂ ਬਾਅਦ ਬ੍ਰਾਜ਼ੀਲ, ਚਿਲੀ, ਯੂਨਾਈਟਿਡ ਕਿੰਗਡਮ, ਕੈਨੇਡਾ, ਆਸਟ੍ਰੇਲੀਆ ਅਤੇ ਰੂਸ ਆਉਂਦੇ ਹਨ। ਸੰਯੁਕਤ ਰਾਜ ਅਮਰੀਕਾ ਵਿੱਚ ਰਿਪੋਰਟਾਂ ਦੀ ਵੱਡੀ ਗਿਣਤੀ ਇਸਦੇ ਖੁੱਲ੍ਹੇ ਰਿਪੋਰਟਿੰਗ ਸਿਸਟਮ, ਹਾਲੀਵੁੱਡ ਫਿਲਮਾਂ ਦੇ ਪ੍ਰਭਾਵ ਅਤੇ ਜਨਤਕ ਸਰਗਰਮੀ ਨੂੰ ਜ਼ਿੰਮੇਵਾਰ ਠਹਿਰਾਉਂਦੀ ਹੈ। ਇਸ ਦੌਰਾਨ, ਅਫਰੀਕਾ ਅਤੇ ਏਸ਼ੀਆ ਦੇ ਬਹੁਤ ਸਾਰੇ ਵਿਕਾਸਸ਼ੀਲ ਦੇਸ਼ਾਂ ਵਿੱਚ ਘਟਨਾਵਾਂ ਵਾਪਰਦੀਆਂ ਹਨ, ਪਰ ਲੋਕ ਡਰਦੇ ਹੋਏ ਉਨ੍ਹਾਂ ਦੀ ਰਿਪੋਰਟ ਕਰਨ ਤੋਂ ਪਰਹੇਜ਼ ਕਰਦੇ ਹਨ। ਕੁਝ ਦੇਸ਼ਾਂ ਵਿੱਚ, ਸਰਕਾਰਾਂ ਇਨ੍ਹਾਂ ਘਟਨਾਵਾਂ ਨੂੰ ਗੁਪਤ ਰੱਖਦੀਆਂ ਹਨ। ਇੰ

ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਕਣਕ ਦੇ ਨਾੜ ਨੂੰ ਅੱਗ ਨਾ ਲਗਾਈ ਜਾਵੇ : ਡੀ.ਸੀ.

ਅੰਮ੍ਰਿਤਸਰ, 11 ਮਈ (ਬਬਲੂ ਮਹਾਜਨ) : ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਣਕ ਦੇ ਨਾੜ ਨੂੰ ਅੱਗ ਬਿਲਕੁੱਲ ਨਾ ਲਗਾਉਣ। ਉਨ੍ਹਾਂ ਕਿਹਾ ਕਿ ਨਾੜ ਨੂੰ ਅੱਗ ਲਗਾਉਣ ਨਾਲ ਨਾਈਟਰੋਜਨ, ਫਾਸਫੋਰਸ ਅਤੇ ਪੁਟਾਸ਼ ਤੋਂ ਇਲਾਵਾ ਵੱਡੀ ਮਾਤਰਾ ਵਿੱਚ ਲਘੂ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਇਸ ਦੇ ਨਾਲ ਜ਼ਹਿਰੀਲੀਆਂ ਗੈਸਾਂ ਜਿਵੇਂ ਕਾਰਬਨ ਡਾਈਆਕਸਾਈਡ, ਕਾਰਬਨ ਮੋਨੋਆਕਸਾਈਡ, ਮੀਥੇਨ, ਨਾਈਟਰਸ ਆਕਸਾਈਡ ਆਦਿ ਪੈਦਾ ਹੁੰਦੀਆਂ ਹਨ, ਜਿਸ ਕਾਰਨ ਮਨੁੱਖਾਂ ਵਿੱਚ ਸਾਹ, ਅੱਖਾਂ ਵਿੱਚ ਜਲਣ ਅਤੇ ਚਮੜੀ ਦੇ ਰੋਗਾਂ ਦਾ ਖਤਰਾ ਪੈਦਾ ਹੋ ਜਾਂਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਸ਼ਵ ਪੱਧਰ ਤੇ ਆਲਮੀ ਤਪਸ਼ ਵਧਣ ਨਾਲ ਹੋ ਰਹੀਆਂ ਮੌਸਮੀ ਤਬਦੀਲੀਆਂ ਦੇ ਪ੍ਰਤੀਕੂਲ ਪ੍ਰਭਾਵ ਪਿਛਲੇ ਸਾਲਾਂ ਦੌਰਾਨ ਫਸਲਾਂ ਦੀ ਕਾਸ਼ਤ ਉੱਪਰ ਪ੍ਰਤੱਖ ਰੂਪ ਵਿੱਚ ਦੇਖਣ ਨੂੰ ਮਿਲ ਰਹੇ ਹਨ, ਜਿਸ ਦੇ ਨਤੀਜੇ ਵਜੋਂ ਬੇਮੌਸਮੀ ਬਰਸਾਤਾਂ ਨਾਲ ਅਚਨਚੇਤ ਹੜ੍ਹ ਆ ਰਹੇ ਹਨ ਅਤੇ ਦਿਨ ਦਾ ਤਾਪਮਾਨ ਵਧਣ ਕਾਰਨ ਸੋਕੇ ਵਰਗੀਆਂ ਸਥਿਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਤੀ ਮਾਹਿਰਾਂ ਅਨੁਸਾਰ ਮੌਸਮੀ ਤਬਦੀਲੀਆਂ ਕਾਰਨ ਫ਼ਸਲਾਂ ਨੂੰ ਲੱਗਣ ਵਾਲੇ ਕੀੜਿਆਂ ਮਕੌੜਿਆਂ ਅਤੇ ਬਿਮਾਰੀਆਂ ਵਿੱਚ ਬਦਲਾਅ ਵੀ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਖੇਤੀਬਾੜੀ ਨੂੰ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਵਾਤਾਵਰਣ ਪੱਖੀ ਖੇਤੀ ਤਕਨੀਕਾਂ ਨੂੰ ਤਰਜੀਹ ਦੇਣੀ ਪਵੇਗੀ।

ਵੰਦੇ ਮਾਤਰਮ ਨੂੰ ਲਾਜ਼ਮੀ ਬਣਾਉਣ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪੱਤਰ

ਇਮਾਨ ਸਿੰਘ ਮਾਨ ਨੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਘੇਰਿਆ, ਵੰਦੇ ਮਾਤਰਮ ਨੂੰ ਸਿੱਖ ਰੀਤਾਂ ਦੇ ਉਲਟ ਦੱਸਿਆ

ਅੰਮ੍ਰਿਤਸਰ, 11 ਮਈ (ਬਬਲੂ ਮਹਾਜਨ): ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਅੱਜ ਆਪਣੇ ਸਾਥੀਆਂ ਸਮੇਤ ਦਫ਼ਤਰ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਹੈੱਡ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਦੇ ਨਾਮ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ ਵਿੱਚ ਕੇਂਦਰ ਸਰਕਾਰ ਵੱਲੋਂ ਰਾਸ਼ਟਰੀ ਸਨਮਾਨ ਦੇ ਅਪਮਾਨ ਨੂੰ ਰੋਕਣ ਵਾਲਾ ਐਕਟ 1971 ਦੇ ਤਹਿਤ ਵੰਦੇ ਮਾਤਰਮ ਗਾਣੇ ਨੂੰ ਲਾਜ਼ਮੀ ਬਣਾਉਣ ਦੇ ਫ਼ੈਸਲੇ ਦੀ ਕਾਨੂੰਨੀ ਜਾਇਜ਼ਤਾ 'ਤੇ ਸਵਾਲ ਚੁੱਕਦਿਆਂ ਇਸ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਮਾਨ ਸਿੰਘ ਮਾਨ ਨੇ ਕਿਹਾ ਕਿ 6 ਮਈ ਨੂੰ ਕੇਂਦਰੀ ਕੈਬਨਿਟ ਵੱਲੋਂ ਲਏ ਗਏ ਫ਼ੈਸਲੇ ਅਨੁਸਾਰ ਜੇਕਰ ਕੋਈ ਵਿਅਕਤੀ ਵੰਦੇ ਮਾਤਰਮ ਦਾ ਨਿਰਾਦਰ ਕਰਦਾ ਹੈ ਤਾਂ ਉਸ ਨੂੰ ਤਿੰਨ ਸਾਲ ਤੱਕ ਦੀ ਸਜ਼ਾ ਅਤੇ ਜੁਰਮਾਨਾ ਹੋ ਸਕਦਾ ਹੈ, ਜਦਕਿ ਸਕੂਲਾਂ ਵਿੱਚ ਇਸਨੂੰ ਲਾਜ਼ਮੀ ਬਣਾਉਣ ਨਾਲ ਸਿੱਖ ਬੱਚਿਆਂ ਨੂੰ ਵੀ ਇਹ ਗਾਉਣ ਲਈ ਮਜਬੂਰ ਕੀਤਾ ਜਾਵੇਗਾ। ਉਨ੍ਹਾਂ ਦਲੀਲ ਦਿੱਤੀ ਕਿ ਵੰਦੇ ਮਾਤਰਮ ਵਿੱਚ ਭਾਰਤ ਦੀ ਤੁਲਨਾ ਦੁਰਗਾ ਮਾਤਾ ਨਾਲ ਕੀਤੀ ਗਈ ਹੈ, ਜੋ ਸਿੱਖ ਧਰਮ ਦੇ ਇਕ ਓਅੰਕਾਰ ਅਤੇ ਮੂਰਤੀ ਪੂਜਾ ਵਿਰੋਧੀ ਸਿਧਾਂਤਾਂ ਦੇ ਉਲਟ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨਾਲ ਇੰਦਰਜੀਤ ਸਿੰਘ ਅਤੇ ਜਸਪਾਲ ਸਿੰਘ ਵੀ ਮੌਜੂਦ ਸਨ, ਜਿਨ੍ਹਾਂ ਨੂੰ ਮੋਗਾ ਵਿੱਚ ਖਾਲਸਾਈ ਝੰਡਾ ਚੜ੍ਹਾਉਣ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਜੋ ਸਜ਼ਾ ਪੂਰੀ ਕਰਨ ਤੋਂ ਬਾਅਦ ਅਦਾਲਤ ਵੱਲੋਂ ਰਿਹਾਅ ਹੋ ਚੁੱਕੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਸਿੱਖ ਧਰਮ ਨੂੰ ਹਿੰਦੂ ਧਰਮ ਵਿੱਚ ਰਲਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਇਮਾਨ ਸਿੰਘ ਮਾਨ ਨੇ ਬੇਅਦਬੀ ਕਾਨੂੰਨ ਬਾਰੇ ਕਿਹਾ ਕਿ ਇਸ ਤਰ੍ਹਾਂ ਦਾ ਕਾਨੂੰਨ ਪਹਿਲਾਂ ਸ਼੍ਰੋਮਣੀ ਕਮੇਟੀ ਤੋਂ ਅਤੇ ਫਿਰ ਵਿਧਾਨ ਸਭਾ ਵਿੱਚ ਪਾਸ ਹੋਣਾ ਚਾਹੀਦਾ ਸੀ। ਉਨ੍ਹਾਂ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤੇ ਕਾਨੂੰਨ ਨੂੰ ਅਸਵੀਕਾਰਯੋਗ ਕਰਾਰ ਦਿੱਤਾ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ 'ਤੇ ਵੀ ਤਿੱਖੇ ਸ਼ਬਦੀ ਹਮਲੇ ਕਰਦਿਆਂ ਕਿਹਾ ਕਿ ਧਾਰਾ 87 ਦੇ ਬਾਵਜੂਦ ਐਸਜੀਪੀਸੀ ਚੋਣਾਂ ਨਾ ਕਰਵਾ ਕੇ ਸਿੱਖ ਲੋਕਤੰਤਰ ਨੂੰ ਨੁਕਸਾਨ ਪਹੁੰਚਾਇਆ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਬੇਅਦਬੀ ਮਾਮਲਿਆਂ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਬਜਾਏ ਸਰਕਾਰ ਸ਼ੁਕਰਾਨਾ ਯਾਤਰਾ ਕੱਢ ਰਹੀ ਹੈ, ਜੋ ਗੰਭੀਰ ਮਸਲੇ ਦਾ ਮਜ਼ਾਕ ਬਣਾਉਣ ਦੇ ਬਰਾਬਰ ਹੈ।ਅੰਮ੍ਰਿਤਸਰ ਨੂੰ ਅਧਿਆਤਮਿਕ ਸ਼ਹਿਰ ਬਣਾਉਣ ਦੇ ਮਾਮਲੇ 'ਤੇ ਵੀ ਉਨ੍ਹਾਂ ਕਿਹਾ ਕਿ ਜਦ ਤੱਕ ਮੁੱਖ ਮੰਤਰੀ ਸ਼ਰਾਬ ਨਹੀਂ ਛੱਡਦੇ, ਤਦ ਤੱਕ ਇਹ ਦਾਅਵਾ ਅਮਲੀ ਰੂਪ ਨਹੀਂ ਲੈ ਸਕਦਾ।ਇਸ ਮੌਕੇ ਅਮਰੀਕ ਸਿੰਘ ਨੰਗਲ ਕੁਲਵੰਤ ਸਿੰਘ ਕੋਟਲਾ ਹਰਮਨਦੀਪ ਸਿੰਘ ਸੁਲਤਾਨਵਿੰਡ ਰਵੀਸ਼ੇਰ ਸਿੰਘ ਮਨਕੀਰਤ ਸਿੰਘ ਬੀਬੀ ਕੁਲਵਿੰਦਰ ਕੌਰ ਤੇ ਹੋਰ ਹਾਜ਼ਰ ਸਨ।

ਕੈਂਬਰਿਜ ਇੰਟਰਨੈਸ਼ਨਲ ਸਕੂਲ ਵਿੱਚ ਮਨਾਇਆ ਮਾਂ ਦਿਵਸ

ਲੋਹੀਆਂ ਖਾਸ, 10 ਮਈ (ਸਬਪ੍ਰੀਤ ਸਿੰਘ) :ਸੁਲਤਾਨਪੁਰ ਲੋਧੀ ਵਿੱਚ ਆਪਣੀ ਵਿਲੱਖਣ ਪਹਿਚਾਣ ਰੱਖਣ ਵਾਲੇ ਸਕੂਲ ਕੈਂਬਰਿਜ ਇੰਟਰਨੈਸ਼ਨਲ ਸਕੂਲ ਸੁਲਤਾਨਪੁਰ ਲੋਧੀ ਦੇ ਵਿਹੜੇ ਵਿਚ ਭਾਵਨਾਤਮਿਕ ਤੌਰ ਮਾਂ ਦਿਵਸਮਨਾਇਆ ਗਿਆ। ਇਸ ਦੌਰਾਨ ਸਕੂਲ ਦੇ ਮੁੱਖ ਪ੍ਰਬੰਧਕ ਮੈਡਮ ਕਮਲਪ੍ਰੀਤ ਕੌਰ ਨੇ ਮਾਂ ਦੀ ਮਮਤਾ ਨੂੰ ਗਹਿਰਾਈ ਨਾਲ ਮਹਿਸੂਸ ਕਰਦੇ ਹੋਏ ਕਿਹਾ ਕਿ ਮਾਂ ਦੀ ਮਮਤਾ ਨੂੰ ਹੋਰ ਵੀ ਗਹਿਰਾਈ ਨਾਲ ਮਾਨਣ ਵਾਸਤੇ ਵਿਸ਼ਵ ਨੇ ਮਾਂ ਦਿਵਸ ਈਜਾਦ ਕੀਤਾ, ਭਾਵੇ ਕਿ ਮਾਂ ਦੀ ਮਮਤਾ ਹਰ ਵਕਤ ਹੀ ਬੋਹੜ ਦੀ ਛਾਂ ਵਾਂਗ ਹੁੰਦੀ ਹੈ। ਪਰ ਇਸ ਦਿਨ ਨੂੰ ਮਾਂ ਦੀ ਮਮਤਾ ਨਾਲ ਜੋੜ ਕੇ ਮਾਂ ਦੇ ਮਹੱਤਵ ਵਿਚ ਹੋਰ ਵੀ ਵਾਧਾ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਜਦ ਕਿ ਸਕੂਲ ਦੇ ਐਮ ਡੀ ਮੈਡਮ ਨਵਜੋਤ ਕੌਰ ਤੇ ਪ੍ਰਿੰਸੀਪਲ ਰਾਜਬੀਰ ਕੌਰ ਸੈਣੀ ਨੇ ਕਿਹਾ ਕਿ ਮਾਂ ਰੱਬ ਤੋਂ ਬਾਅਦ ਉਸ ਦਾ ਦੂਜਾ ਪਵਿੱਤਰ ਰੂਪ ਹੈ, ਜੋ ਕਿ ਰੱਬ ਦੀ ਨਿਆਈ ਪੂਜਣ ਯੋਗ ਹੈ। ਪ੍ਰੋਗਰਾਮ ਦੀ ਸ਼ੁਰੂਆਤ ਕਲਾਸ ਬਾਰਵੀਂ ਦੀਆਂ ਵਿਦਿਆਰਥਣਾਂ ਅਵਲੀਨ ਕੌਰ ਤੇ ਮਨਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤੀ ਭਾਸਣ ਕਰਕੇ ਕੀਤੀ। ਇਸ ਤੋਂ ਬਾਅਦ ਕਲਾਸ ਦਸਵੀਂ ਦੇਵਿਦਿਆਰਥੀਆਂ ਨੇ ਆਪਣੀ ਪੇਸ਼ਕਾਰੀ ਕਰਕੇ ਆਏ ਹੋਏ ਮਹਿਮਾਨਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਕਲਾਸ ਪਹਿਲੀ ਤੋਂ ਲੈ ਕੇ ਪੰਜਵੀਂ ਜਮਾਤ ਦੇ ਨੰਨ੍ਹੇ ਮੁੰਨਿਆਂ ਨੇ ਮਮਤਾ ਦੇ ਸਾਏ ਹੇਠ ਮਨ ਨੂੰ ਮੋਹ ਲੈਣ ਵਾਲੀਆਂ ਪੇਸ਼ਕਾਰੀਆਂ ਕੀਤੀਆਂ। ਜਿਨਾਂ ਵਿੱਚ ਕਲਾਸ ਤੀਜੀ ਦੀ ਵਿਦਿਆਰਥਣ ਐਸ਼ਮੀਨ ਕੌਰ ਦੁਆਰਾ ਮਾਂ ਦੀ ਮਮਤਾ ਪ੍ਰਤੀ ਬੋਲੀ ਕਵਿਤਾ ਖੂਬ ਰਹੀ ਤੇ ਆਏ ਹੋਏ ਮਹਿਮਾਨਾਂ ਨੂੰ ਭਾਵੁਕ ਕਰ ਦਿੱਤਾ। ਇਸ ਮੌਕੇ ਤੇ ਮਾਵਾਂ ਤੇ ਬੱਚਿਆਂ ਵੱਲੋਂ ਸਾਂਝੇ ਤੌਰ ਤੇ ਖੇਡਾਂ ਵੀ ਕਰਵਾਈਆਂ ਗਈਆਂ, ਜੋ ਮਨੋਰੰਜਨ ਦਾ ਭਰਪੂਰ ਸਾਧਨ ਸਾਬਤ ਹੋਈਆਂ।

ਅੰਮ੍ਰਿਤਸਰ ਪੰਜਾਬ ਭਰ ਵਿੱਚੋਂ ਮੋਹਰੀ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਜ਼ਿਲ੍ਹਾ

ਅੰਮ੍ਰਿਤਸਰ, 11 ਮਈ (ਬਬਲੂ ਮਹਾਜਨ): ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਨੇ ਬਾਜ਼ੀ ਮਾਰੀ ਹੈ। ਦਸਵੀਂ ਜਮਾਤ ਦੇ ਇਮਤਿਹਾਨ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਦੇ 26,443 ਹਾਜ਼ਰ ਵਿਦਿਆਰਥੀਆਂ ਵਿੱਚੋਂ 26,022 ਵਿਦਿਆਰਥੀ ਪਾਸ ਹੋਏ ਹਨ ਅਤੇ ਜ਼ਿਲ੍ਹੇ ਦੀ ਪਾਸ ਪ੍ਰਤੀਸ਼ਤਤਾ 98.41 ਰਹੀ ਹੈ, ਜੋ ਕਿ ਸਾਰੇ ਪੰਜਾਬ ਵਿੱਚੋਂ ਪਹਿਲੇ ਸਥਾਨ 'ਤੇ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਰਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਇਹ ਸ਼ਾਨਦਾਰ ਉਪਲੱਬਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ, ਦੂਰਦਰਸ਼ੀ ਸੋਚ ਅਤੇ ਸਕੂਲ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਦੀਆਂ ਪ੍ਰਭਾਵਸ਼ਾਲੀ ਨੀਤੀਆਂ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਇਸ ਸਫਲਤਾ ਵਿੱਚ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਦੀ ਯੋਗ ਅਗਵਾਈ, ਲਗਾਤਾਰ ਮਾਰਗਦਰਸ਼ਨ ਅਤੇ ਸਿੱਖਿਆ ਪ੍ਰਤੀ ਵਚਨਬੱਧਤਾ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਉਨ੍ਹਾਂ ਦੇ ਸਹਿਯੋਗ ਅਤੇ ਪ੍ਰੇਰਣਾ ਸਦਕਾ ਜ਼ਿਲ੍ਹਾ ਅੰਮ੍ਰਿਤਸਰ ਨੇ ਸਿੱਖਿਆ ਖੇਤਰ ਵਿੱਚ ਇੱਕ ਨਵਾਂ ਮਾਪਦੰਡ ਸਥਾਪਿਤ ਕੀਤਾ ਹੈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਰਾਜੇਸ਼ ਕੁਮਾਰ ਸ਼ਰਮਾ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਰਾਜੇਸ਼ ਖੰਨਾ ਨੇ ਜ਼ਿਲ੍ਹੇ ਦੇ ਸਮੂਹ ਸਕੂਲ ਮੁਖੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਲਈ ਵਧਾਈ ਦਿੱਤੀ ਹੈ।

ਸੂਫ਼ੀ ਸੰਤ ਸਮਾਜ ਯੂਥ ਵਿੰਗ ਨੇ ਨਸ਼ਾ ਵਿਰੋਧੀ ਸਮਾਰੋਹ ਕਰਵਾਇਆ

ਖਡੂਰ ਸਾਹਿਬ, 11 ਮਈ (ਸਰਬਜੀਤ ਸਿੰਘ ਮੀਆਂ ਵਿੰਡ):ਹਲਕਾ ਖਡੂਰ ਸਾਹਿਬ ਦੇ ਆਉਂਦੇ ਅਧੀਨ ਪਿੰਡ ਢੋਟੀਆਂ ਵਿਖੇ ਵਿਸ਼ਵ ਸੂਫ਼ੀ ਸੰਤ ਸਮਾਜ ਯੂਥ ਵਿੰਗ ਪੰਜਾਬ ਪ੍ਰਧਾਨ ਬਾਬਾ ਪਰਮਿੰਦਰ ਸਿੰਘ ਸਰਹਾਲੀ ਅਤੇ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਸ਼ਾਲੂ ਸ਼ਾਹ ਜੀ ਕਾਦਰੀ, ਬਾਬਾ ਗੁਰਪਾਲ ਸ਼ਾਹ ਜੀ ਕਾਦਰੀ ਦੀ ਦੇਖ ਰੇਖ ਹੇਠ ਦਰਬਾਰ ਹਜ਼ਰਤ ਪੀਰ ਬਾਬਾ ਰਮਜ਼ਾਨ ਸ਼ਾਹ ਜੀ ਨੌਸ਼ਾਹੀ ਕਾਦਰੀ ਢੋਟੀਆਂ ਜ਼ਿਲ੍ਹਾ ਤਰਨ ਤਾਰਨ ਵਿਖੇ ਸੰਤ ਸਮਾਜ ਏਕਤਾ ਮੁਹਿੰਮ ਅਤੇ ਪੰਜਾਬ ਬਚਾਓ, ਨੌਜਵਾਨੋ ਨਸ਼ਾ ਵਿਰੋਧੀ ਮੁਹਿੰਮ ਨੂੰ ਮਜ਼ਬੂਤ ਕਰਨ ਲਈ ਆਯੋਜਿਤ ਕੀਤਾ ਗਿਆ।ਇਸ ਸਮਾਰੋਹ ਵਿੱਚ ਵਿਸ਼ੇਸ ਤੌਰ 'ਤੇ ਵਿਸ਼ਵ ਸੂਫ਼ੀ ਸੰਤ ਸਮਾਜ ਦੇ ਪੰਜਾਬ ਪ੍ਰਧਾਨ ਬਾਬਾ ਦੀਪਕ ਸ਼ਾਹ ਜੀ ਚੇਅਰਮੈਨ ਸੰਤ ਸਮਾਜ ਵੈਲਫੇਅਰ ਬੋਰਡ ਪੰਜਾਬ, ਬਾਬਾ ਸ਼ਿੰਗਾਰਾ ਜੀ, ਅਤੇ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਸ਼ਮੂਲੀਅਤ ਕੀਤੀ।ਸਮਾਰੋਹ ਦੌਰਾਨ ਬੋਲਦੇ ਹੋਏ ਨੇ ਕਿਹਾ ਕਿ ਨਸ਼ਾ ਸਮਾਜ ਅਤੇ ਪਰਿਵਾਰਾਂ ਨੂੰ ਖੋਖਲਾ ਕਰ ਰਿਹਾ ਹੈ, ਜਿਸ ਨੂੰ ਰੋਕਣ ਲਈ ਧਾਰਮਿਕ ਅਤੇ ਸਮਾਜਿਕ ਸੰਗਠਨਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ।ਯੂਥ ਵਿੰਗ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਬਚਾਓ, ਨੌਜਵਾਨੋ ਮੁਹਿੰਮ ਤਹਿਤ ਪਿੰਡਾਂ ਅਤੇ ਸ਼ਹਿਰਾਂ ਵਿੱਚ ਲਗਾਤਾਰ ਜਾਗਰੂਕਤਾ ਪ੍ਰੋਗਰਾਮ ਕੀਤੇ ਜਾ ਰਹੇ ਹਨ, ਤਾਂ ਜੋ ਨੌਜਵਾਨਾਂ ਨੂੰ ਸਿੱਖਿਆ, ਖੇਡਾਂ ਅਤੇ ਸਮਾਜਿਕ ਗਤੀਵਿਧੀਆਂ ਨਾਲ ਜੋੜਿਆ ਜਾ ਸਕੇ। ਇਸ ਮੌਕੇ ਸੰਸਥਾ ਦੇ ਚੀਫ਼ ਅਡਵਾਈਜ਼ਰ ਗੁਰਲਾਲ ਰੂਹਾਨੀ ਜੀ, ਪੰਜਾਬ ਪ੍ਰਮੋਟਰ ਪਾਰਸ ਸਾਬਰੀ ਜੀ, ਰਜਿੰਦਰ ਸਿੰਘ ਜੀ ਸਰਹਾਲੀ, ਜ਼ਿਲ੍ਹਾ ਪ੍ਰਧਾਨ ਬਾਬਾ ਕਰਨ ਸ਼ਾਹ ਜੀ ਤਰਨ ਤਾਰਨ, ਜ਼ਿਲ੍ਹਾ ਦਿਹਾਤੀ ਪ੍ਰਧਾਨ ਦੀਪ ਮਲੀਆ, ਸ੍ਰੀ ਗੁਰੂ ਅਰਜਨ ਦੇਵ ਖੂਨਦਾਨ ਸੇਵਾ ਸੋਸਾਇਟੀ ਦੇ ਪੰਜਾਬ ਪ੍ਰਧਾਨ ਮੇਜਰ ਸਿੰਘ, ਡਾਕਟਰ ਸਤਨਾਮ ਸਿੰਘ ਚੌਹਲਾ ਸਾਹਿਬ, ਹਰਭਾਗ ਸਿੰਘ ਜੀ ਰਾਠੌਰ ਗੋਇੰਦਵਾਲ ਸਾਹਿਬ, ਰਿੰਕੂ ਸਾਬਰੀ, ਪਰਦੀਪ ਕਾਂਸਰਾ ਜੀ, ਵਿੱਕੀ ਜੀ ਅੰਮ੍ਰਿਤਸਰ, ਬਾਬਾ ਕਾਲੇ ਸ਼ਾਹ ਜੀ ਤਰਨ ਤਾਰਨ ਅਤੇ ਹੋਰ ਸੰਤ ਮਹਾਂਪੁਰਸ਼ ਹਾਜ਼ਰ ਸਨ।

ਕਿਸਾਨਾਂ ਨੇ ਡੀ.ਐਸ.ਪੀ. ਦਫ਼ਤਰ ਦਾ ਘਿਰਾਓ ਕਰਕੇ ਕੀਤੀ ਨਾਅਰੇਬਾਜ਼ੀ

ਚੌਗਾਵਾਂ, 11 ਮਈ (ਸੁਬੇਗ ਸਿੰਘ ਸੋਨਾ): ਅੱਜ ਕਿਸਾਨ ਨੌਜਵਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਬਚਿੱਤਰ ਸਿੰਘ ਕੋਟਲਾ ਦੀ ਅਗਵਾਈ ਹੇਠ ਕਿਸਾਨਾਂ ਨੇ ਡੀਐਸਪੀ ਦਫਤਰ ਚੌਗਾਵਾਂ ਦਾ ਘਿਰਾਓ ਕਰਕੇ ਸਖਤ ਸ਼ਬਦਾਂ ਵਿੱਚ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸੂਬਾ ਪ੍ਰਧਾਨ ਬਚਿੱਤਰ ਸਿੰਘ ਕੋਟਲਾ ਨੇ ਕਿਹਾ ਕਿ ਡੀ.ਐਸ.ਪੀ. ਦਫਤਰ ਅਧੀਨ ਆਉਂਦੇ ਪੁਲਿਸ ਥਾਣਾ ਰਾਜਾ ਸਾਂਸੀ, ਲੋਪੋਕੇ, ਭਿੰਡੀ ਸੈਦਾਂ ਵਿਖੇ ਸਿਆਸੀ ਸ਼ਹਿ ਦੇ ਪਿੰਡਾਂ ਦੇ ਘੜੰਮ ਚੌਧਰੀਆਂ ਵੱਲੋਂ 15 ਤੋਂ ਉੱਪਰ ਨਜਾਇਜ਼ ਮੁਕਦਮੇਂ ਕਰਵਾਏ ਗਏ। ਪਿੰਡ ਮੋਹਲੇਕੇ ਦੇ ਇੱਕ ਕਿਸਾਨ ਆਗੂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਵੀ ਭੇਜ ਦਿੱਤਾ ਗਿਆ। ਜਿਸ ਦਾ ਅਸੀਂ ਸਖ਼ਤ ਵਿਰੋਧ ਕਰਦੇ ਹਾਂ। ਉਨ੍ਹਾਂ ਇਕ ਸੁਰ

ਰੋਜ਼ਾਨਾ ਚੜ੍ਹਦੀਕਲਾ
ਸਿਹਤ ਖ਼ਬਰਨਾਮਾ



ਗਰਮੀਆਂ 'ਚ ਠੰਡਾ ਪਾਣੀ ਪੀਣਾ ਕਿੰਨਾ ਕੁ ਹੈ ਸਹੀ?

ਗਰਮੀਆਂ ਦੇ ਮੌਸਮ ਵਿਚ ਸਰੀਰ ਨੂੰ ਹਾਈਡਰੇਟ ਰੱਖਣਾ ਬਹੁਤ ਜ਼ਰੂਰੀ ਹੁੰਦਾ ਹੈ ਜਿਸ ਕਾਰਨ ਲੋਕ ਬਹੁਤ ਸਾਰਾ ਪਾਣੀ ਪੀਂਦੇ ਹਨ। ਮਾਹਿਰਾਂ ਮੁਤਾਬਕ ਆਪਣੇ ਸਰੀਰ ਦੀ ਬਿਹਤਰ ਹਾਈਡ੍ਰੇਸ਼ਨ ਬਣਾਈ ਰੱਖਣ ਲਈ, ਰੋਜ਼ਾਨਾ 3-4 ਲੀਟਰ ਪਾਣੀ ਪੀਣਾ ਚਾਹੀਦਾ ਹੈ। ਵੈਸੇ ਤਾਂ ਗਰਮੀਆਂ ਦੇ ਮੌਸਮ 'ਚ ਲੋਕਾਂ ਨੂੰ ਠੰਡਾ ਪਾਣੀ ਬਹੁਤ ਪਸੰਦ ਹੁੰਦਾ ਹੈ ਅਤੇ ਉਹ ਇਸਨੂੰ ਫਰਿੱਜ 'ਚ ਰੱਖ ਕੇ ਠੰਡਾ ਕਰਕੇ ਪੀਂਦੇ ਹਨ। ਇਸਤੋਂ ਇਲਾਵਾ ਕੁਝ ਲੋਕ ਪਾਣੀ 'ਚ ਬਰਫ਼ ਮਿਲਾ ਕੇ ਪੀਂਦੇ ਹਨ। ਕਿਉਂਕਿ ਠੰਡਾ ਪਾਣੀ ਲੋਕਾਂ ਨੂੰ ਗਰਮੀ ਤੋਂ ਰਾਹਤ ਦਿੰਦਾ ਹੈ ਪਰ ਕਈ ਲੋਕ ਇਸ ਨੂੰ ਸਿਹਤ ਲਈ ਹਾਨੀਕਾਰਕ ਮੰਨਦੇ ਹਨ।

ਠੰਡਾ ਪਾਣੀ ਪੀਣ ਦੇ ਫ਼ਾਇਦੇ

ਜਦੋਂ ਤੁਸੀਂ ਤੇਜ਼ ਧੁੱਪ ਤੋਂ ਵਾਪਸ ਆਉਂਦੇ ਹੋ ਜਾਂ ਸਖ਼ਤ ਮਿਹਨਤ ਤੋਂ ਬਾਅਦ ਬਹੁਤ ਪਸੀਨਾ ਵਹਾ ਚੁੱਕੇ ਹੁੰਦੇ ਹੋ ਤਾਂ ਠੰਢਾ ਪਾਣੀ ਪੀ ਕੇ ਹੀ ਤਸੱਲੀ ਹੁੰਦੀ ਹੈ। ਠੰਢਾ ਪਾਣੀ ਸਰੀਰ ਦੇ ਵਧੇ ਹੋਏ ਤਾਪਮਾਨ ਨੂੰ ਬਹੁਤ ਤੇਜ਼ੀ ਨਾਲ ਘੱਟ ਕਰਦਾ ਹੈ ਅਤੇ ਤੁਰੰਤ ਤਾਜ਼ਗੀ ਤੇ ਠੰਢਕ ਦਾ ਅਹਿਸਾਸ ਦਿਵਾਉਂਦਾ ਹੈ।

ਬਹੁਤ ਜ਼ਿਆਦਾ ਠੰਢਾ ਪਾਣੀ ਪੀਣ ਨਾਲ ਸਰੀਰ ਦੀਆਂ ਖੂਨ ਦੀਆਂ ਨਾੜੀਆਂ ਸੁੰਗੜ ਸਕਦੀਆਂ ਹਨ, ਜਿਸਦਾ ਹਲਕਾ ਅਸਰ ਤੁਹਾਡੇ ਪਾਚਨ 'ਤੇ ਪੈਂਦਾ ਹੈ। ਇਸ ਤੋਂ ਇਲਾਵਾ, ਅਚਾਨਕ ਬਹੁਤ ਠੰਢਾ ਪਾਣੀ ਪੀਣ ਨਾਲ ਗਲੇ ਵਿੱਚ ਖਰਾਸ਼, ਸਰਦੀ-ਜ਼ੁਕਾਮ, ਪੇਟ ਵਿੱਚ ਮਰੋੜ ਅਤੇ ਐਸੀਡਿਟੀ ਵਰਗੀਆਂ ਪਾਚਨ ਨਾਲ ਜੁੜੀਆਂ ਕਈ ਸਮੱਸਿਆਵਾਂ ਵੀ ਸ਼ੁਰੂ ਹੋ ਸਕਦੀਆਂ ਹਨ।

ਵੈਸੇ ਤਾਂ ਜਿਨ੍ਹਾਂ ਲੋਕਾਂ ਨੂੰ ਠੰਡਾ ਪਾਣੀ ਪੀਣ ਨਾਲ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਹੁੰਦੀ ਹੈ, ਉਨ੍ਹਾਂ ਨੂੰ ਠੰਡੇ ਪਾਣੀ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਅਤੇ ਇਸ ਸਬੰਧ 'ਚ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਤੁਸੀਂ ਆਪਣੀ ਸਿਹਤ ਦੇ ਆਧਾਰ 'ਤੇ ਠੰਡਾ, ਸਾਧਾਰਨ ਜਾਂ ਕੋਸਾ ਪਾਣੀ ਪੀ ਸਕਦੇ ਹੋ।

ਨਾਰਮਲ ਯਾਨੀ ਕਮਰੇ ਦੇ ਤਾਪਮਾਨ ਵਾਲਾ ਪਾਣੀ ਸਰੀਰ ਲਈ ਬਹੁਤ ਜ਼ਿਆਦਾ ਸਹਿਜ ਅਤੇ ਸੁਰੱਖਿਅਤ ਮੰਨਿਆ ਜਾਂਦਾ ਹੈ। ਇਹ ਸਾਡੇ ਪਾਚਨ ਤੰਤਰ 'ਤੇ ਕੋਈ ਫਾਲਤੂ ਦਬਾਅ ਨਹੀਂ ਪਾਉਂਦਾ। ਭੋਜਨ ਕਰਦੇ ਸਮੇਂ ਜਾਂ ਖਾਣਾ ਖਾਣ ਦੇ ਤੁਰੰਤ ਬਾਅਦ ਨਾਰਮਲ ਪਾਣੀ ਪੀਣਾ ਹੀ ਸਭ ਤੋਂ ਸਹੀ ਰਹਿੰਦਾ ਹੈ।

ਮਜ਼ਦੂਰ, ਕਿਸਾਨ ਅਤੇ ਪਿੰਡ; ਨਵਾਂ ਪੇਂਡੂ ਰੁਜ਼ਗਾਰ ਕਾਨੂੰਨ ਤਿੰਨਾਂ ਨੂੰ ਸਮਰੱਥ ਬਣਾਏਗਾ: ਸ਼ਿਵਰਾਜ ਸਿੰਘ ਚੌਹਾਨ

ਨਵੀਂ ਦਿੱਲੀ, 11 ਮਈ (ਅੰਮ੍ਰਿਤਪਾਲ ਸਿੰਘ) : ਭਾਰਤ ਦੇ ਪੇਂਡੂ ਵਿਕਾਸ ਇਤਿਹਾਸ ਵਿੱਚ ਇੱਕ ਵੱਡਾ ਮੀਲ ਪੱਥਰ ਦਿਖਾਉਂਦੇ ਹੋਏ, ਕੇਂਦਰ ਸਰਕਾਰ ਨੇ ਅੱਜ, 11 ਮਈ, 2026 ਨੂੰ, ਵਿਕਾਸ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ (ਗ੍ਰਾਮੀਣ) ਦੀ ਗਰੰਟੀ, ਜਾਂ VB-G RAMG ਐਕਟ ਨੂੰ ਲਾਗੂ ਕਰਨ ਲਈ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ, ਜੋ ਕਿ 1 ਜੁਲਾਈ, 2026 ਤੋਂ ਦੇਸ਼ ਭਰ ਵਿੱਚ ਲਾਗੂ। ਕੇਂਦਰੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਇਹ ਕਾਨੂੰਨ ਪੇਂਡੂ ਗਰੀਬਾਂ, ਕੰਮਕਾਜੀ ਪਰਿਵਾਰਾਂ, ਔਰਤਾਂ, ਸਵੈ-ਸਹਾਇਤਾ ਸਮੂਹਾਂ ਅਤੇ ਕਿਸਾਨਾਂ ਲਈ ਨਵੀਂ ਉਮੀਦ, ਵਧੇਰੇ ਆਮਦਨ ਸੁਰੱਖਿਆ ਅਤੇ ਵੱਡੇ ਪੱਧਰ @ਤੇ ਟਿਕਾਊ ਵਿਕਾਸ ਪ੍ਰੋਜੈਕਟ ਲੈ ਕੇ ਆਵੇਗਾ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਭੋਪਾਲ ਵਿੱਚ ਇੱਕ ਮੀਡੀਆ ਗੱਲਬਾਤ ਦੌਰਾਨ ਕਿਹਾ ਕਿ ਵਿਕਾਸ ਭਾਰਤ ਜੀ-ਰਾਮਜੀ ਐਕਟ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ, ਅਤੇ 1 ਜੁਲਾਈ ਤੋਂ, ਰੁਜ਼ਗਾਰ ਦੀ ਮੰਗ ਕਰਨ ਵਾਲੇ ਪੇਂਡੂ ਮਜ਼ਦੂਰਾਂ ਨੂੰ ਹੁਣ ਸਾਲਾਨਾ 100 ਦੀ ਬਜਾਏ 125 ਦਿਨ ਰੁਜ਼ਗਾਰ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਨਰੇਗਾ ਐਕਟ ਦੇ ਸਾਰੇ ਪ੍ਰਬੰਧ ਅੰਤਰਿਮ ਤੌਰ 'ਤੇ ਲਾਗੂ ਰਹਿਣਗੇ, ਅਤੇ ਮਨਰੇਗਾ ਅਧੀਨ ਅਧੂਰੇ ਕੰਮ 1 ਜੁਲਾਈ ਤੋਂ ਪਹਿਲਾਂ ਪੂਰੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਰਾਜਾਂ ਨਾਲ ਵਿਆਪਕ ਸਲਾਹ-ਮਸ਼ਵਰੇ ਤੋਂ ਬਾਅਦ ਨਿਯਮ ਬਣਾਉਣ ਦੀ ਪ੍ਰਕਿਰਿਆ ਚੱਲ ਰਹੀ ਹੈ। ਹਾਲਾਂਕਿ, ਸਰਕਾਰ ਦੀ ਚਿੰਤਾ ਇਹ ਹੈ ਕਿ ਪਰਿਵਰਤਨ ਸਮੇਂ ਦੌਰਾਨ ਕੋਈ ਵੀ ਮਜ਼ਦੂਰ ਰੁਜ਼ਗਾਰ ਤੋਂ ਵਾਂਝਾ ਨਾ ਰਹੇ, ਅਤੇ ਇਸ ਲਈ ਚੁਕਵੇਂ ਪ੍ਰਬੰਧ ਕੀਤੇ ਗਏ ਹਨ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਵਿਕਾਸ ਭਾਰਤ ਜੀ-ਰਾਮਜੀ ਐਕਟ ਦੇ ਤਹਿਤ, ਜ਼ਿਆਦਾਤਰ ਰਾਜਾਂ ਕੋਲ ਲੋੜੀਂਦੀਆਂ ਤਿਆਰੀਆਂ ਪੂਰੀਆਂ ਕਰਨ ਲਈ ਵੱਧ ਤੋਂ ਵੱਧ ਛੇ ਮਹੀਨੇ ਹੋਣਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਕੋਈ ਰਾਜ 1 ਜੁਲਾਈ ਤੱਕ ਲੋੜੀਂਦੀਆਂ ਤਿਆਰੀਆਂ ਪੂਰੀਆਂ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ 1 ਜੁਲਾਈ ਤੋਂ ਬਾਅਦ ਕੰਮ ਲਈ ਫੰਡਿੰਗ ਪੈਟਰਨ ਵਿਕਾਸ ਭਾਰਤ ਜੀ-ਰਾਮਜੀ ਯੋਜਨਾ ਦੇ ਤਹਿਤ ਹੋਵੇਗਾ। ਸ਼ਿਵਰਾਜ ਸਿੰਘ ਨੇ ਕਿਹਾ ਕਿ ਭਾਰਤ ਸਰਕਾਰ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਇਸ ਯੋਜਨਾ ਦੇ ਤਹਿਤ ਰੁਜ਼ਗਾਰ ਪ੍ਰਦਾਨ ਕਰਨ ਲਈ ਆਪਣੇ ਬਜਟ ਵਿੱਚ 95,000 ਕਰੋੜ ਤੋਂ ਵੱਧ ਦੀ ਰਕਮ

ਅਲਾਟ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਰਾਜਾਂ ਨੇ ਆਪਣੇ ਬਜਟ ਵਿੱਚ ਇਸਨੂੰ ਲਾਗੂ ਕਰਨ ਲਈ ਵੀ ਪ੍ਰਬੰਧ ਕੀਤੇ ਹਨ, ਅਤੇ ਕੇਂਦਰ ਅਤੇ ਰਾਜ ਸਰਕਾਰਾਂ ਲਈ ਕੁੱਲ ਰਕਮ 1,51,000 ਕਰੋੜ ਤੋਂ ਵੱਧ ਹੋ ਜਾਵੇਗੀ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਨੇ ਕਿਹਾ ਕਿ ਮਜ਼ਦੂਰਾਂ ਨੂੰ ਭੁਗਤਾਨ ਡੀਬੀਟੀ ਰਾਹੀਂ ਉਨ੍ਹਾਂ ਦੇ ਬੈਂਕ ਜਾਂ ਡਾਕਘਰ ਖਾਤਿਆਂ ਵਿੱਚ ਕੀਤਾ ਜਾਵੇਗਾ। ਤਿੰਨ ਦਿਨਾਂ ਦੇ ਅੰਦਰ ਭੁਗਤਾਨ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ, ਪਰ ਫੰਡ ਉਨ੍ਹਾਂ ਦੇ ਖਾਤਿਆਂ ਵਿੱਚ ਜਮ੍ਹਾਂ ਹੋਣ ਲਈ ਵੱਧ ਤੋਂ ਵੱਧ ਸਮਾਂ ਸੀਮਾ 15 ਦਿਨ ਹੈ। ਉਨ੍ਹਾਂ ਕਿਹਾ ਕਿ ਜੇਕਰ 15 ਦਿਨਾਂ ਦੇ ਅੰਦਰ ਭੁਗਤਾਨ ਪ੍ਰਾਪਤ ਨਹੀਂ ਹੁੰਦਾ ਹੈ, ਤਾਂ ਮਜ਼ਦੂਰ ਦੇਰੀ ਨਾਲ ਭੁਗਤਾਨ ਦੇ ਯੋਗ ਹੋਣਗੇ, ਅਤੇ ਦੇਰੀ ਨਾਲ ਭੁਗਤਾਨ ਲਈ ਵਾਧੂ ਭੁਗਤਾਨ ਦੀ ਲੋੜ ਹੋਵੇਗੀ।

ਸ਼ਿਵਰਾਜ ਸਿੰਘ ਨੇ ਕਿਹਾ ਕਿ ਜੇਕਰ ਬੇਨਤੀ ਕਰਨ 'ਤੇ ਰੁਜ਼ਗਾਰ ਨਹੀਂ ਮਿਲਦਾ, ਤਾਂ ਬੇਰੁਜ਼ਗਾਰੀ ਭੱਤਾ ਵੀ ਪ੍ਰਦਾਨ ਕੀਤਾ ਜਾਵੇਗਾ। ਇਸਨੂੰ ਮਜ਼ਦੂਰਾਂ ਦੇ ਲਾਭ ਲਈ ਇੱਕ ਵਿਆਪਕ ਯੋਜਨਾ ਦੱਸਦਿਆਂ, ਉਨ੍ਹਾਂ ਕਿਹਾ ਕਿ 1,51,000 ਕਰੋੜ ਤੋਂ ਵੱਧ ਦੀ ਸਾਲਾਨਾ ਫੰਡਿੰਗ ਪਿੰਡਾਂ ਵਿੱਚ ਵੱਡੇ ਪੱਧਰ 'ਤੇ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦੀ ਸਹੂਲਤ ਦੇਵੇਗੀ।

ਉਨ੍ਹਾਂ ਕਿਹਾ ਕਿ ਪਾਣੀ ਦੀ ਸੰਭਾਲ, ਪਿੰਡ ਦੇ ਬੁਨਿਆਦੀ ਢਾਂਚੇ, ਸੜਕਾਂ, ਪੁਲਾਂ, ਪੁਲੀਆਂ, ਸਕੂਲਾਂ, ਆਂਗਣਵਾੜੀ ਇਮਾਰਤਾਂ ਅਤੇ ਖੇਤਾਂ ਨਾਲ ਸਬੰਧਤ ਜ਼ਰੂਰੀ ਕੰਮ ਕੀਤੇ ਜਾਣਗੇ। ਰੋਜ਼ੀ-ਰੋਟੀ-ਮੁਖੀ ਪ੍ਰੋਜੈਕਟਾਂ ਦੇ ਤਹਿਤ, ਸਵੈ-ਸਹਾਇਤਾ ਸਮੂਹਾਂ ਅਤੇ FPOs ਲਈ ਵਰਕਿੰਗ ਸ਼ੈੱਡ ਵਰਗੇ ਬੁਨਿਆਦੀ ਢਾਂਚੇ ਦਾ ਨਿਰਮਾਣ ਵੀ ਕੀਤਾ ਜਾਵੇਗਾ। ਇਸ ਯੋਜਨਾ ਦੇ ਤਹਿਤ ਕੁਦਰਤੀ ਆਫ਼ਤਾਂ ਤੋਂ ਬਚਾਅ ਲਈ ਦਰਿਆ ਦੇ ਕੰਢੇ ਵਾਲੇ ਪਿੰਡਾਂ ਜਾਂ ਪਾਣੀ ਭਰੇ ਖੇਤਰਾਂ ਵਿੱਚ ਰਿਟੇਨਿੰਗ ਵਾਲਾਂ ਵਰਗੇ ਕੰਮ ਵੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਯੋਜਨਾ ਦੇ ਤਹਿਤ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਤਨਖਾਹ ਦੀ ਢੁਕਵੀਂ ਅਤੇ ਸਮੇਂ ਸਿਰ ਅਦਾਇਗੀ ਯਕੀਨੀ ਬਣਾਉਣ ਲਈ ਪ੍ਰਬੰਧਕੀ ਖਰਚੇ 6 ਪ੍ਰਤੀਸ਼ਤ ਤੋਂ ਵਧਾ ਕੇ 9 ਪ੍ਰਤੀਸ਼ਤ ਕਰ ਦਿੱਤੇ ਗਏ ਹਨ। ਕੇਂਦਰੀ ਮੰਤਰੀ ਸ਼੍ਰੀ ਚੌਹਾਨ ਨੇ ਵਿਸ਼ਵਾਸ ਪ੍ਰਗਟਾਇਆ ਕਿ ਮਜ਼ਦੂਰਾਂ ਦੇ ਜੀਵਨ ਵਿੱਚ ਇੱਕ ਨਵੀਂ ਸਵੇਰ ਚੜ੍ਹ ਰਹੀ ਹੈ ਅਤੇ ਇਹ ਯੋਜਨਾ ਵਿਕਸਤ ਭਾਰਤ ਲਈ ਵਿਕਸਤ ਪਿੰਡਾਂ ਦੇ ਨਿਰਮਾਣ ਦੀ ਵਚਨਬੱਧਤਾ ਨੂੰ ਪੂਰਾ ਕਰਨ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗੀ।

ਗੁਰਦੁਆਰਾ ਸੱਚਖੰਡ ਬੋਰਡ ਵੱਲੋਂ ਹੋਣਹਾਰ ਗੁਣਵੰਤ ਵਿਦਿਆਰਥੀਆਂ ਦਾ ਸਨਮਾਨ ਅਤੇ ਵਿਕਾਸ ਕਾਰਜਾਂ ਦਾ ਉਦਘਾਟਨ

ਨਾਂਦੇੜ (ਮਹਾਰਾਸ਼ਟਰ), 11 ਮਈ (ਅੰਮ੍ਰਿਤਪਾਲ ਸਿੰਘ) : ਗੁਰਦੁਆਰਾ ਸੱਚਖੰਡ ਬੋਰਡ, ਸ੍ਰੀ ਹਜ਼ੂਰ ਸਾਹਿਬ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ IAS (R) ਵੱਲੋਂ ਅੱਜ ਵਿਦਿਅਕ ਅਤੇ ਧਾਰਮਿਕ ਖੇਤਰ ਵਿੱਚ ਕਈ ਅਹਿਮ ਫੈਸਲੇ ਲਏ ਗਏ ਅਤੇ ਨਵੇਂ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਬੋਰਡ ਵੱਲੋਂ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਵਿਦਿਆ ਖੇਤਰ ਦੇ ਹੋਣਹਾਰ ਗੁਣਵੰਤ ਵਿਦਿਆਰਥੀਆਂ ਲਈ ਇਨਾਮੀ ਰਾਸ਼ੀ ਵਿੱਚ ਵੱਡਾ ਵਾਧਾ ਸੱਚਖੰਡ ਪਬਲਿਕ ਸਕੂਲ ਅਤੇ ਖ਼ਾਲਸਾ ਹਾਈਸਕੂਲ ਦੇ ਸਾਲ 2026 ਦੇ 10ਵੀਂ ਕਲਾਸ ਦੇ ਹੋਣਹਾਰ ਵਿਦਿਆਰਥੀਆਂ ਦਾ ਹੌਸਲਾ ਵਧਾਉਣ ਲਈ ਇਨਾਮੀ ਰਾਸ਼ੀ ਵਿੱਚ ਭਾਰੀ ਵਾਧਾ ਕੀਤਾ ਗਿਆ ਹੈ:

90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਪਹਿਲਾਂ ਇਨਾਮੀ ਰਾਸ਼ੀ 2100/- ਰੁਪਏ ਤੋਂ ਵਧਾ ਕੇ 5100/- ਰੁਪਏ ਕੀਤੀ ਗਈ।

85% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਪਹਿਲਾਂ ਇਨਾਮੀ ਰਾਸ਼ੀ 1100/- ਰੁਪਏ ਤੋਂ ਵਧਾ ਕੇ 3100/- ਰੁਪਏ ਕੀਤੀ ਗਈ।

75% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਪਹਿਲਾਂ ਦੇ 700/- ਰੁਪਏ ਦੇ ਮੁਕਾਬਲੇ ਹੁਣ 2100/- ਰੁਪਏ ਦਿੱਤੇ ਜਾਣਗੇ। 60% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹਰ ਇਕ ਵਿਦਿਆਰਥੀ ਨੂੰ 1100/- ਰੁਪਏ ਦੀ ਹੌਸਲਾ ਅਫਜ਼ਾਈ ਰਾਸ਼ੀ ਦਿੱਤੀ ਜਾਵੇਗੀ।

ਸੋਲਰ ਸਿਸਟਮ ਅਤੇ ਓਪਨ ਜਿੰਮ ਦਾ ਉਦਘਾਟਨ

ਗੁਰਦੁਆਰਾ ਬੋਰਡ ਵੱਲੋਂ ਚਲਾਈ ਜਾ ਰਹੀ ਸ੍ਰੀ ਹਜ਼ੂਰ ਸਾਹਿਬ ਆਈ.ਟੀ.ਆਈ. (9"9) ਵਿਖੇ ਨਵੇਂ ਸੋਲਰ ਸਿਸਟਮ ਦਾ ਉਦਘਾਟਨ ਕੀਤਾ ਗਿਆ, ਜੋ ਸੰਸਥਾ ਨੂੰ ਊਰਜਾ ਦੇ ਖੇਤਰ ਵਿੱਚ ਆਤਮ-ਨਿਰਭਰ ਬਣਾਏਗਾ। ਇਸ ਦੇ ਨਾਲ ਹੀ, ਗੁਰਦੁਆਰਾ ਸ੍ਰੀ ਗੋਬਿੰਦ ਬਾਗ ਸਾਹਿਬ ਵਿਖੇ ਇੱਕ ਸਥਾਨਕ ਪਰਿਵਾਰ ਦੇ ਸਹਿਯੋਗ ਨਾਲ ਤਿਆਰ ਕੀਤੇ ਗਏ ਓਪਨ ਜਿੰਮ ਦਾ ਉਦਘਾਟਨ ਕੀਤਾ ਗਿਆ। ਇਹ ਜਿੰਮ ਸਥਾਨਕ ਨਿਵਾਸੀਆਂ ਅਤੇ ਦੂਰ-ਦੁਰਾਡਿਓਂ ਆਉਣ ਵਾਲੇ ਸ਼ਰਧਾਲੂਆਂ ਦੀ ਸਿਹਤ ਲਈ ਲਾਹੇਵੰਦ ਸਾਬਤ ਹੋਵੇਗਾ।

ਵਿਕਾਸ ਕਾਰਜਾਂ ਅਤੇ ਅਸਤਬਲ ਦਾ ਨਿਰੀਖਣ: ਪ੍ਰਬੰਧਕ ਸਾਹਿਬ ਨੇ ਗੁਰਦੁਆਰਾ ਸ਼ਿਕਾਰ ਘਾਟ ਸਾਹਿਬ ਵਿਖੇ ਨਤਮਸਤਕ ਹੋ ਕੇ ਉੱਥੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਉਪਰੰਤ ਉਨ੍ਹਾਂ ਨੇ ਗੁਰੂ ਸਾਹਿਬ ਦੇ ਘੋੜਿਆਂ ਦੇ ਅਸਤਬਲ ਦਾ ਦੌਰਾ ਵੀ ਕੀਤਾ ਅਤੇ ਉਨ੍ਹਾਂ ਦੀ ਸਾਂਭ-ਸੰਭਾਲ, ਸਿਹਤ ਅਤੇ ਖੁਰਾਕ ਲਈ ਮੁਕੰਮਲ ਇੰਤਜ਼ਾਮ ਕਰਨ ਨਾਲ ਹੀ ਸਮੈਸਿਰ ਡਾਕਟਰੀ ਜਾਂਚ ਕਰਾਉਣ ਦੇ ਸਖ਼ਤ ਨਿਰਦੇਸ਼ ਦਿੱਤੇ।

ਗਰਮੀ ਤੋਂ ਰਾਹਤ ਲਈ ਵਿਸ਼ੇਸ਼ ਪ੍ਰਬੰਧ: ਭਿਅੰਕਰ ਗਰਮੀ ਨੂੰ ਧਿਆਨ ਦੇਂਦਿਆ, ਦਰਸ਼ਨਾਂ ਲਈ ਆ ਰਹੀ ਸੰਗਤ ਦੀ ਸਹੂਲਤ ਲਈ ਗੁਰਦੁਆਰਾ ਸਾਹਿਬ ਦੇ ਦਸ਼ਮੇਸ਼ ਹਸਪਤਾਲ ਵਿਖੇ ਮੀਟਿੰਗ ਕੀਤੀ ਅਤੇ ਸਾਰੇ ਦਰਸ਼ਨੀ ਦੁਆਰ (06 ਗੇਟਾਂ) 'ਤੇ ਠੰਢੇ ਪਾਣੀ ਦੀਆਂ ਛਬੀਲਾਂ ਲਗਾਈਆਂ ਗਈਆਂ ਹਨ। ਇਸ ਦੇ ਨਾਲ ਹੀ ਸੰਗਤ ਦੀ ਸਹੂਲਤ ਲਈ ਮਾਈਕ੍ਰੋ-ਲੈਵਲ 'ਤੇ ਪੁਖ਼ਤਾ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਤਾਂ ਜੋ ਕਿਸੇ ਨੂੰ ਵੀ ਪਰੇਸ਼ਾਨੀ ਨਾ ਹੋਵੇ।

ਪ੍ਰਬੰਧਕ ਸਾਹਿਬ ਦੇ ਦੌਰੇ ਸਮੇਂ ਸ੍. ਰਵਿੰਦਰ ਸਿੰਘ ਕਪੂਰ ਸੁਪਰਡੈਂਟ ਗੁਰੂਦਵਾਰਾ ਸੱਚਖੰਡ ਬੋਰਡ, ਸ੍. ਜੈਮਲ ਸਿੰਘ ਢਿੱਲੋਂ ਸਹਾ. ਸੁਪਰਡੈਂਟ, ਸ੍. ਬਲਵਿੰਦਰ ਸਿੰਘ ਫੌਜੀ ਸਹਾ. ਸੁਪਰਡੈਂਟ, ਸ੍. ਗੁਰਬਚਨ ਸਿੰਘ ਸਿਲੇਦਾਰ ਪ੍ਰਿੰਸੀਪਲ ITI, ਪ੍ਰਬੰਧਕ ਸਾਹਿਬ ਦੇ ਪੀ. ਏ. ਸ਼੍ਰੀਮਤੀ ਬਬੀਤਾ ਕੌਰ ਚਾਹੇਲ, ਸ੍. ਚਾਂਦ ਸਿੰਘ ਪ੍ਰਿੰਸੀਪਲ ਖਾਲਸਾ ਹਾਈਸਕੂਲ, ਸ਼੍ਰੀਮਤੀ ਅਨਿਲ ਕੌਰ ਪ੍ਰਿੰਸੀਪਲ ਸੱਚਖੰਡ ਪਬਲਿਕ ਸਕੂਲ ਅਤੇ ਗੁਰੂਦਵਾਰਾ ਸੱਚਖੰਡ ਬੋਰਡ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

ਬਿਹਾਰ ਦੇ ਸੈਰ-ਸਪਾਟਾ ਮੰਤਰੀ ਕੇਦਾਰਨਾਥ ਨੇ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ

ਪਟਨਾ ਸਾਹਿਬ, 11 ਮਈ (ਜਗਜੀਤ ਸਿੰਘ) : ਬਿਹਾਰ ਸਰਕਾਰ ਦੇ ਸੈਰ-ਸਪਾਟਾ ਮੰਤਰੀ ਕੇਦਾਰਨਾਥ ਨੇ ਅੱਜ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਤਖ਼ਤ ਪਟਨਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ ਅਤੇ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਨੇ ਮੰਤਰੀ ਕੇਦਾ

ਦਮਦਮੀ ਟਕਸਾਲ ਦੇ ਸ਼ਹੀਦੀ ਦੀਵਾਨ ਗੁ. ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ ਸਜੇ

ਚੌਕ ਮਹਿਤਾ, 11 ਮਈ (ਬਲਜਿੰਦਰ ਸਿੰਘ ਰੰਧਾਵਾ)-ਦਮਦਮੀ ਟਕਸਾਲ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ 6 ਜੂਨ ਨੂੰ ਟਕਸਾਲ ਹੈੱਡ ਕੁਆਰਟਰ ਗੁ. ਗੁਰਦਰਸ਼ਨ ਪ੍ਰਕਾਸ਼

ਮਹਿਤਾ ਵਿਖੇ ਤੀਸਰੇ ਪੱਲ੍ਹੂਘਾਰੇ ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਬੜੇ ਹੀ ਉਤਸ਼ਾਹਪੂਰਵਕ ਮਨਾਇਆ ਜਾ ਰਿਹਾ ਹੈ, ਜਿਸ ਦੇ ਚੱਲਦਿਆਂ 1 ਮਈ ਤੋਂ ਵੱਖ-ਵੱਖ ਨਗਰਾਂ 'ਚ ਆਰੰਭ ਕੀਤੇ ਗਏ ਸ਼ਬਦ ਕੀਰਤਨ ਤੇ ਕਥਾ ਸਮਾਗਮ ਦੀ ਲੜੀ ਤਹਿਤ ਅੱਜ 8ਵੇਂ ਦਿਨ ਨੂੰ ਸ਼ਾਮ ਦੇ ਸ਼ਹੀਦੀ ਦੀਵਾਨ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਪਾਵਨ ਚਰਨ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਅੱਡਾ ਬੋਪਾਰਾਏ ਵਿਖੇ ਸਜਾਏ ਗਏ।ਅੱਜ ਦੇ ਸਮਾਗਮ ਆਰੰਭਤਾ ਦੌਰਾਨ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਮਧੁਰ ਤੇ ਰਸਮਈ ਸ਼ਬਦ-ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਦੇ ਹੋਏ ਰਮਣੀਕ ਮਾਹੌਲ ਸਿਰਜਿਆ, ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਭਾਈ ਸੰਤੋਖ ਸਿੰਘ ਦੀ ਰਚਿਤ 'ਸ੍ਰੀ ਗੁਰੂ ਪ੍ਰਤਾਪ ਸੂਰਜ ਗ੍ਰੰਥ' ਚੋਂ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਕਾਲ ਦਾ ਗੁਰ ਇਤਿਹਾਸ ਸਰਵਨ ਕਰਾਇਆ।ਇਸ ਮੌਕੇ ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ 6 ਜੂਨ ਦਾ ਦਿਨ ਸਿੱਖ ਕੌਮ ਲਈ ਬੇਹੱਦ ਸੰਜੀਦਾ, ਪੀੜ੍ਹਾਦਾਇਕ ਤੇ ਕਦੇ ਨਾ ਭੁੱਲਣ ਵਾਲਾ ਦਿਨ ਹੈ। ਇਹ ਦਿਨ ਸਿਰਫ ਇੱਕ ਇਤਿਹਾਸਕ ਤਾਰੀਖ਼ ਨਹੀਂ, ਸਗੋਂ ਕੌਮ ਲਈ ਆਪਣੇ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਅਤੇ ਕੌਮੀ ਇੱਕਜੁੱਟਤਾ ਦਾ ਪ੍ਰਤੀਕ ਹੈ ਉਨ੍ਹਾਂ ਨੇ ਸਮੂਹ ਸੰਗਤਾਂ ਨੂੰ 1 ਤੋਂ 6 ਜੂਨ ਦੇ ਸ਼ਹੀਦੀ ਸਮਾਗਮਾਂ 'ਚ ਅੰਦਰ ਹੁੰਮ-ਹੁੰਮਾ ਕੇ ਹਾਜ਼ਰੀ ਭਰਨ ਦੀ ਅਪੀਲ ਕਰਦਿਆ ਕਿਹਾ ਕਿ ਸ਼ਹੀਦੀ ਜੋੜ ਮੇਲਿਆਂ 'ਚ ਸੰਗਤਾਂ ਦੀ ਹਾਜ਼ਰੀ ਹੀ ਆਪਣੇ ਮਹਾਨ ਸ਼ਹੀਦਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੁੰਦੀ ਹੈ।ਇਸ ਦੌਰਾਨ ਪੋਥੀ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਤੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪਿੰ. ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ।

ਸਮਾਗਮ ਸਮਾਪਤੀ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਸਮੇਤ ਹਾਜ਼ਰ ਪ੍ਰਮੁੱਖ ਸ਼ਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ।

ਇਸ ਮੌਕੇ ਸੰਤ ਬਾਬਾ ਗੁਰਭੇਜ ਸਿੰਘ ਖੁਜ਼ਾਲਾ ਮੁੱਖ ਬੁਲਾਰਾ ਸੰਤ ਸਮਾਜ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਭਾਈ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ,ਜਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਬਾਬਾ ਗੁਰਮੀਤ ਸਿੰਘ ਬੱਦੋਵਾਲ,ਬਾਬਾ ਸੁਖਵੰਤ ਸਿੰਘ ਚੰਨਣਕੇ, ਸਰਪੰਚ ਕਸ਼ਮੀਰ ਸਿੰਘ ਕਾਲਾ ਮਹਿਤਾ, ਗਿਆਨੀ ਪ੍ਰਗਟ ਸਿੰਘ ਭੀਲੋਵਾਲ, ਗਿਆਨੀ ਰਜਿੰਦਰਪਾਲ ਸਿੰਘ ਰਾਜਸਥਾਨੀ, ਪ੍ਰਿੰ. ਜੋਬਨਪ੍ਰੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਮੋਹਤਬਰ ਤੇ ਸੰਗਤਾਂ ਹਾਜ਼ਰ ਸਨ।

ਪੀ.ਡਬਲਿਊ.ਡੀ. ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੀ ਹੋਈ ਮੀਟਿੰਗ

ਲਹਿਰਾਗਾਗਾ, 11 ਮਈ (ਗੁਰਦੀਪ ਸਿੰਘ): ਪੀ.ਡਬਲਿਊ.ਡੀ. ਫੀਲਡ ਐਂਡ

ਵਰਕਸ਼ਾਪ ਵਰਕਰਜ ਯੂਨੀਅਨ ਬ੍ਰਾਂਚ ਲਹਿਰਾ ਮੁਨਕ ਦੀ ਮੀਟਿੰਗ ਭਗਤ ਧੰਨਾ ਸਿੰਘ ਗੁਰਦੁਆਰਾ ਸਾਹਿਬ ਲਹਿਰਾ ਵਿਖੇ ਕੀਤੀ ਗਈ, ਜਿਸ 'ਚ ਵੱਖ-ਵੱਖ ਜਥੇਬੰਦੀਆਂ ਦੇ ਸਾਥੀ ਪੀ.ਡਬਲਿਊ. ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਵਿੱਚ ਸ਼ਾਮਲ ਹੋਏ, ਜਥੇਬੰਦੀ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਅਤੇ ਸਾਥੀਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਜਥੇਬੰਦੀ ਵੱਲੋਂ ਉਨ੍ਹਾਂ ਵਰਕਰਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਰਵਾਏ ਜਾਣਗੇ, ਇਸ ਮੀਟਿੰਗ ਵਿੱਚ ਅਲੱਗ ਅਲੱਗ ਮੰਗਾ ਤੇ ਵਿਚਾਰ ਵਟਾਂਦਰਾ ਕੀਤਾ ਗਿਆ ਜਿਸ ਵਿਚ ਆਉਟਸੋਰਸ ਕਾਮਿਆਂ ਨੂੰ ਮਹਿਕਮੇ ਵਿਚ ਲੈਣ ਵਾਰੇ,ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ, ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਅਤੇ ਪੇ ਕਮਿਸ਼ਨ ਦੇ ਬਾਕਾਏ ਸਬੰਧੀ ਅਤੇ 17 ਮਈ ਦੀ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝੇ ਫਰੰਟ ਦੀ ਜਲੰਧਰ ਵਿਖੇ ਹੋ ਰਹੀ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਵਿਚ ਪਹੁੰਚਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ, ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਮਾਲਵਿੰਦਰ ਸਿੰਘ ਸੰਧੂ, ਹਰਪਾਲ ਸਿੰਘ ਸੁਨਾਮ, ਬਲਦੇਵ ਸਿੰਘ ਬਡਰੁੱਖਾਂ ਵਿਸ਼ੇਸ਼ ਤੌਰ ਤੇ ਪਹੁੰਚੇ, ਇਸ ਤੋਂ ਇਲਾਵਾ ਬ੍ਰਾਂਚ ਪ੍ਰਧਾਨ ਜਗਜੀਤ ਸਿੰਘ ਭੱਠਲ, ਸੁਖਦੇਵ ਸਿੰਘ ਚੰਗਾਲੀਵਾਲਾ, ਅਮਰੀਕ ਗੁਰਨੇ, ਮਨਜੀਤ ਸਿੰਘ ਸੰਗਤਪੁਰਾ,ਬਾਵਾ ਸਿੰਘ ਗਾਗਾ, ਕਿਸਾਨ ਆਗੂ ਰਾਮ ਸਿੰਘ ਨੰਗਲਾ,ਨਗਰ ਕੌਂਸਲ ਤੋਂ ਕਸ਼ਮੀਰ ਸਿੰਘ ਬਾਵਾ, ਮਿੰਟੂ ਗੁਰਨੇ, ਆਦਿ ਆਗੂਆਂ ਨੇ ਸੰਬੋਧਨ ਕੀਤਾ । ਇਸ ਮੀਟਿੰਗ ਵਿਚ ਨਵੇਂ ਸਾਥੀ ਬਲਜਿੰਦਰ ਸਿੰਘ brc, ਤਰਸੇਮ ਸਿੰਘ brc, ਸੁਖਵੀਰ ਸਿੰਘ ਬੇਲਦਾਰ, ਗੁਰਦੀਪ ਸਿੰਘ ਟੈਕਨੀਕਲ ਹੈਲਪਰ, ਪਰਮਜੀਤ ਸਿੰਘ ਹਰਿਆਊ ਆਦਿ ਸ਼ਾਮਲ ਹੋਏ।

ਅੱਬਲਖੈਰ ਦੀਆਂ 100 ਤੋਂ ਵੱਧ ਮਹਿਲਾਵਾਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ : ਸ਼ਮਸ਼ੇਰ ਸਿੰਘ

ਗੁਰਦਾਸਪੁਰ, 11 ਮਈ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ ਚ ਸ਼ਾਮਲ ਹੋਣ ਵਾਲਿਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਪਿੰਡ ਅੱਬਲਖੈਰ ਨਾਲ ਸਬੰਧਤ 100 ਦੇ ਕਰੀਬ ਮਹਿਲਾਵਾਂ ਨੇ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਹੈ ਆਮ ਆਦਮੀ ਪਾਰਟੀ ਦੀ ਮਹਿਲਾ ਆਗੂ ਕਰਮੀ ਅਤੇ ਵਿਜੇ ਕੁਮਾਰ ਦੀ ਪ੍ਰੇਰਣਾ ਸਦਕਾ ਆਮ ਆਦਮੀ ਪਾਰਟੀ ਚ ਸ਼ਾਮਲ ਹੋਣ ਵਾਲਿਆਂ ਨੂੰ ਸਨਮਾਨਿਤ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਦਾ ਹੀ ਜਿੱਤ ਹੈ, ਜਿਸਨੇ ਪੰਜਾਬ ਦੇ ਹਰ ਵਸਨੀਕ ਦਾ ਦਿਲ ਜਿੱਤ ਲਿਆ ਹੈ ਅਤੇ ਲੋਕ ਆਮ ਆਦਮੀ ਪਾਰਟੀ ਚ ਸ਼ਾਮਲ ਹੋਣ ਲਈ ਕਾਹਲੇ ਹਨ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨ ਪੰਜਾਬ ਦੀ ਜਨਤਾ ਨਾਲ ਕੀਤੇ ਗਏ ਸਾਰੇ ਵੀ ਵਾਅਦੇ ਪੂਰੇ ਕੀਤੇ ਹਨ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਪੰਜਾਬ ਦੇ ਲੋਕਾਂ ਨੂੰ ਪਿਛਲੇ ਚਾਰ ਸਾਲਾਂ ਤੋਂ ਘਰੇਲੂ ਵਰਤੋਂ ਲਈ ਬਿਜਲੀ ਦੇ ਨਿਰਵਿਘਨ 600 ਯੂਨਿਟ ਮੁਫਤ ਦਿੱਤੇ ਜਾ ਰਹੇ ਹਨ ਇਸ ਤੋਂ ਇਲਾਵਾ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ, ਸਰਕਾਰੀ ਸਕੂਲਾਂ ਚ ਮਿਆਰੀ ਸਿੱਖਿਆ, ਮੇਰੀ ਰਸੋਈ ਯੋਜਨਾ ਤਹਿਤ ਅਨਾਜ ਦੇ ਨਾਲ ਨਾਲ ਰਸੋਈ ਲਈ ਹੋਰ ਜਰੂਰੀ ਵਸਤਾਂ ਅਤੇ ਮਹਿਲਾਵਾਂ ਨੂੰ ਹਰ ਮਹੀਨੇ ਹਜਾਰ ਪੰਦਰ੍ਹਾਂ ਸੌ ਰੁਪਏ ਦੇਣ ਨੇ ਆਮ ਲੋਕਾਂ ਦਾ ਜੀਵਨ ਸੁਖਾਲਾ ਕੀਤਾ ਹੈ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਇਹ ਸਾਰੀਆਂ ਸਹੂਲਤਾਂ ਪੰਜਾਬ ਦੇ ਲੋਕਾਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਦਿੱਤੀਆਂ ਜਾ ਰਹੀਆਂ ਹਨ ਨਹੀਂ ਤਾਂ ਇਸ ਤੋਂ ਪਹਿਲੀਆਂ ਸਰਕਾਰਾਂ ਦੇ ਲੋਕ ਸਿਰਫ ਅਪਣਿਆਂ ਦੇ ਹੀ ਢਿੱਡ ਭਰਨ ਵਿੱਚ ਲੱਗੇ ਰਹਿੰਦੇ ਸਨ ਉਹਨਾਂ ਕਿਹਾ ਕਿ ਮਾਨ ਸਰਕਾਰ ਦੀਆਂ ਨੀਤੀਆਂ ਪੰਜਾਬ ਦੇ ਲੋਕਾਂ ਨੂੰ ਪਸੰਦ ਹਨ ਅਤੇ ਲੋਕ 2027 ਚ ਇਕ ਵਾਰ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਬਨਾਉਣਗੇ।

ਡਾ. ਸੀਮਾਂਤ ਗਰਗ ਵੱਲੋਂ ਹਾਈ ਕੋਰਟ ਵਿੱਚ ਦਾਇਰ ਕੀਤੀ ਰਿੱਟ ਤੋਂ ਬਾਅਦ, ਸਰਕਾਰ ਨੂੰ ਮਾਪਦੰਡਾਂ ਦੇ ਆਧਾਰ 'ਤੇ ਚੋਣਾਂ ਕਰਵਾਉਣ ਲਈ ਹੋਣਾ ਪਿਆ ਮਜਬੂਰ

ਮੋਗਾ, 11 ਮਈ (ਨਿਸ਼ੀ ਮਨਚੰਦਾ): ਮੋਗਾ ਦੇ ਲੋਕ ਸਵਰਗੀ ਜੋਗਿੰਦਰ ਪਾਲ ਜੈਨ ਦੀ ਵਿਰਾਸਤ ਨੂੰ ਪਿਆਰ ਨਾਲ ਯਾਦ ਕਰ ਰਹੇ ਹਨ - ਉਨ੍ਹਾਂ ਦੇ ਵਿਕਾਸ ਕਾਰਜਾਂ ਅਤੇ ਅਦਾਲਤਾਂ ਰਾਹੀਂ ਨਾਗਰਿਕਾਂ ਲਈ ਨਿਆਂ ਪ੍ਰਾਪਤ ਕਰਨ ਦੇ ਉਨ੍ਹਾਂ ਦੇ ਯਤਨਾਂ ਨੂੰ ਯਾਦ ਕਰ ਰਹੇ ਹਨ। ਹੁਣ, ਡਾ. ਸੀਮਾਂਤ ਗਰਗ ਸਾਬਕਾ ਜ਼ਿਲ੍ਹਾ ਭਾਜਪਾ ਪ੍ਰਧਾਨ- ਦੇ ਰੂਪ ਵਿੱਚ, ਮੋਗਾ ਨੂੰ ਇੱਕ ਅਜਿਹਾ ਉੱਤਰਾਧਿਕਾਰੀ ਮਿਲਿਆ ਜਾਪਦਾ ਹੈ ਜੋ ਸਵਰਗੀ ਜੋਗਿੰਦਰ ਪਾਲ ਜੈਨ ਦੇ ਕੰਮਾਂ ਦੀ ਸਰਗਰਮੀ ਨਾਲ ਨਕਲ ਕਰਦਾ ਹੈ, ਖਾਸ ਕਰਕੇ ਕਾਨੂੰਨੀ ਚੈਨਲਾਂ ਰਾਹੀਂ

ਉਨ੍ਹਾਂ ਦੀ ਵਚਨਬੱਧਤਾ ਵਿੱਚ। ਡਾ. ਸੀਮਾਂਤ ਗਰਗ ਨੇ ਆਪਣੇ ਆਪ ਨੂੰ ਜਨਤਕ ਸੇਵਾ ਲਈ ਸਮਰਪਿਤ ਇੱਕ ਮਿਹਨਤੀ ਨੇਤਾ ਵਜੋਂ ਸਾਬਤ ਕੀਤਾ ਹੈ ਅਤੇ ਸ਼ਹਿਰ ਵਿੱਚ ਵਿਕਾਸ ਨੂੰ ਅੱਗੇ ਵਧਾਉਣ ਲਈ ਕੇਂਦਰ ਸਰਕਾਰ ਦਾ ਲਾਭ ਉਠਾਉਣ ਦੇ ਸਮਰੱਥ ਹੈ। ਉਨ੍ਹਾਂ ਨੇ ਵਾਰਡ ਹੱਦਬੰਦੀ ਅਤੇ ਉਨ੍ਹਾਂ ਵਾਰਡਾਂ ਦੇ ਅੰਦਰ ਉਮੀਦਵਾਰਾਂ ਦੇ ਰਾਖਵੇਂਕਰਨ ਸੰਬੰਧੀ ਸਰਕਾਰ ਦੇ ਗਲਤ ਫੈਸਲਿਆਂ ਵਿਰੁੱਧ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਰਿੱਟ ਪਟੀਸ਼ਨ ਦਾਇਰ ਕਰਕੇ ਸ਼ਹਿਰ ਦੇ ਵਸਨੀਕਾਂ ਲਈ ਸਫਲਤਾਪੂਰਵਕ ਨਿਆਂ ਪ੍ਰਾਪਤ ਕੀਤਾ। ਨਤੀਜੇ ਵਜੋਂ, ਪੰਜਾਬ ਸਰਕਾਰ ਨੂੰ ਵਾਰਡ ਹੱਦਬੰਦੀ ਅਤੇ ਰਾਖਵੇਂਕਰਨ ਮਾਪਦੰਡਾਂ ਸੰਬੰਧੀ ਆਪਣੇ ਨਵੇਂ ਨੋਟੀਫਿਕੇਸ਼ਨ ਵਾਪਸ ਲੈਣ ਲਈ ਮਜਬੂਰ ਹੋਣਾ ਪਿਆ। ਅੱਜ, ਸਰਕਾਰ ਨੇ ਚੋਣ ਕਮਿਸ਼ਨ ਨੂੰ ਇੱਕ ਪੱਤਰ ਭੇਜ ਕੇ ਬੇਨਤੀ ਕੀਤੀ ਹੈ ਕਿ ਚੋਣਾਂ 31 ਮਈ ਤੋਂ ਪਹਿਲਾਂ ਕਰਵਾਈਆਂ ਜਾਣ। ਜਵਾਬ ਵਿੱਚ, ਚੋਣ ਕਮਿਸ਼ਨ ਨੇ ਆਉਣ ਵਾਲੀਆਂ ਚੋਣਾਂ ਲਈ ਸ਼ਡਿਊਲ ਜਾਰੀ ਕੀਤਾ - ਜਿਸ ਵਿੱਚ ਮੋਗਾ ਨਗਰ ਨਿਗਮ ਦੇ ਨਾਲ-ਨਾਲ ਰਾਜ ਭਰ ਦੀਆਂ ਹੋਰ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਸ਼ਾਮਲ ਹਨ। ਇਸ ਪਟੀਸ਼ਨ ਵਿੱਚ, ਡਾ. ਸਿਮਰਤ ਗਰਗ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਨਗਰ ਨਿਗਮ ਚੋਣਾਂ ਲਈ ਜਾਰੀ ਰਿਜ਼ਰਵੇਸ਼ਨ ਰੋਸਟਰ ਨੋਟੀਫਿਕੇਸ਼ਨ ਵਿੱਚ ਮਹੱਤਵਪੂਰਨ ਖਾਮੀਆਂ ਹਨ। ਉਨ੍ਹਾਂ ਦੱਸਿਆ ਕਿ 60 ਪ੍ਰਤੀਸ਼ਤ ਤੋਂ ਵੱਧ ਆਮ ਆਬਾਦੀ ਵਾਲੇ ਕਈ ਵਾਰਡਾਂ ਨੂੰ ਅਨੁਸੂਚਿਤ ਜਾਤੀ (ਐਸਸੀ) ਵਾਰਡਾਂ ਵਜੋਂ ਦੁਬਾਰਾ ਨਾਮਜ਼ਦ ਕੀਤਾ ਗਿਆ ਸੀ; ਇਸ ਦੇ ਉਲਟ, 60 ਪ੍ਰਤੀਸ਼ਤ ਤੋਂ ਵੱਧ ਅਨੁਸੂਚਿਤ ਜਾਤੀ ਦੀ ਆਬਾਦੀ ਵਾਲੇ ਵਾਰਡਾਂ ਨੂੰ ਜਨਰਲ ਵਾਰਡਾਂ ਵਜੋਂ ਦੁਬਾਰਾ ਨਾਮਜ਼ਦ ਕੀਤਾ ਗਿਆ ਸੀ, ਅਤੇ ਜਿਨ੍ਹਾਂ ਖੇਤਰਾਂ ਵਿੱਚ ਆਮ ਆਬਾਦੀ 60 ਪ੍ਰਤੀਸ਼ਤ ਤੋਂ ਵੱਧ ਸੀ, ਉਨ੍ਹਾਂ ਨੂੰ ਅਨੁਸੂਚਿਤ ਜਾਤੀ ਵਾਰਡਾਂ ਵਜੋਂ ਨਾਮਜ਼ਦ ਕੀਤਾ ਗਿਆ ਸੀ। ਇਸ ਤੋਂ ਇਲਾਵਾ, ਕਈ ਵਾਰਡਾਂ ਵਿੱਚ ਵੋਟਰ ਸੂਚੀਆਂ ਵਿੱਚ ਬਦਲਾਅ ਕੀਤੇ ਗਏ ਸਨ। ਉਦਾਹਰਣ ਵਜੋਂ, ਵਾਰਡ ਨੰਬਰ 4 ਨਾਲ ਸਬੰਧਤ ਕਈ ਗਲੀਆਂ ਨੂੰ ਵਾਰਡ ਨੰਬਰ 3 ਵਿੱਚ ਮਿਲਾ ਦਿੱਤਾ ਗਿਆ ਸੀ, ਅਤੇ ਕਈ ਹੋਰ ਗਲੀਆਂ ਅਤੇ ਵੋਟਰਾਂ ਨੂੰ ਇੱਕ ਵਾਰਡ ਤੋਂ ਦੂਜੇ ਵਾਰਡ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ। ਇਸ ਮਾਮਲੇ ਦੀ ਸੁਣਵਾਈ ਕਰਨ 'ਤੇ, ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਇੱਕ ਡਿਵੀਜ਼ਨ ਬੈਂਚ - ਜਿਸ ਵਿੱਚ ਮਾਣਯੋਗ ਜਸਟਿਸ ਹਰਸਿਮਰਨ ਸਿੰਘ ਸੇਠੀ ਅਤੇ ਮਾਣਯੋਗ ਜਸਟਿਸ ਦੀਪਕ ਮਨਚੰਦਾ ਸ਼ਾਮਲ ਸਨ - ਨੇ ਹੁਕਮ ਦਿੱਤਾ ਕਿ ਇਸ ਪਟੀਸ਼ਨ ਨੂੰ ਪਹਿਲਾਂ ਵਾਲੀ ਸਬੰਧਤ ਪਟੀਸ਼ਨ ਨਾਲ ਸਬੰਧਤ ਫੈਸਲੇ ਨਾਲ ਜੋੜਿਆ ਜਾਵੇ, ਅਤੇ ਵੋਟਰ ਸੂਚੀਆਂ ਵਿੱਚ ਤਬਦੀਲੀ ਸੰਬੰਧੀ ਮੁੱਦੇ ਨੂੰ ਕਾਰਵਾਈ ਵਿੱਚ ਸ਼ਾਮਲ ਕੀਤਾ ਜਾਵੇ। ਮਾਣਯੋਗ ਅਦਾਲਤ ਨੇ ਮੋਗਾ ਨਗਰ ਨਿਗਮ ਦੇ ਸਾਰੇ ਪਟੀਸ਼ਨਰਾਂ ਨੂੰ ਅੱਗੇ ਹਦਾਇਤ ਕੀਤੀ ਕਿ ਉਹ ਆਪਣੀਆਂ ਸ਼ਿਕਾਇਤਾਂ ਨਾਲ ਸਬੰਧਤ ਸਾਰੇ ਸੰਬੰਧਿਤ ਦਸਤਾਵੇਜ਼ ਮੋਗਾ ਦੇ ਡਿਪਟੀ ਕਮਿਸ਼ਨਰ, ਮੋਗਾ ਦੇ ਨਗਰ ਕਮਿਸ਼ਨਰ, ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਅਤੇ ਪੰਜਾਬ ਦੇ ਗ੍ਰਹਿ ਸਕੱਤਰ ਨੂੰ ਤਿੰਨ ਦਿਨਾਂ ਦੇ ਅੰਦਰ ਜਮ੍ਹਾਂ ਕਰਾਉਣ। ਇਸ ਤੋਂ ਬਾਅਦ, ਮੁੱਖ ਪਟੀਸ਼ਨਰ, ਡਾ. ਸੀਮਾਂਤ ਗਰਗ , ਹੋਰ ਪਟੀਸ਼ਨਰਾਂ ਦੇ ਨਾਲ, ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ, ਡਿਪਟੀ ਕਮਿਸ਼ਨਰ ਅਤੇ ਨਗਰ ਨਿਗਮ ਕਮਿਸ਼ਨਰ ਨੂੰ ਆਪਣੇ ਇਤਰਾਜ਼ ਪੇਸ਼ ਕਰਨ ਲਈ ਅੱਗੇ ਵਧੇ; ਅਦਾਲਤ ਦੇ ਹੁਕਮਾਂ ਦੀ ਪਾਲਣਾ ਵਿੱਚ, ਇਹ ਸਾਰੀ ਪ੍ਰਕਿਰਿਆ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਪੂਰੀ ਹੋ ਗਈ। ਦੂਜੇ ਦਿਨ, ਨਿਗਮ ਦੇ ਅਧਿਕਾਰੀਆਂ ਨੇ ਨਗਰ ਨਿਗਮ ਚੋਣਾਂ ਲਈ ਵਾਰਡ ਰਿਜ਼ਰਵੇਸ਼ਨ ਰੋਸਟਰ ਪੋਸਟ ਕੀਤਾ। ਨਤੀਜੇ ਵਜੋਂ, ਇਸਦੀ ਸਮੀਖਿਆ ਕਰਨ ਤੋਂ ਬਾਅਦ, ਨਾਗਰਿਕਾਂ ਨੇ ਨਿਰਧਾਰਤ ਦੋ ਦਿਨਾਂ ਦੀ ਮਿਆਦ ਦੇ ਅੰਦਰ ਆਪਣੇ ਇਤਰਾਜ਼

ਹਲਕਾ ਵਿਧਾਇਕ ਵੱਲੋਂ ਪਿੰਡ ਗੁਰੂਸਰ ਜਲਾਲ ਦੇ ਸਟੇਡੀਅਮ ਦਾ ਦੌਰਾ

ਭਗਤਾ ਭਾਈ ਕਾ, 11 ਮਈ (ਸਵਰਨ ਸਿੰਘ ਭਗਤਾ) :ਹਲਕਾ ਰਾਮਪੁਰਾ ਫੂਲ ਦੇ ਪਿੰਡ ਗੁਰੂਸਰ ਜਲਾਲ ਵਿਖੇ ਪੰਜਾਬ ਸਰਕਾਰ ਵੱਲੋਂ ਲਗਭਗ 27 ਲੱਖ ਰੁਪਏ ਦੀ ਲਾਗਤ ਨਾਲ 1 ਏਕੜ ਵਿੱਚ ਤਿਆਰ ਕਰਵਾਏ ਗਏ ਆਧੁਨਿਕ ਖੇਡ ਸਟੇਡੀਅਮ ਦਾ ਅੱਜ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ, ਖਿਡਾਰੀਆਂ ਅਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਉਹਨਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਇਸੇ ਮੰਤਵ ਤਹਿਤ ਪਿੰਡਾਂ ਵਿੱਚ ਖੇਡ ਸਟੇਡੀਅਮ ਅਤੇ ਹੋਰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਪਿੰਡਾਂ ਦੇ ਬੱਚੇ ਵੀ ਖੇਡਾਂ ਦੇ ਖੇਤਰ ਵਿੱਚ ਅੱਗੇ ਵੱਧ ਸਕਣ।ਇਸ ਮੌਕੇ ਪਿੰਡ ਦੇ ਬੱਚਿਆਂ ਅਤੇ ਖਿਡਾਰੀਆਂ ਨੂੰ ਵੱਖ-ਵੱਖ ਖੇਡਾਂ ਲਈ ਕ੍ਰਿਕਟ ਕਿਟਾਂ, ਵਾਲੀਬਾਲ ਕਿਟਾਂ, ਫੁੱਟਬਾਲਾਂ ਅਤੇ ਹੋਰ ਖੇਡ ਸਮੱਗਰੀ ਵੰਡੀਆਂ ਗਈਆਂ।

ਕਿਸਾਨ ਮਾਰੂ ਨੀਤੀਆਂ ਰੱਦ ਕਰਵਾਉਣ ਲਈ ਵੱਡੀ ਲਾਮਬੰਦੀ ਦੀ ਲੋੜ: ਡੱਲੇਵਾਲ

ਪਿੰਡ ਲੰਭਵਾਲੀ ਅਤੇ ਝੱਖੜਵਾਲਾ ਦੀ ਸੱਥ ਵਿੱਚ ਕੀਤੀ ਕਿਸਾਨਾਂ ਨਾਲ ਮੀਟਿੰਗ

ਬਾਜਾਖਾਨਾ,11 ਮਈ (ਅਵਤਾਰ ਸਿੰਘ ਮੱਲਾ) : ਬੀਕੇਯੂ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਸ੍ ਜਗਜੀਤ ਸਿੰਘ ਡੱਲੇਵਾਲ ਵੱਲੋਂ ਅੱਜ ਬਾਜਾਖਾਨਾ ਬਲਾਕ ਦੇ ਪਿੰਡਾਂ ਲੰਭਵਾਲੀ ਅਤੇ ਝੱਖੜਵਾਲਾ ਦੀ ਸੱਥ ਵਿੱਚ ਪਹੁੰਚ ਕੇ ਕਿਸਾਨਾਂ ਨਾਲ ਰਾਬਤਾ ਕਾਇਮ ਕਰਦਿਆਂ ਇੱਕ ਜਨਤਕ ਮੀਟਿੰਗ ਕੀਤੀ ਗਈ। ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂ ਡੱਲੇਵਾਲ ਨੇ ਦਿਨੋ ਦਿਨ ਡੁੱਬ ਰਹੀ ਕਿਸਾਨੀ ਤੇ ਲੰਬੀ ਵਿਚਾਰ ਚਰਚਾ ਕੀਤੀ ਅਤੇ ਉਨ੍ਹਾਂ ਕਿਹਾ ਕਿ ਸਾਡੇ ਦਾਦੇ ਪੜਦਾਦੇ ਇਸੇ ਜ਼ਮੀਨ ਵਿੱਚੋਂ ਸਿਰਫ਼ 8 ਕੁਇੰਟਲ ਕਣਕ ਪ੍ਰਤੀ ਏਕੜ ਪੈਦਾ ਕਰਨ ਦੇ ਬਾਵਜੂਦ ਕਿਸੇ ਬੈਂਕ ਜਾਂ ਆੜਤੀਏ ਦੇ ਕਰਜ਼ਾਈ ਨਹੀਂ ਹੋਏ ਪਰੰਤੂ ਅੱਜ ਦਾ ਕਿਸਾਨ ਇੱਕ ਏਕੜ ਵਿੱਚੋਂ 60-70 ਕੁਇੰਟਲ ਦਾਣੇ ਪੈਦਾ ਕਰਨ ਦੇ ਬਾਵਜੂਦ ਕਰਜ਼ੇ ਦੀ ਪੰਡ ਸਿਰ 'ਤੇ ਚੁੱਕੀ ਖੜ੍ਹਾ ਹੈ ਅਤੇ ਖੁਦਕਸ਼ੀਆਂ ਦੇ ਰਾਹ ਪਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸਾਡੇ ਵਿਰੋਧੀ ਕਿਸਾਨਾਂ ਸਿਰ ਚੜ੍ਹੇ ਕਰਜ਼ੇ ਨੂੰ ਕਿਸਾਨਾਂ ਦੀ ਫੁਕਰੇ ਬਾਜ਼ੀ ਦੱਸ ਕੇ ਕਿਸਾਨਾਂ ਦੀਆਂ ਕੋਠੀਆਂ ਕਾਰਾਂ ਨੂੰ ਟਾਰਗੇਟ ਕਰ ਰਿਹਾ ਹੈ। ਸ੍ ਡੱਲੇਵਾਲ ਨੇ ਕਿਸਾਨਾਂ ਨੂੰ ਦੱਸਿਆ ਕਿ ਕਿਸਾਨੀ ਸਿਰ ਚੜ੍ਹੇ ਕਰਜ਼ੇ ਦਾ ਕਾਰਨ ਚੰਗੇ ਵਿਆਹ,ਕਾਰ ਜਾਂ ਚੰਗਾ ਮਕਾਨ ਬਣਾ ਲੈਣਾ ਨਹੀਂ ਹੈ ਸਗੋਂ ਸਰਕਾਰਾਂ ਵੱਲੋਂ ਕਿਸਾਨਾਂ ਨੂੰ ਫਸਲਾਂ ਪੈਦਾ ਕਰਨ ਤੇ ਆ ਰਹੇ ਖਰਚੇ ਦੇ ਮੱਦੇਨਜ਼ਰ ਮੁਨਾਫ਼ਾ ਰੱਖ ਕੇ ਸਹੀ ਕੀਮਤ ਨਾ ਮਿਲਣ ਦੇ ਕਾਰਨ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਆਈ ਰਿਪੋਰਟ ਦੇ ਅੰਕੜੇ ਦੱਸਦੇ ਹਨ ਕਿ ਕਿਸਾਨਾਂ ਨੂੰ ਫਸਲਾਂ ਦੇ ਵਾਜਿਬ ਭਾਅ ਨਾ ਮਿਲਣ ਦੇ ਕਾਰਨ ਸਰਕਾਰਾਂ ਵੱਲੋਂ ਕਿਸਾਨਾਂ ਦਾ 2000 ਤੋਂ ਲੈਕੇ 2025 ਤੱਕ 111 ਲੱਖ ਕਰੋੜ ਰੁਪਿਆ ਲੁੱਟ ਲਿਆ ਗਿਆ ਹੈ ਅਤੇ ਕਿਸਾਨਾਂ ਸਿਰ ਚੜ੍ਹੇ ਕਰਜ਼ੇ ਦੀ ਕੁੱਲ ਰਕਮ 31-32 ਲੱਖ ਕਰੋੜ ਰੁਪਏ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਕਿਸਾਨਾਂ ਦੀ ਫਸਲ ਨੂੰ ਸਹੀ ਐਮ ਐਸ ਪੀ ਤੇ ਖ਼ਰੀਦ ਕਰਦੀ ਤਾਂ ਕਿਸਾਨ ਦਾ ਇਹ ਹਾਲ ਨਾ ਹੁੰਦਾ। ਇਸ ਮੌਕੇ ਉਹਨਾਂ ਲੈਂਡ ਮਾਰਗੇਜ਼ ਬੈਂਕ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਨਾਲ ਕਰਜ਼ ਦੇਣ ਸਮੇਂ ਲਏ ਗਏ ਖਾਲੀ ਚੈਕਾਂ ਨੂੰ ਵਰਤ ਕੇ ਕੀਤੀ ਜਾ ਰਹੀ ਧੋਖਾਧੜੀ ਦੇ ਖਿਲਾਫ ਫ਼ਰੀਦਕੋਟ ਵਿਖੇ ਚੱਲ ਰਹੇ ਧਰਨੇ ਵਿੱਚ ਸ਼ਾਮਲ ਹੋਣ ਅਤੇ ਆਪਣੇ ਹੱਕਾਂ ਲਈ ਜਾਗਰੂਕ ਹੋਣ ਦੀ ਅਪੀਲ ਕੀਤੀ। ਇਸ ਮੌਕੇ ਕਿਸਾਨ ਆਗੂ ਡੱਲੇਵਾਲ ਤੋਂ ਇਲਾਵਾ ਬਲਾਕ ਬਾਜਾਖਾਨਾ ਦੇ ਪ੍ਰਧਾਨ ਬਲਜਿੰਦਰ ਸਿੰਘ ਵਾੜਾ ਭਾਈਕਾ, ਸੁਖਪ੍ਰੀਤ ਸਿੰਘ ਝੱਖੜਵਾਲਾ ਬਲਾਕ ਜਨਰਲ ਸਕੱਤਰ,ਬਲਾਕ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਸਿੱਧੂ, ਰੁਲਦੂ ਸਿੰਘ ਇਕਾਈ ਪ੍ਰਧਾਨ ਲੰਭਵਾਲੀ,ਲਾਭ ਸਿੰਘ ਪ੍ਰਧਾਨ ਝੱਖੜਵਾਲਾ, ਗੁਰਸੇਵਕ ਸਿੰਘ ਲੰਭਵਾਲੀ, ਗੁਰਵਿੰਦਰ ਸਿੰਘ ਝੱਖੜਵਾਲਾ, ਗੁਰਮੇਲ ਸਿੰਘ ਝੱਖੜਵਾਲਾ, ਹੈਪੀ ਝੱਖੜਵਾਲਾ, ਬਲਵੰਤ ਸਿੰਘ ਸੰਧੂ ਅਤੇ ਪਿੰਡ ਲੰਭਵਾਲੀ ਅਤੇ ਝੱਖੜਵਾਲਾ ਦੇ ਸੈਂਕੜੇ ਕਿਸਾਨ ਹਾਜ਼ਰ ਸਨ ।

ਕਾਮਯਾਬੀ ਲਈ ਕਿਰਤ ਕਰਨੀ ਅਤਿ ਜ਼ਰੂਰੀ : ਡਾ. ਤਰਲੋਚਨ ਕੌਰ

ਭਵਾਨੀਗੜ੍ਹ 11 ਮਈ (ਅਮਨਦੀਪ ਸਿੰਘ ਮਾਝਾ) :ਸਾਹਿਤ ਸਿਰਜਣਾ ਮੰਚ ਭਵਾਨੀਗੜ੍ਹ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁ) ਭਵਾਨੀਗੜ੍ਹ ਵਿਖੇ ਉੱਘੀ ਲੇਖਿਕਾ ਡਾ. ਤਰਲੋਚਨ ਕੌਰ ਪਟਿਆਲਾ ਨਾਲ਼ ਰੂਬਰੂ ਸਮਾਗਮ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਉੱਘੇ ਗਲਪਕਾਰ ਸ. ਅਨੋਖ ਸਿੰਘ ਵਿਰਕ ਜੀ ਵੱਲੋਂ ਕੀਤੀ ਗਈ। ਡਾ. ਤਰਲੋਚਨ ਕੌਰ ਪਟਿਆਲਾ ਨੇ ਗੁਰੂ ਬਾਣੀ ਵਿੱਚ ਗਿਆਨ ਦਾ ਸੰਕਲਪ, ਗੁਰੂ ਨਾਨਕ ਅਤੇ ਧਰਮ, ਹਉਕੇ ਜੋ ਬਣ ਗਏ ਗੀਤ, ਪੀਂਘਾਂ ਵਾਲ਼ਾ ਵਿਹੜਾ,ਤਿੱਖੀਆਂ ਤੇ ਤਲਖ਼ ਹਕੀਕਤਾਂ ਪੰਜ ਕਿਤਾਬਾਂ ਪੰਜਾਬੀ ਮਾਂ ਬੋਲੀ ਦੀ ਝੋਲ਼ੀ ਪਾਈਆਂ ਹਨ ਅਤੇ ਪੰਜਾਬੀ ਟ੍ਰਿਬਿਊਨ ਵਿੱਚ ਸੰਪਾਦਕ ਦੇ ਨਾਂ ਵਾਲ਼ੇ ਕਾਲਮ ਹੇਠ ਉਹਨਾਂ ਦੀਆਂ ਆਲੋਚਨਾਤਮਕ ਚਿੱਠੀਆਂ ਲਗਾਤਾਰ ਛਪ ਰਹੀਆਂ ਹਨ ਜੋ ਉਹਨਾਂ ਦੀ ਵੱਖ ਵੱਖ ਅੰਤਰਰਾਸ਼ਟਰੀ ਪੱਧਰ ਦੇ ਵਿਸ਼ਿਆਂ ਤੇ ਪਕੜ ਦੀ ਗਵਾਹੀ ਭਰਦੀਆਂ ਹਨ। ਜਨ ਸਾਹਿਤ ਅਤੇ ਹੋਰ ਬਹੁਤ ਸਾਰੇ ਰਸਾਲਿਆਂ ਅਤੇ ਮੈਗ਼ਜ਼ੀਨਾਂ ਵਿੱਚ ਵੀ ਉਹ ਚਰਚਾ ਦਾ ਵਿਸ਼ਾ ਬਣੇ ਹੋਏ ਹਨ।ਪਹਿਲੀ ਪਾਤਸ਼ਾਹੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਨਿਨ ਭਗਤ ਅਤੇ ਦਸਾਂ ਨਹੁੰਆਂ ਦੀ ਕਿਰਤ ਕਮਾਈ ਕਰਨ ਵਾਲ਼ੇ ਭਾਈ ਲਾਲੋ ਨੂੰ ਸਮਰਪਿਤ ਇਸ ਸਮਾਗਮ ਵਿੱਚ ਬੋਲਦਿਆਂ ਉਹਨਾਂ ਨੇ ਕਿਹਾ ਕਿ ਕਿਸੇ ਵੀ ਖੇਤਰ ਵਿੱਚ ਕਾਮਯਾਬ ਹੋਣ ਲਈ ਮਿਹਨਤ, ਮੁਸ਼ੱਕਤ ਅਤੇ ਕਿਰਤ ਅਤਿ ਜ਼ਰੂਰੀ ਹੈ। ਇਸ ਮੌਕੇ ਪਬਲਿਕ ਕਾਲਜ ਸਮਾਣਾ ਤੋਂ ਪ੍ਰੋਫੈਸਰ ਮਹਿੰਦਰ ਸਿੰਘ ਜੀ ਵੀ ਉਚੇਚੇ ਤੌਰ ਤੇ ਹਾਜ਼ਰ ਹੋਏ। ਸਮਾਗਮ ਦੀ ਸ਼ੁਰੂਆਤ ਪ੍ਰਸਿੱਧ ਭਾਸ਼ਾ ਵਿਗਿਆਨੀ ਜੰਗ ਸਿੰਘ ਫੱਟੜ ਵੱਲੋਂ ਕੀਤੀ ਗਈ। ਇਸ ਮੌਕੇ ਇੱਕ ਵਿਸ਼ਾਲ ਕਵੀ ਦਰਬਾਰ ਵੀ ਕਰਵਾਇਆ ਗਿਆ ਜਿਸ ਵਿੱਚ ਬਾਲ ਕਲਾਕਾਰਾਂ ਲਕਸ਼ਿਤਾ ਸ਼ਰਮਾ ਅਤੇ ਖੁਸ਼ਲੀਨ ਸ਼ਰਮਾ ਨੇ ਮਾਂ ਦਿਵਸ ਨੂੰ ਸਮਰਪਿਤ ਆਪਣੀਆਂ ਰਚਨਾਵਾਂ ਸੁਣਾਈਆਂ। ਇਹਨਾਂ ਤੋਂ ਬਿਨਾਂ ਸ਼ਸ਼ੀ ਬਾਲਾ,ਮੂਲ ਚੰਦ ਸ਼ਰਮਾ, ਗਿਆਨ ਸਿੰਘ, ਜਗਮੀਤ ਕੌਰ ਬੀਬੜ, ਕਰਨੈਲ ਸਿੰਘ ਬੀਬੜ, ਚਰਨਜੀਤ ਪਟਵਾਰੀ, ਚਰਨਜੀਤ ਸਿੰਘ ਮੀਮਸਾ, ਬਹਾਦਰ ਸਿੰਘ ਧੌਲਾ, ਸਰਬਜੀਤ ਸਿੰਘ ਸੰਗਰੂਰਵੀ, ਪਵਨ ਕੁਮਾਰ ਹੋਸ਼ੀ, ਸਰਬਜੀਤ ਸੰਗਰੂਰਵੀ, ਗੁਰਮੁਖ ਸਿੰਘ ਦਿਲਬਰ, ਅਤੇ ਹਰਵੀਰ ਸਿੰਘ ਬਾਗੀ ਨੇ ਆਪੋ ਆਪਣੀਆਂ ਸੱਜਰੀਆਂ ਰਚਨਾਵਾਂ ਅਤੇ ਵਿਚਾਰਾਂ ਨਾਲ ਹਾਜ਼ਰੀ ਲਗਵਾਈ।

ਜ਼ਿਲ੍ਹਾ ਪ੍ਰਧਾਨ ਮਲੂਕਾ ਵੱਲੋਂ ਚੋਣ ਕਮੇਟੀ ਤੇ ਉਮੀਦਵਾਰਾਂ ਦਾ ਐਲਾਨ

ਭਗਤਾ ਭਾਈ ਕਾ, 11ਮਈ (ਸਵਰਨ ਸਿੰਘ ਭਗਤਾ) :ਨਗਰ ਕੌਂਸਲ ਚੋਣਾਂ ਲਈ ਭਾਜਪਾ ਨੇ ਪਹਿਲ ਕਰਦਿਆਂ ਭਗਤਾ ਭਾਈਕਾ ਨਗਰ ਕੌਂਸਲ ਲਈ ਚੋਣ ਕਮੇਟੀ ਤੇ ਕਈ ਵਾਰਡਾਂ ਲਈ ਪਾਰਟੀ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਜਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਦੀ ਅਗਵਾਈ ਚ ਚੋਣ ਕੁਆਰਡੀਨੇਟਰ ਕੁਲਦੀਪ ਭੰਗੇਵਾਲ ਤੇ ਮੰਡਲ ਪ੍ਰਧਾਨ ਬਬਲੇਸ਼ ਕੁਮਾਰ ਬੋਬੀ ਸਿੰਗਲਾ ਵੱਲੋਂ ਸੀਨੀਅਰ ਆਗੂਆਂ ਤੇ ਵਰਕਰਾਂ ਨਾਲ ਇਸ ਸਬੰਧੀ ਇਕੱਤਰਤਾ ਕੀਤੀ ਗਈ।ਮਲੂਕਾ ਨੇ ਕਿਹਾ ਕੇ ਆਪਸੀ ਸਹਿਮਤੀ ਨਾਲ ਮਿਹਨਤੀ ਇਮਾਨਦਾਰ ਅਤੇ ਜਿੱਤਣ ਦੀ ਸਮਰੱਥਾ ਦੇ ਅਧਾਰ ਤੇ ਹੀ ਉਮੀਦਵਾਰਾਂ ਦੀ ਚੋਣ ਕੀਤੀ ਗਈ ਹੈ ਬਾਕੀ ਰਹਿੰਦੇ ਉਮੀਦਵਾਰ ਵੀ ਜਲਦ ਐਲਾਨ ਦਿੱਤੇ ਜਾਣਗੇ, ਉਮੀਦਵਾਰਾਂ ਤੋਂ ਇਲਾਵਾ ਚੋਣ ਪ੍ਰਚਾਰ ਲਈ ਕਮੇਟੀ ਦਾ ਗਠਨ ਕੀਤਾ ਗਿਆ ਜਿਸ 'ਚ ਕੁਲਦੀਪ ਸਿੰਘ ਭੰਗੇਵਾਲ ਦੇ ਨਾਲ ਬਬਲੇਸ਼ ਕੁਮਾਰ ਗੋਪਾਲ ਕ੍ਰਿਸ਼ਨ, ਸਵੱਪਨ ਸਿੰਘ ਬਿਕਰਮਜੀਤ ਸਿੰਘ ,ਪਵਨ ਕੁਮਾਰ, ਪਰਮਿੰਦਰ ਸਿੰਘ, ਸਾਬਕਾ ਕੌਂਸਲਰ ਹਰਦੇਵ ਸਿੰਘ, ਬਲਤੇਜ ਸਿੰਘ ਕਾਲਾ ਨੂੰ ਜ਼ੁੰਮੇਵਾਰੀ ਸੌਂਪੀ ਗਈ ਹੈ।ਇਸ ਮੌਕੇ ਯੂਥ ਵਿੰਗ ਪ੍ਰਧਾਨ ਜਸਪ੍ਰੀਤ ਸਿੰਘ ਜੱਸਾ, ਮਹਿਲਾ ਵਿੰਗ ਪ੍ਰਧਾਨ ਸੁਖਵਿੰਦਰ ਕੌਰ ਸ਼ੇਰਗੜ੍ਹ ,ਜਰਨਲ ਸਕੱਤਰ ਮੇਜਰ ਸਿੰਘ ਬਰਾੜ ,ਐਸ ਸੀ ਮੋਰਚਾ ਪ੍ਰਧਾਨ ਸਵਰਨ ਸਿੰਘ ਅਤੇ ਜਿਲ੍ਹਾ ਮੀਡੀਆ ਕਨਵੀਨਰ ਰਤਨ ਸ਼ਰਮਾ ਮਲੂਕਾ ਆਦਿ ਵੀ ਹਾਜਰ ਸਨ।

ਲੋਕਾਂ ਦੀ ਸੁਰੱਖਿਆ ਰੱਬ ਆਸਰੇ: ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਲੱਗੇ ਐਕਸਪਾਇਰੀ ਡੇਟਵਾਲੇ ਅੱਗ ਬੁਝਾਊ ਯੰਤਰ

ਬਠਿੰਡਾ, 11 ਮਈ (ਦੀਪਕ ਸ਼ਰਮਾ) :ਬਠਿੰਡਾ ਦਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਇੱਕ ਵਾਰ ਫਿਰ ਵਿਵਾਦਾਂ ਅਤੇ ਸੁਰਖੀਆਂ ਵਿੱਚ ਹੈ। ਇਮਾਰਤ ਦੀ ਸਾਫ਼-ਸਫ਼ਾਈ ਅਤੇ ਲੋਹੇ ਦੇ ਜਾਲ ਚੋਰੀ ਹੋਣ ਦੇ ਚਰਚਿਆਂ ਤੋਂ ਬਾਅਦ ਹੁਣ ਇੱਥੇ ਲੋਕਾਂ ਦੀ ਜਾਨ ਨਾਲ ਖਿਲਵਾੜ ਹੋਣ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਕਰੋੜਾਂ ਰੁਪਏ ਦੀ ਲਾਗਤ ਨਾਲ ਬਣੀ ਇਸ ਆਧੁਨਿਕ ਇਮਾਰਤ ਵਿੱਚ ਲੱਗੇ ਅੱਗ ਬੁਝਾਊ ਯੰਤਰ ਆਪਣੀ ਮਿਆਦ ਪੁਗਾ ਚੁੱਕੇ ਹਨ। ਆਰ.ਟੀ.ਆਈ. ਕਾਰਕੁੰਨ ਸੰਜੀਵ ਗੋਇਲ ਨੇ ਇਸ ਲਾਪ੍ਰਵਾਹੀ ਦਾ ਪਰਦਾਫਾਸ਼ ਕਰਦਿਆਂ ਦੱਸਿਆ ਕਿ ਪ੍ਰਸ਼ਾਸਨ ਲੋਕਾਂ ਦੀਆਂ ਜ਼ਿੰਦਗੀਆਂ ਅਤੇ ਸਰਕਾਰੀ ਰਿਕਾਰਡ ਪ੍ਰਤੀ ਕਿੰਨਾ ਗ਼ੈਰ-ਸੰਜੀਦਾ ਹੈ, ਇਸ ਦਾ ਅੰਦਾਜ਼ਾ ਇਨ੍ਹਾਂ ਐਕਸਪਾਇਰ ਹੋ ਚੁੱਕੇ ਸਿਲੰਡਰਾਂ ਨੂੰ ਦੇਖ ਕੇ ਸਹਿਜੇ ਹੀ ਲਗਾਇਆ ਜਾ ਸਕਦਾ ਹੈ।ਸੰਜੀਵ ਗੋਇਲ ਨੇ ਦੱਸਿਆ ਕਿ ਲੰਘੀ 8 ਮਈ ਨੂੰ ਜਦੋਂ ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗਏ ਤਾਂ ਉਨ੍ਹਾਂ ਦੇਖਿਆ ਕਿ ਕੰਪਲੈਕਸ ਦੀਆਂ ਦੀਵਾਰਾਂ ਤੇ ਟੰਗੇ ਫਾਇਰ ਸੇਫਟੀ ਯੰਤਰਾਂ ਦੀ ਮਿਆਦ ਕਈ ਦਿਨ ਪਹਿਲਾਂ ਹੀ ਖ਼ਤਮ ਹੋ ਚੁੱਕੀ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਸ ਇਮਾਰਤ ਵਿੱਚ ਡਿਪਟੀ ਕਮਿਸ਼ਨਰ, ਡੀ.ਆਈ.ਜੀ. ਰੇਂਜ, ਐਸ.ਐਸ.ਪੀ. ਬਠਿੰਡਾ, ਵਿਜੀਲੈਂਸ ਵਿਭਾਗ, ਐਸ.ਡੀ.ਐਮ., ਤਹਿਸੀਲ, ਖ਼ਜ਼ਾਨਾ ਦਫ਼ਤਰ, ਸਿੱਖਿਆ ਅਤੇ ਜੀ.ਐਸ.ਟੀ. ਵਿਭਾਗ ਸਮੇਤ ਕਈ ਮਹੱਤਵਪੂਰਨ ਦਫ਼ਤਰ ਅਤੇ ਕਈ ਮਾਨਯੋਗ ਅਦਾਲਤਾਂ ਸਥਿਤ ਹਨ। ਇੱਥੇ ਨਾ ਸਿਰਫ਼ ਹਜ਼ਾਰਾਂ ਲੋਕ ਰੋਜ਼ਾਨਾ ਆਉਂਦੇ ਹਨ, ਬਲਕਿ ਬੇਹੱਦ ਕੀਮਤੀ ਸਰਕਾਰੀ ਰਿਕਾਰਡ ਵੀ ਮੌਜੂਦ ਹੈ।ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸੰਜੀਵ ਗੋਇਲ ਵੱਲੋਂ ਮੁੱਖ ਮੰਤਰੀ ਪੰਜਾਬ, ਮੁੱਖ ਸਕੱਤਰ ਅਤੇ ਡਿਪਟੀ ਕਮਿਸ਼ਨਰ ਬਠਿੰਡਾ ਸਮੇਤ ਕਈ ਮੰਤਰੀਆਂ ਤੇ ਉੱਚ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਭੇਜੀ ਗਈ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਸਾਰੇ ਸਰਕਾਰੀ ਭਵਨਾਂ, ਸਕੂਲਾਂ ਅਤੇ ਹਸਪਤਾਲਾਂ ਵਿੱਚ ਲੱਗੇ ਫਾਇਰ ਸੇਫਟੀ ਯੰਤਰਾਂ ਦੀ ਤੁਰੰਤ ਜਾਂਚ ਕਰਵਾਈ ਜਾਵੇ ਅਤੇ ਐਕਸਪਾਇਰ ਹੋ ਚੁੱਕੇ ਸਿਲੰਡਰਾਂ ਨੂੰ ਬਿਨਾਂ ਦੇਰੀ ਰੀਫਿਲ ਕਰਵਾਇਆ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਕਰਮਚਾਰੀਆਂ ਨੂੰ ਇਨ੍ਹਾਂ ਯੰਤਰਾਂ ਨੂੰ ਚਲਾਉਣ ਦੀ ਸਿਖਲਾਈ ਦੇਣ ਦੀ ਵੀ ਮੰਗ ਕੀਤੀ ਹੈ।

ਠੰਡੇ ਪਾਣੀ ਦੀ ਸੇਵਾ ਸ਼ੁਰੂ

ਬਠਿੰਡਾ, 11 ਮਈ: ਜਗਸੀਰ ਭੁੱਲਰ ::ਸਦਭਾਵਨਾ ਵੈਲਫੇਅਰ ਸੁਸਾਇਟੀ ਰਜਿ: ਬਠਿੰਡਾ ਵੱਲੋਂ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ 10 ਮਈ ਦਿਨ ਐਤਵਾਰ ਤੋਂ ਸ਼ਹਿਰ ਵਿੱਚ ਦੋ ਥਾਵਾਂ ਤੇ ਠੰਡੇ ਪਾਣੀ ਦੀ ਸੇਵਾ ਸ਼ੁਰੂ ਕੀਤੀ ਗਈ। ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਪ੍ਰਧਾਨ ਸੁਭਾਸ਼ ਚੰਦਰ ਅਰੋੜਾ ਅਤੇ ਮੀਤ ਪ੍ਰਧਾਨ ਪ੍ਰੇਮ ਭਾਰਤੀ ਨੇ ਦੱਸਿਆ ਕਿ ਉਦਘਾਟਨ ਰੇਲਵੇ ਸਟੇਸ਼ਨ ਨੇੜੇ ਕਰਮਯੋਗੀ ਸਮਾਜ ਸੇਵੀ ਸੁਧੀਰ ਬਾਂਸਲ ਅਤੇ ਲੇਬਰ ਚੌਕ ਵਿਖੇ ਸਮਾਜ ਸੇਵੀ ਵਿੱਕੀ ਕੱਕੜ ਅਤੇ ਦਾਮੋਦਰ ਮਿੱਤਲ ਨੇ ਸਾਂਝੇ ਤੌਰ ਤੇ ਆਪਣੇ ਕਮਲ ਦੇ ਫੁੱਲ ਨਾਲ ਕੀਤਾ। ਉਨ੍ਹਾਂ ਸੁਸਾਇਟੀ ਦੇ ਸੇਵਾ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਸਾਬਕਾ ਕੌਂਸਲਰ ਰਾਜ ਕੁਮਾਰ ਗੋਇਲ, ਸੁਸਾਇਟੀ ਦੇ ਪ੍ਰਧਾਨ ਸੁਭਾਸ਼ ਚੰਦਰ ਅਰੋੜਾ, ਸੀਨੀਅਰ ਮੀਤ ਪ੍ਰਧਾਨ ਪੁਰਸ਼ੋਤਮ ਅਰੋੜਾ, ਮੀਤ ਪ੍ਰਧਾਨ ਪ੍ਰੇਮ ਭਾਰਤੀ ਅਤੇ ਦੇਵ ਰਾਜ ਸਿੰ

ਅੰਜਲੀ ਨੇ 10ਵੀਂ ਬੋਰਡ ਵਿੱਚ 97.38 ਪ੍ਰਤੀਸ਼ਤ ਨਾਲ ਮਾਰੀ ਬਾਜ਼ੀ, ਸੂਬੇ ਵਿੱਚ 12ਵਾਂ ਸਥਾਨ ਹਾਸਲ ਕੀਤਾ

ਬਰਨਾਲਾ, 11 ਮਈ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਕੀਤੇ ਗਏ 10ਵੀਂ ਕਲਾਸ ਦੇ ਨਤੀਜਿਆਂ ਵਿੱਚ ਸਕੂਲ ਆਫ ਐਮੀਨੈਂਸ ਬਰਨਾਲਾ ਦੀ ਹੋਣਹਾਰ ਵਿਦਿਆਰਥਣ ਅੰਜਲੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 650 ਵਿੱਚੋਂ 633 ਅੰਕ ਪ੍ਰਾਪਤ ਕਰਕੇ 97.38 ਫੀਸਦੀ ਨਾਲ ਸੂਬੇ ਭਰ ਵਿੱਚ 12ਵਾਂ ਸਥਾਨ ਹਾਸਲ ਕੀਤਾ ਹੈ। ਅੰਜਲੀ ਦੀ ਇਸ ਵੱਡੀ ਕਾਮਯਾਬੀ ਨਾਲ ਉਸਦੇ ਮਾਤਾ-ਪਿਤਾ ਰਾਜਪਾਲ ਸਿੰਘ ਅਤੇ ਕਿਰਨਦੀਪ ਕੌਰ ਨੇ ਖੁਸ਼ੀ ਜਤਾਈ। ਸਕੂਲ ਪ੍ਰਿੰਸੀਪਲ ਹਰੀਸ਼ ਬਾਂਸਲ ਨੇ ਕਿਹਾ ਕਿ ਅੰਜਲੀ ਦੀ ਲਗਨ, ਮਿਹਨਤ ਅਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਨਾਲ ਇਹ ਮੁਕਾਮ ਸੰਭਵ ਹੋਇਆ ਹੈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ ਸਿੱਖਿਆ) ਸੁਨੀਤਇੰਦਰ ਸਿੰਘ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੰਜਲੀ ਨੇ ਸਿਰਫ ਆਪਣੇ ਮਾਪਿਆਂ ਅਤੇ ਸਕੂਲ ਦਾ ਹੀ ਨਹੀਂ, ਸਗੋਂ ਪੂਰੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਡਾ. ਬਰਜਿੰਦਰਪਾਲ ਸਿੰਘ, ਡਾਕਟਰ ਮੁਨੀਸ਼ ਮੋਹਨ ਸ਼ਰਮਾ, ਡੀਆਰਸੀ ਕਮਲਦੀਪ ਨੇ ਵੀ ਅੰਜਲੀ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਹ ਨਤੀਜਾ ਉਸਦੀ ਲਗਾਤਾਰ ਮਿਹਨਤ ਅਤੇ ਅਧਿਆਪਕਾਂ ਦੀ ਮਾਰਗਦਰਸ਼ਨ ਦਾ ਪਰਿਣਾਮ ਹੈ। ਬਲਾਕ ਨੋਡਲ ਅਫ਼ਸਰ ਹਰਪ੍ਰੀਤ ਕੌਰ, ਸੁਰੇਸ਼ਟਾ ਸ਼ਰਮਾ, ਜਸਵਿੰਦਰ ਸਿੰਘ, ਮੀਡੀਆ ਕੋਆਰਡੀਨੇਟਰ ਹਰਵਿੰਦਰ ਰੋਮੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਹਰ ਖੇਤਰ ਵਿੱਚ ਅੱਗੇ ਵੱਧ ਰਹੇ ਹਨ ਅਤੇ ਅੰਜਲੀ ਦੀ ਇਹ ਪ੍ਰਾਪਤੀ ਇਸ ਗੱਲ ਦਾ ਸਪੱਸ਼ਟ ਉਦਾਹਰਨ ਹੈ।

ਨੰਨ੍ਹੇ ਕਦਮਾਂ ਨੇ ਮਨਾਇਆ ਮਾਂ ਦਿਵਸ, ਸਕੂਲ ਵਿੱਚ ਛਾਇਆ ਉਤਸ਼ਾਹ

ਬਰਨਾਲਾ 11 ਮਈ (ਹਮੀਰ ਸਿੰਘ) : ਵਾਈ ਐਸ ਸਕੂਲ ਬਰਨਾਲਾ ਵਿੱਚ ਤੀਜੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਮਾਤਾ ਦਿਵਸ ਬੜੇ ਹੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੇ ਆਪਣੀਆਂ ਮਾਤਾਵਾਂ ਪ੍ਰਤੀ ਪਿਆਰ ਅਤੇ ਸਤਿਕਾਰ ਪ੍ਰਗਟ ਕਰਨ ਲਈ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ। ਕਾਰਜਕ੍ਰਮ ਦੌਰਾਨ ਮਾਂਵਾਂ ਅਤੇ ਬੱਚਿਆਂ ਵਿਚਕਾਰ ਕਈ ਮਨੋਰੰਜਕ ਖੇਡਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਸਭ ਨੇ ਬੜੇ ਚਾਅ ਨਾਲ ਹਿੱਸਾ ਲਿਆ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਸੁੰਦਰ ਨਾਚ ਅਤੇ ਮਿੱਠੇ ਸੰਗੀਤ ਦੀਆਂ ਪੇਸ਼ਕਾਰੀਆਂ ਨਾਲ ਸਭ ਦਾ ਮਨ ਮੋਹ ਲਿਆ। ਬੱਚਿਆਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਸਮਾਗਮ ਨੂੰ ਹੋਰ ਵੀ ਖਾਸ ਬਣਾ ਦਿੱਤਾ।ਅੰਤ ਵਿੱਚ ਸਕੂਲ ਪ੍ਰਸ਼ਾਸਨ ਵੱਲੋਂ ਸਾਰੀਆਂ ਮਾਤਾਵਾਂ ਦਾ ਸਨਮਾਨ ਕਰਦੇ ਹੋਏ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ।ਇਹ ਸਮਾਗਮ ਸਭ ਲਈ ਇੱਕ ਯਾਦਗਾਰ ਅਨੁਭਵ ਬਣਿਆ, ਜਿਸ ਵਿੱਚ ਖੁਸ਼ੀ, ਪਿਆਰ ਅਤੇ ਆਪਣਾਪਣ ਸਾਫ਼ ਝਲਕਦਾ ਨਜ਼ਰ ਆਇਆ।

ਡੀ.ਸੀ. ਦੀਆਂ ਹਦਾਇਤਾਂ 'ਤੇ ਕਣਕ ਦਾ ਨਾੜ ਸਾੜਨ ਤੋਂ ਰੋਕਣ ਲਈ ਪਿੰਡਾਂ ਵਿੱਚ ਨਿਗਰਾਨੀ ਤੇਜ਼

ਮਹਿਲ ਕਲਾਂ/ ਬਰਨਾਲਾ, 11 ਮਈ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹੇ ਵਿੱਚ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੇ ਰੁਝਾਨ ਨੂੰ ਸਖ਼ਤੀ ਨਾਲ ਨੱਥ ਪਾਉਣ ਲਈ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਪੁਲਿਸ ਅਤੇ ਸਿਵਿਲ ਪ੍ਰਸ਼ਾਸਨ ਦੀਆਂ ਟੀਮਾਂ ਨੂੰ ਵਧੇਰੇ ਮੁਸਤੈਦ ਰਹਿਣ ਅਤੇ ਪਿੰਡਾਂ ਵਿੱਚ ਗਸ਼ਤ ਹੋਰ ਤੇਜ਼ ਕਰਨ ਦੇ ਆਦੇਸ਼ ਦਿੱਤੇ ਹਨ। ਡੀਸੀ ਦੀਆਂ ਹਦਾਇਤਾਂ ਉੱਤੇ ਅਮਲ ਕਰਦਿਆਂ ਸਬ ਡਵੀਜ਼ਨਾਂ ਅੰਦਰ ਐਸਡੀਐਮ ਤੇ ਡੀਐਸਪੀ ਦੀ ਨਿਗਰਾਨੀ ਹੇਠ ਪਿੰਡਾਂ ਵਿੱਚ ਨਿਗਰਾਨੀ ਵਧਾ ਦਿੱਤੀ ਗਈ ਹੈ; ਤਾਂ ਜੋ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਇਸੇ ਤਹਿਤ ਐੱਸ ਡੀ ਐਮ ਮਹਿਲ ਕਲਾਂ ਕ੍ਰਿਤਿਕਾ ਗੋਇਲ ਵਲੋਂ ਚੁਹਾਨਕੇ ਕਲਾਂ ਦਾ ਦੌਰਾ ਕੀਤਾ ਗਿਆ। ਓਹਨਾਂ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਖੇਤ ਵਿੱਚ ਫਸਲਾਂ ਦੀ ਰਹਿੰਦ ਖੂਹੰਦ ਨੂੰ ਅੱਗ ਲਗਾਉਣ ਦੀ ਕਾਰਵਾਈ ਉਨ੍ਹਾਂ ਦੇ ਧਿਆਨ ਵਿੱਚ ਆਉਂਦੀ ਹੈ ਤਾਂ ਤੁਰੰਤ ਇਸ ਬਾਰੇ ਸੂਚਨਾ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਰਹਿੰਦ ਖੂਹੰਦ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਇਲਾਕੇ ਵਿਚ ਫਾਇਰ ਬ੍ਰਿਗੇਡ ਦੇ ਦਸਤੇ ਪੂਰੀ ਤਰ੍ਹਾਂ ਮੁਸਤੈਦ ਹਨ ਅਤੇ ਜਿਵੇਂ ਹੀ ਕਿਸੇ ਖੇਤ ਵਿੱਚ ਅੱਗ ਲੱਗਣ ਦੀ ਸੂਚਨਾ ਪ੍ਰਾਪਤ ਹੁੰਦੀ ਹੈ, ਤਾਂ ਫਾਇਰ ਬ੍ਰਿਗੇਡ ਦੀਆਂ ਟੀਮਾਂ ਤੁਰੰਤ ਮੌਕੇ 'ਤੇ ਪਹੁੰਚ ਕੇ ਅੱਗ ਉੱਤੇ ਕਾਬੂ ਪਾ ਰਹੀਆਂ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੇ ਜਾਨੀ-ਮਾਲੀ ਨੁਕਸਾਨ ਅਤੇ ਵਾਤਾਵਰਣ ਦੇ ਹੋ ਰਹੇ ਪ੍ਰਦੂਸ਼ਨ ਨੂੰ ਫੌਰੀ ਤੌਰ 'ਤੇ ਰੋਕਿਆ ਜਾ ਸਕੇ। ਓਹਨਾਂ ਕਿਸਾਨਾਂ ਨੂੰ ਨਾੜ ਨੂੰ ਸਾੜਨ ਦੀ ਬਜਾਏ ਵਾਤਾਵਰਨ ਪੱਖੀ ਪ੍ਰਬੰਧਨ ਕਰਨ ਦੀ ਅਪੀਲ ਕੀਤੀ।

ਬੀ.ਵੀ.ਐਮ. ਇੰਟਰਨੈਸ਼ਨਲ ਸਕੂਲ ਵਿੱਚ ਨੰਨ੍ਹੇ ਬੱਚਿਆਂ ਨੇ ਮਨਾਇਆ 'ਬਬਲ ਬਲੋਈ ਡੇ'

ਬਰਨਾਲਾ, 11 ਮਈ (ਇਸ਼ੇਨ ਕੰਗ) : ਬੀਵੀਐਮ ਇੰਟਰਨੈਸ਼ਨਲ ਸਕੂਲ ਵਿੱਚ ਪਲੇਵੇ ਅਤੇ ਨਰਸਰੀ ਕਲਾਸ ਦੇ ਨੰਨੇ ਵਿਦਿਆਰਥੀਆਂ ਲਈ 'ਬਬਲ ਬਲੋਈ ਡੇ' ਬੜੇ ਹੀ ਉਤਸ਼ਾਹ, ਰੰਗਤ ਅਤੇ ਖੁਸ਼ਗਵਾਰ ਮਾਹੌਲ ਵਿੱਚ ਮਨਾਇਆ ਗਿਆ। ਇਸ ਵਿਸ਼ੇਸ਼ ਗਤੀਵਿਧੀ ਦੌਰਾਨ ਬੱਚਿਆਂ ਨੇ ਰੰਗ-ਬਿਰੰਗੇ ਬੁਲਬੁਲਿਆਂ ਨਾਲ ਖੇਡਦੇ ਹੋਏ ਖੂਬ ਮੌਜ-ਮਸਤੀ ਕੀਤੀ। ਜਿਵੇਂ ਹੀ ਹਵਾ ਵਿੱਚ ਬੁਲਬੁਲੇ ਉੱਡਦੇ, ਬੱਚੇ ਉਨ੍ਹਾਂ ਨੂੰ ਫੜਨ ਲਈ ਖੁਸ਼ੀ-ਖੁਸ਼ੀ ਦੌੜ ਪੈਂਦੇ। ਸਕੂਲ ਪ੍ਰੰਗਣ ਬੱਚਿਆਂ ਦੀਆਂ ਖਿਲਖਿਲਾਹਟਾਂ ਅਤੇ ਰੌਣਕ ਨਾਲ ਗੂੰਜ ਉਠਿਆ।ਇਸ ਗਤੀਵਿਧੀ ਦਾ ਮਕਸਦ ਬੱਚਿਆਂ ਨੂੰ ਖੇਡ-ਖੇਡ ਵਿੱਚ ਸਿੱਖਣ, ਰਚਨਾਤਮਕਤਾ ਅਤੇ ਸਮੂਹਿਕ ਭਾਗੀਦਾਰੀ ਲਈ ਪ੍ਰੇਰਿਤ ਕਰਨਾ ਸੀ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਆਤਮ ਵਿਸ਼ਵਾਸ, ਧਿਆਨ ਕੇਂਦ੍ਰਿਤ ਕਰਨ ਦੀ ਸਮਰੱਥਾ ਅਤੇ ਸਮਾਜਿਕ ਵਿਕਾਸ ਨੂੰ ਮਜ਼ਬੂਤ ਬਣਾਉਂਦੀਆਂ ਹਨ। ਪ੍ਰਿੰਸੀਪਲ ਨੇ ਦੱਸਿਆ ਕਿ ਛੋਟੇ ਬੱਚਿਆਂ ਲਈ ਸਕੂਲ ਦਾ ਮਾਹੌਲ ਖੁਸ਼ਗਵਾਰ ਅਤੇ ਘਰ ਵਰਗਾ ਹੋਣਾ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਹਰ ਰੋਜ਼ ਖੁਸ਼ੀ ਨਾਲ ਸਕੂਲ ਆਉਣ ਲਈ ਪ੍ਰੇਰਿਤ ਹੋਣ।ਉਨ੍ਹਾਂ ਕਿਹਾ ਕਿ ਜਦੋਂ ਬੱਚੇ ਖੇਡਦੇ ਹਨ, ਉਹ ਸਭ ਤੋਂ ਵੱਧ ਸਿੱਖਦੇ ਹਨ।' ਸਮਾਗਮ ਦੇ ਅੰਤ ਵਿੱਚ ਬੱਚਿਆਂ ਦੇ ਚਿਹਰਿਆਂ 'ਤੇ ਨਜ਼ਰ ਆ ਰਹੀ ਖੁਸ਼ੀ ਅਤੇ ਉਤਸ਼ਾਹ ਨੇ ਇਸ ਦਿਨ ਨੂੰ ਯਾਦਗਾਰ ਬਣਾ ਦਿੱਤਾ।

ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਬਰਨਾਲਾ ਵੱਲੋਂ ਲੋਕ ਸੇਵਾ ਕੈਂਪ ਭਲਕੇ

ਬਰਨਾਲਾ, 11 ਮਈ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਬਰਨਾਲਾ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਦੇ ਨਿਰਦੇਸ਼ਾਂ ਤਹਿਤ ਲੋਕਾਂ ਨੂੰ ਸਿਹਤ ਸੇਵਾਵਾਂ ਅਤੇ ਸਰਕਾਰੀ ਸਕੀਮਾਂ ਦਾ ਲਾਭ ਇੱਕੋ ਥਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ 13 ਮਈ ਨੂੰ ਮੁਫ਼ਤ ਸਿਹਤ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਪਿੰਡ ਕਾਲੇਕੇ (ਧਨੌਲਾ) ਵਿਖੇ ਮੁੱਖ ਗੁਰਦੁਆਰਾ ਸਾਹਿਬ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਲਗਾਇਆ ਜਾਵੇਗਾ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ ਨੇ ਇਥੇ ਆਪਣੇ ਦਫ਼ਤਰ ਵਿੱਚ ਕੈਂਪ ਸਬੰਧੀ ਵੱਖ ਵੱਖ ਵਿਭਾਗਾਂ ਨਾਲ ਮੀਟਿੰਗ ਕਰਦਿਆਂ ਕੀਤਾ। ਓਹਨਾਂ ਦੱਸਿਆ ਕਿ ਕੈਂਪ ਦੌਰਾਨ ਮਾਹਿਰ ਡਾਕਟਰਾਂ ਅਤੇ ਸਿਹਤ ਕਰਮਚਾਰੀਆਂ ਵੱਲੋਂ ਅੱਖਾਂ ਦੀ ਸਕ੍ਰੀਨਿੰਗ, ਜਨਰਲ ਹੈਲਥ ਚੈੱਕਅੱਪ ਅਤੇ ਹੋਰ ਮੁੱਢਲੀਆਂ ਸਿਹਤ ਸੇਵਾਵਾਂ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਲੋੜਵੰਦ ਲੋਕ ਆਪਣੇ ਜ਼ਰੂਰੀ ਦਸਤਾਵੇਜ਼ ਨਾਲ ਲੈ ਕੇ ਆ ਸਕਦੇ ਹਨ ਤਾਂ ਜੋ ਮੌਕੇ 'ਤੇ ਹੀ ਉਨ੍ਹਾਂ ਦੀ ਸਹਾਇਤਾ ਕੀਤੀ ਜਾ ਸਕੇ। ਇਸ ਮੌਕੇ ਸਕੱਤਰ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਸਰਵਣ ਸਿੰਘ ਅਤੇ ਹੋਰ ਅਧਿਕਾਰੀ/ ਕਰਮਚਾਰੀ ਹਾਜ਼ਰ ਸਨ।

ਗੋਬਿੰਦ ਪਬਲਿਕ ਸਕੂਲ ਵਿਖੇ ਨਵੇਂ ਹਾਊਸਾਂ ਦੀ ਚੋਣ ਅਤੇ ਸਹੁੰ ਚੁੱਕ ਸਮਾਗਮ

ਭਦੌੜ, 11 ਮਈ (ਸੁਖਵਿੰਦਰ ਪਲਾਹਾ) : ਗੋਬਿੰਦ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਨਵੇਂ ਸ਼ੈਸ਼ਨ (2026-27) ਲਈ ਹਾਊਸਾਂ (ਐਸਟਰ, ਪ੍ਰਿਮੁਲਾ, ਡੈਫੋਡਿਲ ਅਤੇ ਟਿਊਲਿਪ) ਅਤੇ ਚੁਣੇ ਹੋਏ ਕਾਊਂਸਲ ਮੈਂਬਰਾਂ ਦਾ ਸਹੁੰ ਚੁੱਕ ਸਮਾਗਮ ਬੜੇ ਹੀ ਗੌਰਵਮਈ ਢੰਗ ਨਾਲ ਕਰਵਾਇਆ ਗਿਆ। ਸਕੂਲ ਦੇ ਇਸ ਸਮਾਗਮ ਦੌਰਾਨ ਹਾਊਸ ਇੰਚਾਰਜਾਂ, ਸਕੂਲ ਦੇ ਹੈੱਡ ਬੁਆਏ, ਹੈੱਡ ਗਰਲ, ਹਾਊਸ ਕੈਪਟਨ, ਵਾਈਸ ਕੈਪਟਨ ਅਤੇ ਹੋਰ ਵਿਦਿਆਰਥੀ ਅਹੁਦੇਦਾਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਸਮਾਗਮ ਦੀ ਸ਼ੁਰੂਆਤ ਪਰੇਡ ਨਾਲ ਹੋਈ। ਇਸ ਪਰੇਡ ਵਿੱਚ ਹਾਊਸ ਇੰਚਾਰਜਾਂ, ਸਕੂਲ ਦੇ ਹੈੱਡ ਬੁਆਏ, ਹੈੱਡ ਗਰਲ, ਹਾਊਸ ਕੈਪਟਨ, ਵਾਈਸ ਕੈਪਟਨ ਅਤੇ ਐੱਨ.ਸੀ.ਸੀ ਕੈਡਟਾਂ ਨੇ ਹਿੱਸਾ ਲਿਆ। ਇਸ ਤੋਂ ਬਾਅਦ ਸਕੂਲ ਦੇ ਪ੍ਰਿੰਸੀਪਲ ਸਾਹਿਬਾਨ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਇਮਾਨਦਾਰੀ, ਅਨੁਸ਼ਾਸਨ ਅਤੇ ਸਮਰਪਣ ਨਾਲ ਆਪਣੀਆਂ ਡਿਊਟੀਆਂ ਨਿਭਾਉਣ ਦੀ ਸਹੁੰ ਚੁਕਾਈ। ਇਸ ਮੌਕੇ ਸਕੂਲ ਦੇ ਸਰਪ੍ਰਸਤ ਡਾ. ਦਰਸ਼ਨ ਸਿੰਘ ਗਿੱਲ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਗਿੱਲ ਅਤੇ ਐੱਮ ਡੀ ਰਿਚਾ ਪਨੇਸਰ ਗਿੱਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਐੱਮ ਡੀ ਰਿਚਾ ਪਨੇਸਰ ਗਿੱਲ ਨੇ ਸਾਰੇ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਆਪਣੀ ਡਿਊਟੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਪੀ ਕੇ ਠਾਕੁਰ ਨੇ ਕਿਹਾ ਕਿ ਵਿਦਿਆਰਥੀ ਕੌਂਸਲ ਸਕੂਲ ਦੀ ਅਗਵਾਈ ਦਾ ਮਹੱਤਵਪੂਰਨ ਹਿੱਸਾ ਹੁੰਦੀ ਹੈ ਅਤੇ ਇਹ ਵਿਦਿਆਰਥੀਆਂ ਵਿੱਚ ਅਗਾਂਹਵਧੂ ਗੁਣਾਂ ਨੂੰ ਵਿਕਸਤ ਕਰਨ ਵਿੱਚ ਸਹਾਇਕ ਸਾਬਤ ਹੁੰਦੀ ਹੈ। ਉਨ੍ਹਾਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ। ਸਮਾਗਮ ਦਾ ਸਮਾਪਨ ਰਾਸ਼ਟਰੀ ਗੀਤ ਨਾਲ ਕੀਤਾ ਗਿਆ।

ਸਮਾਜਿਕ ਤਬਦੀਲੀ ਦੇ ਕਾਰਜ ਅੱਗੇ ਵਧਾਉਂਦੇ ਹਨ : ਪ੍ਰੋ. ਜਗਮੋਹਨ ਸਿੰਘ

ਬਰਨਾਲਾ 11 ਮਈ (ਹਮੀਰ ਸਿੰਘ) : ਸਮਾਜਿਕ ਤਬਦੀਲੀ ਦੇ ਵਡੇਰੇ ਅਤੇ ਕੰਡਿਆਲੇ ਰਾਹਾਂ 'ਤੇ ਵਿਗਿਆਨਕ ਤੌਰ 'ਤੇ ਚੇਤੰਨ ਵਿਅਕਤੀ ਹੀ ਤੁਰਨ ਦੀ ਜੁਅਰਤ ਕਰਦੇ ਹਨ। ਤਰਕਸ਼ੀਲ ਭਵਨ ਬਰਨਾਲਾ ਵਿੱਚ ਜੁਝਾਰੂ ਮਰਦ-ਔਰਤਾਂ ਦੇ ਕਾਫ਼ਲਿਆਂ ਨਾਲ ਖ਼ਚਾ ਖ਼ਚ ਭਰੇ ਹਾਲ ਵਿੱਚ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪ੍ਰਧਾਨ ਪ੍ਰੋ ਜਗਮੋਹਨ ਸਿੰਘ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਪ੍ਰੋ. ਜਗਮੋਹਨ ਸਿੰਘ ਨੇ ਇਹ ਵਿਚਾਰ ਜੁਝਾਰੂ ਕਾਫ਼ਲਿਆਂ ਦੀ ਸੰਗੀ ਸਾਥੀ ਪਰਮਜੀਤ ਕੌਰ ਜੋਧਪੁਰ ਦੇ ਸਨਮਾਨ ਸਮਾਰੋਹ ਸਮੇਂ ਪੇਸ਼ ਕੀਤੇ। ਅਜਮੇਰ ਸਿੰਘ ਅਕਲੀਆ, ਇਕਬਾਲ ਕੌਰ ਉਦਾਸੀ ਅਤੇ ਨਰਿੰਦਰ ਪਾਲ ਭਦੌੜ, ਕਿਸਾਨ ਆਗੂਆਂ ਬਲਵੰਤ ਸਿੰਘ ਉੱਪਲੀ, ਚਮਕੌਰ ਸਿੰਘ ਨੈਣੇਵਾਲ ਨਾਲ ਬਿਤਾਏ ਵਿਚਾਰਾਂ ਦੀਆਂ ਯਾਦਾਂ ਦੇ ਗੁਲਦਸਤੇ ਸੰਗ ਰੂਬਰੂ ਹੋਏ। ਅਰਿਹੰਤ ਸਪਿਨਿੰਗ ਮਿਲ ਵਿੱਚ ਕੰਮ ਕਰਨ ਦੇ ਦੌਰਾਨ ਮਜ਼ਦੂਰ ਨੂੰ ਜਥੇਬੰਦ ਕਰਨ ਦਾ ਅਹਿਮ ਕਾਰਜ ਹੱਥ ਲਿਆ। ਵਿਆਹੁਤਾ ਜ਼ਿੰਦਗੀ ਦਾ ਸਫ਼ਰ ਫ਼ੌਜ ਵਿੱਚੋਂ ਬਾਗੀ ਹੋਕੇ ਨਵਾਂ ਸਮਾਜ ਸਿਰਜਣ ਲਈ ਸਰਗਰਮ ਨਕਸਲਬਾੜੀ ਲਹਿਰ ਦੇ ਕੁਲਵਕਤੀ ਯੋਧੇ ਅਮਰਜੀਤ ਸਿੰਘ ਜੋਧਪੁਰੀ ਨਾਲ ਸਮਾਜ ਦੀਆਂ ਪਿਛਾਂਹਖਿੱਚੂ ਕਦਰਾਂ ਕੀਮਤਾਂ ਨੂੰ ਤਜਦਿਆਂ ਸ਼ੁਰੂ ਕੀਤਾ। ਜਮਹੂਰੀ ਅਧਿਕਾਰ ਸਭਾ ਪੰਜਾਬ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ ਵਿੱਚ ਵੱਖ ਵੱਖ ਆਗੂ ਸਫ਼ਾਂ ਵਿੱਚ ਕੰਮ ਕਰਨ ਦਾ ਮਾਣ ਹਾਸਲ ਕੀਤਾ। ਬੁਲਾਰਿਆਂ ਅਮਰਜੀਤ ਕੌਰ, ਪ੍ਰੇਮਪਾਲ ਕੌਰ, ਕਮਲਜੀਤ ਕੌਰ, ਚਰਨਜੀਤ ਕੌਰ, ਸੁਖਵਿੰਦਰ ਕੌਰ, ਮੁਖਤਿਆਰ ਕੌਰ ਨੇ ਕਿਹਾ ਕਿ ਔਰਤਾਂ ਨੂੰ ਸਮਾਜਿਕ, ਆਰਥਿਕ, ਸੱਭਿਆਚਾਰ ਦਾਬੇ ਦੇ ਨਾਲ ਨਾਲ ਮਰਦ ਪ੍ਰਧਾਨ ਦਾਬੇ ਦਾ ਸ਼ਿਕਾਰ ਵੀ ਹੋਣਾ ਪੈਂਦਾ ਹੈ। ਇਸ ਸਮੇਂ ਸਨਮਾਨ ਕਮੇਟੀ ਮੈਂਬਰ ਨਿਰਮਲ ਸਿੰਘ ਚੁਹਾਣਕੇ, ਨਵਕਿਰਨ ਪੱਤੀ ਅਤੇ ਜਗਰਾਜ ਟੱਲੇਵਾਲ ਆਦਿ ਨੇ ਆਪਣੀ ਜ਼ਿੰਮੇਵਾਰੀ ਪੂਰੀ ਸ਼ਿੱਦਤ ਨਾਲ ਨਿਭਾਈ।

ਮਦਰ ਟੀਚਰ ਸਕੂਲ ਵਿੱਚ ਰਾਸ਼ਟਰੀ ਤਕਨਾਲੌਜੀ ਦਿਵਸ ਮਨਾਇਆ

ਬਰਨਾਲਾ, 11 ਮਈ (

ਪਟਿਆਲਾ-ਆਸ/ਪਾਸ

ਦਸਵੀਂ ਜਮਾਤ ਦੇ ਨਤੀਜਿਆਂ 'ਚ ਸਨ ਫਲਾਵਰ ਸਕੂਲ ਦੇ ਵਿਦਿਆਰਥੀ ਛਾਏ

➢ਮੈਰਿਟ ਸੂਚੀ 'ਚ ਤਿੰਨ ਵਿਦਿਆਰਥੀ ਰਹੇ

ਪਟਿਆਲਾ, 11 ਮਈ (ਚ.ਨ.ਸ਼) : ਪਟਿਆਲਾ ਵਿੱਦਿਆ ਦੇ ਖੇਤਰ 'ਚ ਆਪਣੀ ਵਿਲੱਖਣ ਪਛਾਣ ਰੱਖਣ ਵਾਲੇ ਸਨਫਲਾਵਰ ਮਾਡਲ ਹਾਈ ਸਕੂਲ ਪ੍ਰੀਤ ਨਗਰ ਤ੍ਰਿਪੜੀ ਪਟਿਆਲਾ ਦਾ ਦਸਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ, ਜਿਸ ਨੇ ਸਕੂਲ ਦੀ ਮਿਹਨਤ ਅਤੇ ਵਿਦਿਆਰਥੀਆਂ ਦੇ ਸਮਰਪਣ ਦੀ ਇੱਕ ਨਵੀਂ ਇਬਾਰਤ ਲਿਖੀ । ਅੱਜ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਨਤੀਜਿਆਂ ਨੇ ਇਹ ਸਾਬਤ ਕਰ ਦਿੱਤਾ ਕਿ ਜਿੱਥੇ ਅਧਿਆਪਨ ਸਿਰਫ਼ ਇੱਕ ਕਿੱਤਾ ਨਹੀਂ ਸਗੋਂ ਇੱਕ ਇਬਾਦਤ ਹੋਵੇ, ਉੱਥੇ ਸਫਲਤਾ ਖ਼ੁਦ ਕਦਮ ਚੁੰਮਦੀ ਹੈ। ਬੋਰਡ ਮੈਰਿਟ ਸੂਚੀ 'ਚ ਤਿੰਨ ਵਿਦਿਆਰਥੀ, ਜਿਨ੍ਹਾਂ ਵਿਚ ਜੀਵਿਕਾ (ਪੁੱਤਰੀ ਸ਼ਿਵ ਕੁਮਾਰ) 97.08 ਫੀਸਦੀ ਪੰਜਾਬ ਵਿੱਚ 14ਵਾਂ, ਤਾਨੀਆ (ਪੁੱਤਰੀ ਪੰਕਜ ਕੁਮਾਰ) 96.46 ਫੀਸਦੀ ਪੰਜਾਬ ਵਿੱਚ 18ਵਾਂ, ਵੰਸ਼ਿਕਾ (ਪੁੱਤਰੀ ਗਣੇਸ਼ ਕੁਮਾਰ) 96.15 ਫੀਸਦੀ ਪੰਜਾਬ ਵਿੱਚ 20ਵੇਂ ਸਥਾਨ ਪ੍ਰਾਪਤ ਕਰਕੇ ਮੈਰਿਟ ਵਿਚ ਆਏ। ਸਕੂਲ ਵੱਲੋਂ ਬੱਚਿਆਂ ਦੇ ਭਵਿੱਖ ਨੂੰ ਸੰਵਾਰਨ ਲਈ ਕੀਤੀ ਜਾਂਦੀ ਅਣਥੱਕ ਘਾਲਣਾ ਅਤੇ ਵਿਅਕਤੀਗਤ ਧਿਆਨ ਸਦਕਾ ਹੀ ਅੱਜ ਇਹ ਵਿਦਿਆਰਥੀ ਸਫਲਤਾ ਦੇ ਆਕਾਸ਼ ਵਿੱਚ ਚਮਕ ਰਹੇ ਹਨ।ਇਸ ਮੌਕੇ 'ਤੇ ਸਕੂਲ ਪ੍ਰਿੰਸੀਪਲ ਭੁਪਿੰਦਰ ਕੌਰ ਅਤੇ ਚੇਅਰਮੈਨ ਜਤਿੰਦਰ ਸਿੰਘ ਨਰੂਲਾ ਨੇ ਜੇਤੂ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਵਧਾਈ ਦਿੰਦਿਆਂ ਇੱਕ ਪ੍ਰਭਾਵਸ਼ਾਲੀ ਸੰਦੇਸ਼ ਸਾਂਝਾ ਕੀਤਾ।

ਕੁੱਟਮਾਰ ਸਬੰਧੀ ਮਾਮਲਾ ਦਰਜ

ਪਟਿਆਲਾ, 11 ਮਈ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਕੋਲ ਰਮਨਦੀਪ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਜੈਮਲ ਨਗਰ ਚੋਗੀਟੀ ਚੌਕ ਜਲੰਧਰ ਨੇ ਕਥਿਤ ਦੋਸ਼ੀ ਜਸਕਰਨ ਸਿੰਘ ਵਾਸੀ ਬਾਲਪੁਰ ਪੱਟੀ ਪਿੰਡ ਡਕਾਲਾ ਅਤੇ 3-4 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੇ ਦੋਸਤ ਨਾਲ ਕਾਰ ਪਰ ਸਵਾਰ ਹੋ ਕੇ ਫੇਸ-2 ਮਾਰੀਕਟ ਅਰਬਨ ਅਸਟੇਟ ਪਟਿਆਲਾ ਵਿਖੇ ਗਿਆ ਸੀ ਤਾਂ ਕਥਿਤ ਦੋਸ਼ੀ ਜਸਕਰਨ ਸਿੰਘ ਵੀ ਅਣਪਛਾਤੇ ਵਿਅਕਤੀਆਂ ਨਾਲ ਗੱਡੀ ਪਰ ਸਵਾਰ ਹੋ ਕੇ ਆਇਆ ਅਤੇ ਉਸ ਨੂੰ ਘੇਰ ਕੇ ਕੁੱਟਮਾਰ ਕੀਤੀ ਤੇ ਜਬਰਦਸਤੀ ਆਪਣੀ ਗੱਡੀ ਵਿੱਚ ਸੁੱਟ ਕੇ ਪੈਲਸ ਸਾਇਡ ਪਿੰਡ ਵਿੱਚ ਮੋਟਰ ਪਰ ਲੈ ਗਏ, ਜੋ ਫਿਰ ਜਸਕਰਨ ਸਿੰਘ ਨੇ ਰਿਵਾਲਵਰ ਕੱਢ ਕੇ ਉਸ 'ਤੇ ਮੁੱਠੇ ਦਾ ਵਾਰ ਕੀਤਾ ਤੇ ਮੋਟਰ ਪਰ ਬੰਨ ਕੇ ਉਸਦੀ ਕੁੱਟਮਾਰ ਕੀਤੀ ਅਤੇ ਨਗਨ ਹਾਲਤ ਵਿੱਚ ਉਸ ਦੀ ਵੀਡੀਓ ਬਣਾ ਕੇ ਬੱਸ ਸਟੈਂਡ ਪਟਿਆਲਾ ਪਾਸ ਉਤਾਰ ਕੇ ਚਲੇ ਗਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

ਪੰਜਾਬ ਰਾਜ ਐਸ.ਸੀ. ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਦਾ ਦੌਰਾ

ਨਾਭਾ, 11 ਮਈ (ਬਲਜਿੰਦਰ ਮਾਨ/ਚੌਧਰੀਮਾਜਰਾ) : ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਦਾ ਦੌਰਾ ਕੀਤਾ ਅਤੇ ਕੈਦੀਆਂ ਨੂੰ ਜੇਲ੍ਹ ਮੈਨੂਅਲ ਅਨੁਸਾਰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਦਾ ਨਿਰੀਖਣ ਕੀਤਾ।ਇਸ ਮੌਕੇ ਐਸ ਡੀ ਐਮ ਨਾਭਾ ਏ.ਪੀ.ਐਸ ਸੋਮਲ ਅਤੇ ਜੇਲ੍ਹ ਸੁਪਰਡੈਂਟ ਇੰਦਰਜੀਤ ਸਿੰਘ ਕਾਹਲੋਂ ਨੇ ਚੇਅਰਮੈਨ ਗੜ੍ਹੀ ਦਾ ਨਾਭਾ ਪੁੱਜਣ 'ਤੇ ਸਵਾਗਤ ਕੀਤਾ। ਦੌਰੇ ਦੌਰਾਨ, ਚੇਅਰਮੈਨ ਗੜ੍ਹੀ ਨੇ ਜੇਲ੍ਹ ਕੰਪਲੈਕਸ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ ਕੀਤਾ ਅਤੇ ਜੇਲ੍ਹ ਵਿੱਚ ਬੰਦੀਆਂ ਨਾਲ ਗੱਲਬਾਤ ਕੀਤੀ ਤਾਂ ਜੋ ਉਨ੍ਹਾਂ ਦੇ ਰਹਿਣ-ਸਹਿਣ ਦੀਆਂ ਸਥਿਤੀਆਂ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਸੁਣੀਆਂ ਜਾ ਸਕਣ। ਉਨ੍ਹਾਂ ਨੇ ਕੈਦੀਆਂ ਨੂੰ ਦਿੱਤੇ ਜਾ ਰਹੇ ਭੋਜਨ ਪ੍ਰਬੰਧਾਂ, ਸਿਹਤ ਸੰਭਾਲ ਸੇਵਾਵਾਂ, ਸਫਾਈ ਅਤੇ ਹੋਰ ਭਲਾਈ ਉਪਾਵਾਂ ਦਾ ਵੀ ਜਾਇਜ਼ਾ ਲਿਆ।ਇਸ ਦੌਰਾਨ ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਜੇਲ੍ਹਾਂ ਵਿੱਚ ਬੰਦੀਆਂ ਦੇ ਸੁਧਾਰ ਲਈ ਸਾਜਗਾਰ ਮਾਹੌਲ ਬਣਾਉਣ ਲਈ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਉਹ ਬੰਦੀਆਂ ਨੂੰ ਮਿਲਦੀਆਂ ਸਹੂਲਤਾਂ ਦਾ ਜਾਇਜ਼ਾ ਲੈਣ ਲਈ ਸੂਬੇ ਦੀਆਂ ਸਾਰੀਆਂ ਜੇਲ੍ਹਾਂ ਦਾ ਦੌਰਾ ਕਰਨਗੇ ਅਤੇ ਇਸ ਦੀ ਸ਼ੁਰੂਆਤ ਨਾਭਾ ਦੀ ਇਸ ਨਵੀਂ ਜ਼ਿਲ੍ਹਾ ਜੇਲ੍ਹ ਤੋਂ ਕੀਤੀ ਗਈ ਹੈ। ਉਨ੍ਹਾਂ ਨੇ ਜੇਲ੍ਹ ਸੁਪਰਡੈਂਟ ਇੰਦਰਜੀਤ ਸਿੰਘ ਕਾਹਲੋਂ ਤੋਂ ਜੇਲ੍ਹ ਪ੍ਰਬੰਧਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਆਪਣੇ ਦੌਰੇ ਮੌਕੇ ਚੇਅਰਮੈਨ ਗੜ੍ਹੀ ਨੇ ਜੇਲ੍ਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਜੇਲ੍ਹ ਮੈਨੂਅਲ ਦੇ ਉਪਬੰਧਾਂ ਅਨੁਸਾਰ ਕੈਦੀਆਂ ਨੂੰ ਸਾਰੀਆਂ ਸਹੂਲਤਾਂ ਅਤੇ ਕਾਨੂੰਨੀ ਅਧਿਕਾਰ ਪ੍ਰਦਾਨ ਕੀਤੇ ਜਾਣੇ ਯਕੀਨੀ ਬਣਾਉਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੈਦੀਆਂ ਨਾਲ ਕਿਸੇ ਵੀ ਤਰ੍ਹਾਂ ਦਾ ਵਿਤਕਰਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਹਰੇਕ ਕੈਦੀ ਦੇ ਮਾਣ ਅਤੇ ਅਧਿਕਾਰਾਂ ਦੀ ਰੱਖਿਆ ਕੀਤੀ ਜਾਵੇ।ਜੇਲ੍ਹ ਸੁਪਰਡੈਂਟ ਕਾਹਲੋਂ ਨੇ ਚੇਅਰਮੈਨ ਗੜ੍ਹੀ ਨੂੰ ਜੇਲ੍ਹ ਦੇ ਕੰਮਕਾਜ ਅਤੇ ਕੈਦੀਆਂ ਲਈ ਕੀਤੀਆਂ ਜਾ ਰਹੀਆਂ ਵੱਖ-ਵੱਖ ਸੁਧਾਰਾਤਮਕ ਅਤੇ ਭਲਾਈ ਗਤੀਵਿਧੀਆਂ ਬਾਰੇ ਜਾਣੂੰ ਕਰਵਾਇਆ। ਇਸ 'ਤੇ ਚੇਅਰਮੈਨ ਨੇ ਤਸੱਲੀ ਪ੍ਰਗਟਾਈ ਅਤੇ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੇ ਕਿਸੇ ਵੀ ਕਾਰਨ ਕਰਕੇ ਗਲਤੀ ਕੀਤੀ ਹੈ ਤਾਂ ਉਸ ਨੂੰ ਸੁਧਾਰਨ ਲਈ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਬਣਦੇ ਹੱਕ ਮਿਲਦੇ ਰਹਿਣੇ ਚਾਹੀਦੇ ਹਨ। ਇਸ ਮੌਕੇ ਜੇਲ੍ਹ ਦੇ ਡਿਪਟੀ ਸੁਪਰਡੈਂਟ ਹਰਪ੍ਰੀਤ ਸਿੰਘ ਰਾਏ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਜਸਵੀਰ ਕੌਰ, ਤਹਿਸੀਲ ਭਲਾਈ ਅਫ਼ਸਰ ਇਨਾਇਤ ਵਾਲੀਆ ਅਤੇ ਤਹਿਸੀਲਦਾਰ ਬਲਜੀਤ ਸਿੰਘ ਵੀ ਮੌਜੂਦ ਸਨ।

ਧਰਮ ਯੁੱਧ ਟਾਵਰ ਮੋਰਚਾ ਸਮਾਣਾ ਦੀ ਟੀਮ ਦਾ ਵੱਖ-ਵੱਖ ਜੱਥੇਬੰਦੀਆਂ ਵੱਲੋਂ ਸਨਮਾਨ

ਸਮਾਣਾ, 11 ਮਈ (ਹਰਜਿੰਦਰ ਸਿੰਘ ਜਵੰਦਾ) : ਧਰਮ ਯੁੱਧ ਟਾਵਰ ਮੋਰਚਾ ਸਮਾਣਾ ਨਾਲ ਸੰਬੰਧਿਤ ਭਾਈ ਗੁਰਜੀਤ ਸਿੰਘ ਖਾਲਸਾ ਜੀ, ਤਲਵਿੰਦਰ ਸਿੰਘ ਔਲਖ, ਖੁਸ਼ਇੰਦਰ ਸਿੰਘ, ਅਮਿਤੋਜ ਮਾਨ, ਜਗਦੀਪ ਸਿੰਘ ਥਲੀ, ਰੰਮੀ ਸਹਿਗਲ ਅਤੇ ਸਮੁੱਚੀ ਟੀਮ ਨੂੰ ਰਾਮ ਸਿੰਘ ਰਾਣਾ ਗੋਲਡਨ ਹੱਟ ਸਮੇਤ ਕਰੀਬ 35 ਜੱਥੇਬੰਦੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਏ ਸਮਾਗਮ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਮੋਰਚੇ ਨਾਲ ਜੁੜੇ ਸਿੰਘਾਂ ਦੀ ਕੌਮੀ ਸੇਵਾ, ਪੰਥਕ ਜਜ਼ਬੇ ਅਤੇ ਸੰਘਰਸ਼ਮਈ ਯੋਗਦਾਨ ਦੀ ਭਰਪੂਰ ਪ੍ਰਸ਼ੰਸਾ ਕੀਤੀ। ਬੁਲਾਰਿਆਂ ਨੇ ਕਿਹਾ ਕਿ ਅਜਿਹੇ ਸਿੰਘ ਸਿੱਖ ਸਮਾਜ ਅਤੇ ਪੰਥ ਲਈ ਪ੍ਰੇਰਣਾ ਸਰੋਤ ਹਨ, ਜੋ ਹਮੇਸ਼ਾਂ ਕੌਮੀ ਹੱਕਾਂ ਅਤੇ ਸੱਚ ਦੀ ਆਵਾਜ਼ ਲਈ ਡਟ ਕੇ ਖੜ੍ਹਦੇ ਹਨ।ਸਨਮਾਨ ਸਮਾਰੋਹ ਦੌਰਾਨ ਟੀਮ ਮੈਂਬਰਾਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਗਤਾਂ ਵੱਲੋਂ ਪੰਥ ਦੀ ਚੜ੍ਹਦੀ ਕਲਾ ਅਤੇ ਏਕਤਾ ਲਈ ਅਰਦਾਸ ਵੀ ਕੀਤੀ ਗਈ।

ਲੇਖਕ ਆਪਣੀ ਸਿਰਜਣ ਸ਼ਕਤੀ ਨਾਲ਼ ਸੰਕਲਪਾਂ ਨੂੰ ਨਵੀਂ ਪਰਿਭਾਸ਼ਾ ਦਿੰਦਾ ਹੈ : ਡਾ. ਜਗਦੀਪ ਸਿੰਘ

ਪੰਜਾਬੀ ਯੂਨੀਵਰਸਿਟੀ ਵਿਖੇ ਡਾ. ਆਹੂਜਾ ਦੇ ਮਹਾਂਕਾਵਿ 'ਤੇ ਹੋਈ ਵਿਚਾਰ ਗੋਸ਼ਟੀ

ਪਟਿਆਲਾ, 11 ਮਈ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਦੇ ਡੀਨ ਭਾਸ਼ਾਵਾਂ ਦਫ਼ਤਰ ਵੱਲੋਂ ਕਵੀ ਡਾ. ਜਗਦੀਪ ਕੌਰ ਆਹੂਜਾ ਦੇ ਮਹਾਂਕਾਵਿ 'ਕਲਿਜੁਗਿ ਪ੍ਰਮਾਣੁ ਨਾਨਕ ਗੁਰੂ ਦਾ ਲੋਕ ਅਰਪਣ ਕਰਦਿਆਂ ਵਿਚਾਰ ਗੋਸ਼ਟੀ ਸਮਾਗਮ ਕਰਵਾਇਆ ਗਿਆ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਸਾਹਿਬ ਪੂਰੀ ਦੁਨੀਆਂ ਲਈ ਹਮੇਸ਼ਾ ਰਾਹ-ਦਸੇਰਾ ਬਣ ਕੇ ਚੱਲੇ। ਅਸੀਂ ਨਿੱਤ ਉਹਨਾਂ ਦੀ ਬਾਣੀ ਤੋਂ ਊਰਜਾ ਲੈ ਕੇ ਜੀਵਨ ਦੀਆਂ ਗਤੀਵਿਧੀਆਂ ਕਰਦੇ ਹਾਂ। ਉਨ੍ਹਾਂ ਕਿਹਾ ਕਿ ਡਾ. ਆਹੂਜਾ ਵਧਾਈ ਦੀ ਪਾਤਰ ਹੈ ਕਿ ਉਸ ਨੇ ਗੁਰੂ ਸਾਹਿਬ ਦੇ ਹਵਾਲੇ ਨਾਲ਼ ਇਸ ਮਹਾਂਕਾਵਿ ਦਾ ਕਾਰਜ ਸੰਪੰਨ ਕੀਤਾ ਹੈ। ਉਨ੍ਹਾਂ ਕਿਹਾ ਕਿ ਹਰ ਲੇਖਕ ਦੀ ਆਪਣੀ ਸਿਰਜਣ ਸ਼ਕਤੀ ਹੁੰਦੀ ਹੈ ਜਿਸ ਜ਼ਰੀਏ ਉਹ ਸੰਕਲਪਾਂ ਨੂੰ ਨਵੀਂ ਪਰਿਭਾਸ਼ਾ ਦਿੰਦਾ ਹੈ। ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪਹੁੰਚੇ ਸ. ਸਤਬੀਰ ਸਿੰਘ, ਪ੍ਰਧਾਨ, ਵਿਸ਼ਵ ਪੰਜਾਬੀ ਸਾਹਿਤ ਸਭਾ, ਕੈਨੇਡਾ ਨੇ ਕਿਹਾ ਕਿ ਇਸ ਮਹਾਂਕਾਵਿ ਦੀ ਭਾਸ਼ਾ ਬਹੁਤ ਸਰਲ ਅਤੇ ਸਪੱਸ਼ਟ ਹੈ। ਡੀਨ, ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਨੇ ਆਪਣੇ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਦੇ ਪ੍ਰਸਾਰ ਲਈ ਕਾਰਜ ਕਰਦੀ ਹੈ। ਰਜਿਸਟਰਾਰ ਡਾ. ਦਵਿੰਦਰਪਾਲ ਸਿੰਘ ਸਿੱਧੂ ਵੱਲੋਂ ਧੰਨਵਾਦੀ ਭਾਸ਼ਣ ਦਿੱਤਾ ਗਿਆ ਅਤੇ ਡਾ. ਬਲਵਿੰਦਰ ਕੌਰ ਸਿੱਧੂ, ਡੀਨ, ਭਾਸ਼ਾਵਾਂ ਨੇ ਸੁਆਗਤੀ ਸ਼ਬਦ ਸਾਂਝੇ ਕੀਤੇ। ਇਸ ਮੌਕੇ ਡੀਨ ਖੋਜ ਡਾ. ਰਿਤੂ ਲਹਿਲ, ਸਿੱਖ ਵਿਸ਼ਵ ਕੋਸ਼ ਵਿਭਾਗ ਦੇ ਮੁਖੀ ਡਾ. ਪਰਮਵੀਰ ਸਿੰਘ, ਪੰਜਾਬੀ ਭਾਸ਼ਾ ਵਿਕਾਸ ਵਿਭਾਗ ਦੇ ਮੁਖੀ ਡਾ. ਗੁਰਸੇਵਕ ਸਿੰਘ ਲੰਬੀ, ਹਿੰਦੀ ਵਿਭਾਗ ਦੇ ਮੁਖੀ ਡਾ. ਰਜਨੀ, ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਧਰਮਜੀਤ ਸਿੰਘ, ਸੰਸਕ੍ਰਿਤ ਵਿਭਾਗ ਦੇ ਮੁਖੀ ਡਾ. ਪੁਸ਼ਪਿੰਦਰ ਜੋਸ਼ੀ, ਵਿਦੇਸ਼ੀ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਮਯੰਕ ਆਨੰਦ, ਫ਼ਾਰਸੀ, ਉਰਦੂ ਤੇ ਅਰਬੀ ਵਿਭਾਗ ਦੇ ਮੁਖੀ ਡਾ. ਰਹਿਮਾਨ ਅਖ਼ਤਰ, ਭਾਸ਼ਾ ਵਿਗਿਆਨ ਅਤੇ ਪੰਜਾਬੀ ਕੋਸ਼ਕਾਰੀ ਵਿਭਾਗ ਦੇ ਮੁਖੀ ਡਾ. ਹਰਵਿੰਦਰਪਾਲ ਕੌਰ ਤੋਂ ਇਲਾਵਾ ਡਾ. ਪਰਮੀਤ ਕੌਰ, ਡਾ. ਗੁਰਪ੍ਰੀਤ ਕੌਰ, ਡਾ. ਨਵਜੋਤ ਖੋਸਲਾ, ਨਵਾਬ ਸ਼ੇਰ ਮੁਹੰਮਦ ਖ਼ਾਨ ਇੰਸਟੀਚਿਊਟ ਆਫ਼ ਅਡਵਾਂਸਡ ਸਟੱਡੀਜ਼, ਮਲੇਰਕੋਟਲਾ ਤੋਂ ਪ੍ਰੋਫ਼ੈਸਰ ਡਾ. ਰੁਬੀਨਾ ਸ਼ਬਨਮ, ਸ੍ਰੀ ਭਗਵਾਨ ਦਾਸ ਗੁਪਤਾ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਸਕੂਲ ਬਹਿਰ ਸਾਹਿਬ ਵਿਖੇ ਗੱਤਕਾ ਕੈਂਪ ਤੇ ਦਸਤਾਰ ਬੰਦੀ ਮੁਕਾਬਲੇ ਕਰਵਾਏ

ਸਮਾਣਾ, 11 ਮਈ (ਹਰਜਿੰਦਰ ਸਿੰਘ ਜਵੰਦਾ/ਵਿਜੇ ਕੁਮਾਰ) : ਸ੍ਰੀ ਗੁਰੂ ਤੇਗ ਬਹਾਦੁਰ ਸੀਨੀਅਰ ਸੈਕੰਡਰੀ ਸਕੂਲ ਬਹਿਰ ਸਾਹਿਬ ਵਿਖੇ 10 ਦਿਨਾਂ ਗੱਤਕਾ ਕੈਂਪ ਦਾ ਸਮਾਪਨ ਸਮਾਗਮ ਧੂਮਧਾਮ ਨਾਲ ਕਰਵਾਇਆ ਗਿਆ। ਸਮਾਪਤੀ ਮੌਕੇ ਦਸਤਾਰ ਬੰਦੀ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਜਗਮੀਤ ਸਿੰਘ ਹਰਿਆਊ ਨੇ ਸ਼ਿਰਕਤ ਕੀਤੀ। ਉਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਜੇਤੂਆਂ ਨੂੰ ਇਨਾਮ ਵੰਡੇ ਅਤੇ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ, ਗੁਰਬਾਣੀ ਅਤੇ ਗੱਤਕੇ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਬੱਚਿਆਂ ਵਿੱਚ ਅਨੁਸ਼ਾਸਨ, ਆਤਮ ਵਿਸ਼ਵਾਸ ਅਤੇ ਸਿੱਖੀ ਪ੍ਰਤੀ ਲਗਾਵ ਪੈਦਾ ਕਰਦੇ ਹਨ। ਇਸ ਮੌਕੇ ਉਨ੍ਹਾਂ ਬਾਬਾ ਕਾਬਲ ਸਿੰਘ ਕਾਰ ਸੇਵਾ ਵਾਲਿਆਂ, ਸਕੂਲ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ, ਬੇਅੰਤ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਪ੍ਰੀਤ ਸਿੰਘ ਚੋਪੜਾ ਅਤੇ ਸਮੂਹ ਪ੍ਰਬੰਧਕਾਂ ਨੂੰ ਕੈਂਪ ਦੀ ਸਫਲਤਾ ਲਈ ਵਧਾਈ ਦਿੱਤੀ। ਇਸ ਮੌਕੇ ਬੱਚਿਤਰ ਸਿੰਘ ਵੜੈਚ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

ਬੰਗਾਲ ਦੀ ਜਿੱਤ ਦਾ ਅਸਰ ਪੰਜਾਬ 'ਚ ਵੀ ਦਿਖੇਗਾ, 2027 'ਚ ਬਣੇਗੀ ਭਾਜਪਾ ਦੀ ਸਰਕਾਰ: ਪ੍ਰਿੰਸੀਪਲ ਮੋਹਨ ਲਾਲ

ਸਮਾਣਾ, 11 ਮਈ (ਹਰਜਿੰਦਰ ਸਿੰਘ/ਵਿਜੇ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉਘੇ ਸਿੱਖਿਆ ਸ਼ਾਸਤਰੀ ਪ੍ਰਿੰਸੀਪਲ ਮੋਹਨ ਲਾਲ ਨੇ ਅੱਜ ਇੱਕ ਅਹਿਮ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੱਛਮੀ ਬੰਗਾਲ ਵਿੱਚ ਭਾਰਤੀ ਜਨਤਾ ਪਾਰਟੀ ਦੀ ਸ਼ਾਨਦਾਰ ਜਿੱਤ ਦਾ ਸਿੱਧਾ ਅਸਰ ਪੰਜਾਬ ਦੀ ਸਿਆਸਤ 'ਤੇ ਦੇਖਣ ਨੂੰ ਮਿਲੇਗਾ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਅੰਦਰ ਵੀ ਭਾਰਤੀ ਜਨਤਾ ਪਾਰਟੀ ਦੀ ਮਜ਼ਬੂਤ ਸਰਕਾਰ ਬਣੇਗੀ। ਪੱਤਰਕਾਰਾਂ ਨਾਲ ਗੱਲਬਾਤ

ਪਟਿਆਲਾ-ਆਸ/ਪਾਸ

ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਨਗਰ ਕੌਂਸਲ ਸਨੌਰ ਨੂੰ ਮਿਲੇ ਨਵੇਂ ਅਹੁਦੇਦਾਰ

ਯੁਵਰਾਜ ਸਿੰਘ ਸੀਨੀਅਰ ਮੀਤ ਪ੍ਰਧਾਨ ਤੇ ਪਿੰਕੀ ਰਾਣੀ ਮੀਤ ਪ੍ਰਧਾਨ ਬਣੇ

ਦੇਵੀਗੜ੍ਹ , 11 ਮਈ (ਗੁਰਜੀਤ ਸਿੰਘ ਢੋਟ) : ਅੱਜ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਨਗਰ ਕੌਂਸਲ ਸਨੌਰ ਵਿਖੇ ਯੁਵਰਾਜ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਪਿੰਕੀ ਰਾਣੀ ਨੂੰ ਮੀਤ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਪਾਰਟੀ ਆਗੂਆਂ, ਕੌਂਸਲਰਾਂ ਅਤੇ ਵਰਕਰਾਂ ਨੇ ਨਵੇਂ ਅਹੁਦੇਦਾਰਾਂ ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਸਵਾਗਤ ਕੀਤਾ ਅਤੇ ਲੱਡੂ ਵੰਡ ਕੇ ਆਪਣੀ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪ੍ਰਦੀਪ ਜੋਸਨ ਪ੍ਰਧਾਨ ਨਗਰ ਕੌਂਸਲ ਸਨੌਰ ਵਿਸ਼ੇਸ਼ ਰੂਪ ਵਿਚ ਮੌਜੂਦ ਸਨ। ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਸ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਮਿਹਨਤੀ ਅਤੇ ਲੋਕ ਸੇਵਾ ਦੀ ਭਾਵਨਾ ਰੱਖਣ ਵਾਲੇ ਵਰਕਰਾਂ ਦਾ ਸਨਮਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਯੁਵਰਾਜ ਸਿੰਘ ਅਤੇ ਪਿੰਕੀ ਰਾਣੀ ਲੰਬੇ ਸਮੇਂ ਤੋਂ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰ ਰਹੇ ਹਨ। ਸ. ਹਡਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਨੌਰ ਸ਼ਹਿਰ ਦੀ ਨੁਹਾਰ ਬਦਲਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸਫ਼ਾਈ ਪ੍ਰਬੰਧ, ਸੀਵਰੇਜ ਦੀ ਸਮੱਸਿਆ, ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ, ਸੜਕਾਂ ਦੀ ਮੁਰੰਮਤ ਅਤੇ ਸਟਰੀਟ ਲਾਈਟਾਂ ਵਰਗੇ ਅਧੂਰੇ ਪਏ ਕੰਮਾਂ ਨੂੰ ਹੁਣ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇਗਾ। ਨਵੇਂ ਚੁਣੇ ਗਏ ਸੀਨੀਅਰ ਮੀਤ ਪ੍ਰਧਾਨ ਯੁਵਰਾਜ ਸਿੰਘ ਅਤੇ ਮੀਤ ਪ੍ਰਧਾਨ ਪਿੰਕੀ ਰਾਣੀ ਨੇ ਪਾਰਟੀ ਹਾਈਕਮਾਨ ਅਤੇ ਰਣਜੋਧ ਸਿੰਘ ਹਡਾਣਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਚੇਅਰਮੈਨ ਹੈਪੀ ਪਹਾੜੀਪੁਰ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ, ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ, ਬਲਿਹਾਰ ਚੀਮਾ ਪ੍ਰਧਾਨ ਕਿਸਾਨ ਵਿੰਗ, ਰਾਜਾ ਧੰਜੂ (ਸਰਪੰਚ ਸਰੁਸਤੀਗੜ੍ਹ), ਅਵਨੀਤ ਕੌਰ ਐਮ ਸੀ, ਵਿਕਾਸ ਅਟਵਾਲ (ਰਾਮ)ਐਮ ਸੀ, ਸੁਨੀਤਾ ਦੇਵੀ ਐਮ ਸੀ, ਚਰਨਜੀਤ ਸਿੰਘ ਐਮ ਸੀ, ਚਰਨਜੀਤ ਕੌਰ ਐਮ ਸੀ, ਤਰਸੇਮ ਸਿੰਘ ਐਮ ਸੀ, ਬਲਜੀਤ ਸਿੰਘ ਐਮ ਸੀ, ਸਤਨਾਮ ਕੌਰ ਐਮ ਸੀ, ਜਸਵੀਰ ਕੌਰ ਐਮ ਸੀ, ਨਰਿੰਦਰ ਸਿੰਘ ਐਮ ਸੀ, ਅਤੇ ਹੋਰ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਡੀ.ਸੀ. ਨੂੰ ਮੰਗ ਪੱਤਰ ਦਿੱਤਾ

ਪਟਿਆਲਾ, 11 ਮਈ (ਚ.ਨ.ਸ) : ਪੰਜਾਬ ਵਣ ਵਿਭਾਗ ਵਰਕਰਜ਼ ਯੂਨੀਅਨ ਦੇ ਆਗੂਆਂ ਨੇ ਇਕੱਤਰਤਾ ਕਰਕੇ ਸੂਬਾ ਜਨਰਲ ਸਕੱਤਰ ਵੀਰਪਾਲ ਸਿੰਘ ਲੁੰਬਾ ਅਤੇ ਸੂਬਾ ਪ੍ਰਧਾਨ ਬਲਵੀਰ ਸਿੰਘ ਮੰਡੌਲੀ, ਮੀਤ ਪ੍ਰਧਾਨ ਮੇਜਰ ਸਿੰਘ ਬਹੇੜ ਅਤੇ ਹੋਰ ਕੁਲਵੰਤ ਸਿੰਘ ਧੂਹੀ, ਨਾਭਾ ਦੀ ਅਗਵਾਈ ਹੇਠ ਨਾਅਰੇਬਾਜੀ ਕਰਦੇ ਹੋਏ ਦਫਤਰ ਡਿਪਟੀ ਕਮਿਸ਼ਨਰ ਪਟਿਆਲਾ ਰਾਹੀਂ ਇੱਕ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਾਮ 'ਤੇ ਦਿੱਤਾ ਗਿਆ। ਵਿਭਾਗ ਪ੍ਰਤੀ ਸਰਕਾਰ ਦੀ ਸੇਵਾਵਾਂ ਕੇਵਲ ਖਾਨਾ ਪੂਰਤੀ ਹੈ। ਜੰਗਲਾਤ ਦਾ ਰਕਬਾ ਬਹੁਤ ਘਟਿਆ ਹੈ। ਨਜਾਇਜ਼ ਕਬਜ਼ੇ ਬਹੁਤ ਜ਼ਿਆਦਾ ਹੋਏ ਹਨ। ਰੋਸ ਮਾਰਚ ਵਿੱਚ ਹਰਪ੍ਰੀਤ ਸਿੰਘ ਲੌਚਮਾ ਰਾਜਪੁਰਾ, ਚਰਨਜੀਤ ਸਿੰਘ ਸਰਹਿੰਦ, ਗੁਰਜੰਟ ਸਿੰਘ ਫ.ਗ.ਸ., ਰਾਮ ਕਿਸ਼ਨ, ਲਾਜਵੰਤ ਸਮਾਣਾ, ਸਤਨਾਮ ਸਿੰਘ ਬਨੂੰੜ, ਰਾਣੀ, ਬਲਜੀਤ ਨਾਭਾ, ਸੁਖੀ ਪਟਿਆਲਾ, ਬੇਅੰਤ ਸਿੰਘ ਭਾਦਸੋ, ਚਮਕੌਰ ਸਿੰਘ, ਲਾਲ ਸਿੰਘ ਆਦਿ ਹਾਜ਼ਰ ਸਨ।

ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਕੋਚਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਉਪਰਾਲੇ

ਪਟਿਆਲਾ, 11 ਮਈ (ਰੁਪਾਣਾ/ਅਮਰਜੀਤ) : ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਦਫਤਰ ਵਿਖੇ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ ਚਰਨਜੀਤ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਸੂਬੇ ਭਰ ਤੋਂ ਆਏ ਸਾਈਕਲਿੰਗ ਕੋਚਾਂ ਨਾਲ ਇੱਥੇ ਸੂਰਿਆ ਕੰਪਲੈਕਸ ਸਥਿਤ ਦਫ਼ਤਰ ਵਿਖੇ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਕੋਚਾਂ ਨਾਲ ਸਿੱਧੀ ਸੰਵਾਦ ਪ੍ਰਕਿਰਿਆ ਰਾਹੀਂ ਮੈਦਾਨੀ ਪੱਧਰ ਦੀਆਂ ਚੁਣੌਤੀਆਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਹੱਲ ਲਈ ਢੁਕਵੇਂ ਕਦਮ ਚੁੱਕਣੇ ਸੀ। ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ਼੍ਰੀ ਜਗਦੀਪ ਸਿੰਘ ਕਾਹਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਚਾਂ ਤੋਂ ਉਹਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਫੀਡਬੈਕ ਲਈ ਗਈ। ਕੋਚਾਂ ਵੱਲੋਂ ਟ੍ਰੇਨਿੰਗ ਸਹੂਲਤਾਂ, ਉਪਕਰਣਾਂ ਦੀ ਘਾਟ, ਖਿਡਾਰੀਆਂ ਲਈ ਡਾਇਟ ਅਤੇ ਟਰੈਕਾਂ ਦੀ ਸੰਭਾਲ ਸਬੰਧੀ ਮੁੱਦੇ ਉਠਾਏ ਗਏ। ਉਨ੍ਹਾਂ ਨੇ ਦੱਸਿਆ ਕਿ ਮੌਕੇ 'ਤੇ ਹੀ ਵੱਡੀ ਗਿਣਤੀ ਵਿੱਚ ਮੁੱਦਿਆਂ ਦਾ ਹੱਲ ਕਰ ਦਿੱਤਾ ਗਿਆ, ਜਦਕਿ ਬਾਕੀ ਰਹਿੰਦੇ ਮੁੱਦਿਆਂ ਲਈ ਯੋਜਨਾਬੱਧ ਕਾਰਵਾਈ ਤਿਆਰ ਕੀਤੀ ਗਈ ਹੈ। ਇਸ ਮੌਕੇ ਸ਼੍ਰੀ ਕਾਹਲੋਂ ਨੇ ਕੋਚਾਂ ਦੀ ਭੂਮਿਕਾ ਨੂੰ ਸਾਈਕਲਿੰਗ ਖੇਡ ਦਾ ਅਧਾਰ ਦੱਸਦਿਆਂ ਕਿਹਾ ਕਿ ਕੋਚ ਹੀ ਉਹ ਸਤੰਭ ਹਨ, ਜੋ ਖਿਡਾਰੀਆਂ ਨੂੰ ਸੂਬੇ ਤੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੱਕ ਲੈ ਕੇ ਜਾਂਦੇ ਹਨ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਐਸੋਸੀਏਸ਼ਨ ਵੱਲੋਂ ਕੋਚਾਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ ਅਤੇ ਸੂਬੇ ਵਿੱਚ ਸਾਈਕਲਿੰਗ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨ ਕੀਤੇ ਜਾਣਗੇ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਕੋਚਾਂ ਨਾਲ ਇਸ ਤਰ੍ਹਾਂ ਦੀਆਂ ਸੰਵਾਦਾਤਮਕ ਮੀਟਿੰਗਾਂ ਨਿਯਮਿਤ ਅੰਤਰਾਲਾਂ 'ਤੇ ਕਰਵਾਈਆਂ ਜਾਣਗੀਆਂ, ਤਾਂ ਜੋ ਮੈਦਾਨੀ ਪੱਧਰ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਹੋ ਸਕੇ ਅਤੇ ਖਿਡਾਰੀਆਂ ਦੀ ਪ੍ਰਦਰਸ਼ਨਸ਼ੀਲਤਾ ਵਿੱਚ ਨਿਰੰਤਰ ਸੁਧਾਰ ਆ ਸਕੇ। ਅੰਤ ਵਿੱਚ ਸਾਰੇ ਕੋਚਾਂ ਨੇ ਐਸੋਸੀਏਸ਼ਨ ਦੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਭਰੋਸਾ ਦਿੱਤਾ ਕਿ ਉਹ ਸਾਈਕਲਿੰਗ ਖੇਡ ਨੂੰ ਨਵੀਆਂ ਉੱਚਾਈਆਂ 'ਤੇ ਲਿਜਾਣ ਲਈ ਪੂਰੀ ਲਗਨ ਨਾਲ ਕੰਮ ਕਰਨਗੇ।

ਸਰਕਾਰੀ ਸਿਹਤ ਸੰਸਥਾਵਾਂ 'ਚ ਅੱਗ ਸੁਰੱਖਿਆ ਹਫ਼ਤਾ ਮਨਾਇਆ

ਪਟਿਆਲਾ, 11 ਮਈ (ਰੁਪਾਣਾ) : ਸਿਵਲ ਸਿਰਜਨ ਡਾ.ਸ਼ੈਲੀ ਜੈਂਤਲੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪਟਿਆਲਾ ਦੀ ਸਮੂਹ ਸਰਕਾਰੀ ਸਿਹਤ ਸੰਸਥਾਵਾਂ ਵਿਖੇ 4 ਮਈ ਤੋਂ 10 ਮਈ ਤੱਕ ਅੱਗ ਸੁਰੱਖਿਆ ਹਫ਼ਤਾ ਮਨਾਇਆ ਗਿਆ। ਇਸ ਹਫ਼ਤੇ ਦਾ ਮੁੱਖ ਉਦੇਸ਼ ਸਟਾਫ਼ ਅਤੇ ਆਮ ਲੋਕਾਂ ਵਿੱਚ ਅੱਗ ਲੱਗਣ ਸਮੇਂ ਆਪਣੀ ਅਤੇ ਹੋਰਨਾਂ ਦੀ ਜਾਨ ਬਚਾਉਣਾ ਮੰਤਵ ਸੀ, ਤਾਂ ਜੋ ਲੋਕ ਵੱਧ ਤੋਂ ਵੱਧ ਇਸ ਸਬੰਧੀ ਜਾਣੂੰ ਹੋ ਸਕਣ। ਇਸ ਜਾਗਰੂਕਤਾ ਹਫ਼ਤੇ ਦੌਰਾਨ ਫਾਇਰ ਡ੍ਰਿੱਲ, ਅੱਗ ਬੁਝਾਉਣ ਵਾਲੇ ਉਪਕਰਨਾਂ ਦਾ ਪ੍ਰਦਰਸ਼ਨ, ਫਾਇਰ ਸੁਰੱਖਿਆ ਨਿਯਮਾਂ ਬਾਰੇ ਵਰਕਸ਼ਾਪ ਅਤੇ ਜਾਗਰੂਕਤਾ ਮੁਹਿੰਮਾਂ ਵਰਗੀਆਂ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਦੱਸਣਯੋਗ ਹੈ ਕਿ ਅੱਗ ਬਾਲਣ, ਆਕਸੀਜਨ ਅਤੇ ਗਰਮੀ ਨਾਲ ਪੈਦਾ ਹੁੰਦੀ ਹੈ ਅਤੇ ਇਸ ਨੂੰ ਖਤਮ ਕਰਨ ਲਈ ਕਿਸੇ ਇੱਕ ਚੀਜ਼ ਨੂੰ ਹਟਾਉਣਾ ਬਹੁਤ ਜ਼ਰੂਰੀ ਹੈ। ਵੱਖ-ਵੱਖ ਕਿਸਮ ਦੀ ਅੱਗ ਨੂੰ ਬੁਝਾਉਣ ਲਈ ਵੱਖ-ਵੱਖ ਤਰੀਕੇ ਵਰਤਨ ਦੀ ਲੋੜ ਹੁੰਦੀ ਹੈ। ਅੱਗ ਲੱਗਣ ਦਾ ਮੁੱਖ ਕਾਰਨ ਵਿਅਕਤੀ ਵੱਲੋਂ ਵਰਤੀ ਜਾਣ ਵਾਲੀ ਅਣਗਹਿਲੀ ਜਿਵੇਂ ਬਿਸਤਰੇ ਵਿੱਚ ਬੀੜੀ ਸਿਗਰੇਟ ਪੀਣਾ, ਬਿਜਲੀ ਦੀਆਂ ਤਾਰਾਂ ਜਾ ਜੋੜ ਨੰਗੇ ਹੋਣਾ, ਗੈਸ ਸਿਲੰਡਰ ਦੀ ਪਾਈਪ ਦਾ ਲੀਕ ਹੋਣਾ, ਮੋਮਬੱਤੀ ਦਾ ਬਲਦੇ ਰਹਿਣਾ ਆਦਿ ਹੁੰਦੀਆਂ ਹਨ, ਜਿਨ੍ਹਾਂ ਵੱਲ ਖਾਸ ਧਿਆਨ ਦੇਣ ਦੀ ਲੋੜ ਹੁੰਦੀ ਹੈ। ਅੱਗ ਨੂੰ ਰੇਤ, ਪਾਣੀ ਜਾਂ ਅੱਗ ਬੁਝਾਊ ਸਿਲੰਡਰਾਂ ਨਾਲ ਬੁਝਾਇਆ ਜਾਵੇ ਅਤੇ ਪੈਟਰੋਲ, ਬਿਜਲੀ, ਤੇਲ, ਗਰੀਸ ਅਤੇ ਐਲ.ਪੀ.ਜੀ ਦੀ ਅੱਗ 'ਤੇ ਪਾਣੀ ਨਾ ਪਾਇਆ ਜਾਵੇ। ਅੱਗ ਲੱਗਣ ਤੇ ਜ਼ਿਲ੍ਹਾ ਫਾਇਰ ਬ੍ਰਿਗੇਡ ਦੇ ਫੋਨ ਨੰਬਰ 101 'ਤੇ ਸੰਪਰਕ ਕੀਤਾ ਜਾਵੇ ਅਤੇ ਨਾਲ ਹੀ ਆਪਣਾ ਪੂਰਾ ਪਤਾ ਤੇ ਨਾਮ, ਟੈਲੀਫੋਨ ਨੰਬਰ ਦੱਸਿਆ ਜਾਵੇ।

ਭਗਵੰਤ ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਨੇ ਕਿਡਨੀ ਸਟੋਨ ਅਤੇ ਸ਼ੂਗਰ ਨਾਲ ਜੂਝ ਰਹੀ ਪਟਿਆਲਾ ਦੀ ਮਹਿਲਾ ਨੂੰ ਦਿੱਤੀ ਵੱਡੀ ਰਾਹਤ

ਪਟਿਆਲਾ, 11 ਮਈ (ਰੁਪਾਣਾ) : ਪਟਿਆਲਾ ਵਿੱਚ ਜਦੋਂ ਸੂਰਜ ਚੜ੍ਹਦਾ ਸੀ, 46 ਸਾਲਾ ਸੁਨੀਤਾ ਰਾਣੀ ਉਸ ਤੋਂ ਕਈ ਘੰਟੇ ਪਹਿਲਾਂ ਤੋਂ ਹੀ ਜਾਗ ਰਹੀ ਹੁੰਦੀ ਸੀ। ਉਨ੍ਹਾਂ ਲਈ ਨੀਂਦ ਲੈਣਾ ਮੁਸ਼ਕਲ ਹੋ ਗਿਆ ਸੀ। ਕਮਰ ਦੇ ਹੇਠਲੇ ਹਿੱਸੇ ਵਿੱਚ ਲਗਾਤਾਰ ਦਰਦ ਰਹਿੰਦਾ ਸੀ, ਜੋ ਖੜ੍ਹੇ ਹੁੰਦੇ ਹੀ ਸਰੀਰ ਦੇ ਇੱਕ ਪਾਸੇ ਵੱਲ ਤੇਜ਼ੀ ਨਾਲ ਫੈਲ ਜਾਂਦਾ ਸੀ। ਹਰ ਸਵੇਰ ਉਨ੍ਹਾਂ ਦੇ ਪੈਰ ਪਹਿਲਾਂ ਨਾਲੋਂ ਵੱਧ ਸੁੱਜੇ ਹੋਏ ਹੁੰਦੇ ਸਨ ਅਤੇ ਰਸੋਈ ਤੱਕ ਤੁਰਨਾ ਵੀ ਥਕਾਵਟ ਭਰਿਆ ਹੋ ਗਿਆ ਸੀ। ਉਹ ਵਿਚਕਾਰ ਰੁਕ ਜਾਂਦੇ, ਇੱਕ ਹੱਥ ਕੰਧ 'ਤੇ ਅਤੇ ਦੂਜਾ ਪੇਟ 'ਤੇ ਰੱਖ ਕੇ ਦਰਦ ਦੇ ਘਟਣ ਦੀ ਉਡੀਕ ਕਰਦੇ ਸਨ। ਦਰਦ ਦੇ ਬਾਵਜੂਦ ਸੁਨੀਤਾ ਨੇ ਆਪਣੇ ਰੋਜ਼ਾਨਾ ਦੇ ਕੰਮ ਜਾਰੀ ਰੱਖੇ ਅਤੇ ਆਸ ਕਰਦੇ ਰਹੇ ਕਿ ਸਮੱਸਿਆ ਆਪਣੇ ਆਪ ਠੀਕ ਹੋ ਜਾਵੇਗੀ ਪਰ ਜਦੋਂ ਦਰਦ ਅਤੇ ਸੋਜ ਵਧਣ ਲੱਗੀ ਤਾਂ ਪਰਿਵਾਰ ਨੇ ਉਨ੍ਹਾਂ ਨੂੰ ਡਾਕਟਰ ਕੋਲ ਜਾਣ ਲਈ ਕਿਹਾ। ਇਸ ਦੌਰਾਨ ਉਨ੍ਹਾਂ ਨੂੰ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਮਿਲ ਰਹੀਆਂ ਸਹੂਲਤਾਂ ਬਾਰੇ ਪਤਾ ਲੱਗਾ, ਜਿਸ ਤੋਂ ਬਾਅਦ ਉਨ੍ਹਾਂ ਨੇ ਆਪਣੇ ਪਰਿਵਾਰ ਸਮੇਤ ਰਜਿਸਟ੍ਰੇਸ਼ਨ ਕਰਵਾਉਣ ਦਾ ਫੈਸਲਾ ਕੀਤਾ। ਸੁਨੀਤਾ ਨੇ ਤੁਰੰਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਕਰਵਾਇਆ ਅਤੇ ਆਪਣੇ ਪਰਿਵਾਰ ਲਈ ਸਿਹਤ ਕਾਰਡ ਬਣਵਾਇਆ। ਇਲਾਜ ਲਈ ਉਨ੍ਹਾਂ ਨੂੰ ਮਾਤਾ ਕੌਸ਼ੱਲਿਆ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਵਿਸਥਾਰਪੂਰਵਕ ਜਾਂਚ ਤੋਂ ਬਾਅਦ ਪਤਾ ਲਗਾਇਆ ਕਿ ਉਨ੍ਹਾਂ ਦੇ ਯੂਰੇਟਰ ਵਿੱਚ ਕਿਡਨੀ ਸਟੋਨ ਫਸਿਆ ਹੋਇਆ ਹੈ। ਡਾਕਟਰਾਂ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਦੀ ਸ਼ੂਗਰ ਅਤੇ ਗੰਭੀਰ ਸੋਜ ਦਾ ਇਲਾਜ ਕੀਤੇ ਬਿਨਾਂ ਸਰਜਰੀ ਕਰਨਾ ਸੁਰੱਖਿਅਤ ਨਹੀਂ ਹੋਵੇਗਾ। ਆਪਣਾ ਅਨੁਭਵ ਸਾਂਝਾ ਕਰਦਿਆਂ ਸੁਨੀਤਾ ਰਾਣੀ ਨੇ ਕਿਹਾ, 'ਜਦੋਂ ਦਰਦ ਅਸਹਿਣਯੋਗ ਹੋ ਗਿਆ ਤਾਂ ਮੈਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਕਰਵਾਇਆ ਅਤੇ ਆਪਣੇ ਪਰਿਵਾਰ ਦਾ ਸਿਹਤ ਕਾਰਡ ਬਣਵਾਇਆ। ਡਾਕਟਰਾਂ ਨੇ ਜਾਂਚ ਤੋਂ ਬਾਅਦ ਕਿਡਨੀ ਸਟੋਨ ਦੀ ਪੁਸ਼ਟੀ ਕੀਤੀ। ਮੇਰਾ ਸ਼ੂਗਰ ਲੈਵਲ ਬਹੁਤ ਜ਼ਿਆਦਾ ਸੀ ਅਤੇ ਸਰੀਰ ਵਿੱਚ ਕਾਫ਼ੀ ਸੋਜ ਸੀ, ਇਸ ਲਈ ਡਾਕਟਰਾਂ ਨੇ ਪਹਿਲਾਂ ਇਨ੍ਹਾਂ ਦੋਹਾਂ ਸਮੱਸਿਆਵਾਂ ਨੂੰ ਕਾਬੂ ਕਰਨ ਲਈ ਇਲਾਜ ਸ਼ੁਰੂ ਕੀਤਾ।' ਉਨ੍ਹਾਂ ਨੇ ਅੱਗੇ ਕਿਹਾ, 'ਮੈਂ ਨਿਯਮਿਤ ਤੌਰ 'ਤੇ ਹਸਪਤਾਲ ਵਿੱਚ ਚੈਕ-ਅੱਪ ਲਈ ਜਾ ਰਹੀ ਹਾਂ ਅਤੇ ਡਾਕਟਰ ਲਗਾਤਾਰ ਮੇਰੀ ਹਾਲਤ 'ਤੇ ਨਿਗਰਾਨੀ ਰੱਖ ਰਹੇ ਹਨ। ਹੁਣ ਸੋਜ ਘਟ ਗਈ ਹੈ ਅਤੇ ਸ਼ੂਗਰ ਨੂੰ ਕਾਬੂ ਵਿੱਚ ਰੱਖਣ ਲਈ ਮੇਰੀਆਂ ਦਵਾਈਆਂ ਵੀ ਬਦਲ ਦਿੱਤੀਆਂ ਗਈਆਂ ਹਨ।' ਸੁਨੀਤਾ ਰਾਣੀ ਇਸ ਗੱਲ ਤੋਂ ਖੁਸ਼ ਹਨ ਕਿ ਉਨ੍ਹਾਂ ਦਾ ਇਲਾਜ ਕੈਸ਼ਲੈੱਸ ਤਰੀਕੇ ਨਾਲ ਹੋ ਰਿਹਾ ਹੈ। ਉਹ ਕਹਿੰਦੇ ਹਨ,'ਮੈਨੂੰ ਹੋਰ 10 ਦਿਨਾਂ ਦੇ ਕੋਰਸ ਦਾ ਇਲਾਜ ਦਿੱਤਾ ਗਿਆ ਹੈ, ਜਿਸ ਤੋਂ ਬਾਅਦ ਡਾਕਟਰ ਆਪਰੇਸ਼ਨ ਦੀ ਮਿਤੀ ਤੈਅ ਕਰਨਗੇ। ਸ਼ੁਰੂਆਤੀ ਇਲਾਜ ਤੋਂ ਲੈ ਕੇ ਆਉਣ ਵਾਲੇ ਦਿਨਾਂ ਵਿੱਚ ਹੋਣ ਵਾਲੀ ਸਰਜਰੀ ਤੱਕ, ਮੈਨੂੰ ਕਿਸੇ ਵੀ ਤਰ੍ਹਾਂ ਦੀ ਰਕਮ ਅਦਾ ਨਹੀਂ ਕਰਨੀ ਪਵੇਗੀ, ਇਹ ਮੇਰੇ ਲਈ ਬਹੁਤ ਵੱਡੀ ਰਾਹਤ ਅਤੇ ਸਕੂਨ ਦੀ ਗੱਲ ਹੈ।' ਡਾਕਟਰਾਂ ਮੁਤਾਬਕ ਸ਼ੂਗਰ, ਸਰੀਰ ਵਿੱਚ ਪਾਣੀ ਦੀ ਕਮੀ ਅਤੇ ਗੈਰ-ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਕਾਰਨ ਕਿਡਨੀ ਸਟੋਨ ਦੇ ਮਾਮਲਿਆਂ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਚਿਕਿਤਸਾ ਮਾਹਿਰਾਂ ਦਾ ਕਹਿਣਾ ਹੈ ਕਿ ਇਲਾਜ ਵਿੱਚ ਦੇਰੀ ਹੋਣ ਨਾਲ ਗੰਭੀਰ ਇਨਫੈਕਸ਼ਨ ਅਤੇ ਹੋਰ ਜਟਿਲਤਾਵਾਂ ਪੈਦਾ ਹੋ ਸਕਦੀਆਂ ਹਨ। ਇਸ ਲਈ ਸਮੇਂ ਸਿਰ ਜਾਂਚ ਅਤੇ ਡਾਕਟਰੀ ਸਹਾਇਤਾ ਲੈਣਾ ਬਹੁਤ ਜ਼ਰੂਰੀ ਹੈ। ਸੁਨੀਤਾ ਅਤੇ ਉਨ੍ਹਾਂ ਦੇ ਪਰਿਵਾਰ ਲਈ ਮੁੱਖ ਮੰਤਰੀ ਸਿਹਤ ਯੋਜਨਾ ਮੁਸ਼ਕਲ ਸਮੇਂ ਵਿੱਚ ਵੱਡੀ ਰਾਹਤ ਸਾਬਤ ਹੋਈ। ਇਸ ਯੋਜਨਾ ਤਹਿਤ ਉਨ੍ਹਾਂ ਨੂੰ ਤੁਰੰਤ ਰਜਿਸਟ੍ਰੇਸ਼ਨ, ਨਿਯਮਿਤ ਡਾਕਟਰੀ ਨਿਗਰਾਨੀ, ਕਿਫ਼ਾਇਤੀ ਇਲਾਜ ਅਤੇ